**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖ਼ਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551

Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 5 ■ ਅੰਕ 12 ■ 12 ਅਪ੍ਰੈਲ 2026 ■ ਐਤਵਾਰ ■ ਸਫ਼ੇ 6 ■ ਮੁੱਲ 2 ਰੁਪਏ ■ ਸ੍ਰੀ ਮੁਕਤਸਰ ਸਾਹਿਬ

**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ। ਮੋ. 78890-72071

## ਆਨਲਾਈਨ ਇਲਾਜ ਦੇ ਨਾਂ 'ਤੇ ਠੱਗੀ, ਔਰਤ ਨਾਲ ਲੱਖਾਂ ਦੀ ਧੋਖਾਧੜੀ, ਅਣਪਛਾਤੇ ਵਿਰੁੱਧ ਮੁਕੱਦਮਾ ਦਰਜ

**ਸ੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਰਵੀਨਾ ਅਰੋੜਾ)** ਸ੍ਰੀ ਮੁਕਤਸਰ ਸਾਹਿਬ ਵਿੱਚ ਆਨਲਾਈਨ ਇਲਾਜ ਦੇ ਨਾਂ 'ਤੇ ਇਕ ਔਰਤ ਨਾਲ ਲੱਖਾਂ ਰੁਪਏ ਦੀ ਠੱਗੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਾਈਬਰ ਕਰਾਈਮ ਸ੍ਰੀ ਮੁਕਤਸਰ ਸਾਹਿਬ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਮੁਦਈ ਦੀਪਿਕਾ ਕੁੱਬਾ ਵਾਸੀ ਸ੍ਰੀ ਮੁਕਤਸਰ ਸਾਹਿਬ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸਦੇ ਮਾਤਾ-ਪਿਤਾ ਦੀ ਸਿਹਤ ਸਬੰਧੀ ਸਮੱਸਿਆਵਾਂ ਕਾਰਨ ਉਹ ਇਲਾਜ ਲਈ ਜਾਣਕਾਰੀ ਲੱਭ ਰਹੇ ਸਨ। ਇਸ ਦੌਰਾਨ 2 ਅਪ੍ਰੈਲ 2026 ਨੂੰ ਉਸਦੀ ਮਾਤਾ ਨੂੰ ਫੇਸਬੁੱਕ 'ਤੇ ਪਤੰਜਲੀ ਦੇ ਨਾਂ 'ਤੇ ਇੱਕ ਲਿੰਕ ਮਿਲਿਆ, ਜਿਸ 'ਤੇ ਕਲਿੱਕ ਕਰਨ 'ਤੇ ਇੱਕ ਫਾਰਮ ਖੁੱਲਿਆ। ਫਾਰਮ ਭਰਨ ਤੋਂ ਬਾਅਦ ਕੁਝ ਨਾ-ਮਲੂਮ ਨੰਬਰਾਂ ਤੋਂ ਕਾਲਾਂ ਆਉਣ ਲੱਗ ਪਈਆਂ। ਕਾਲ ਕਰਨ ਵਾਲਿਆਂ ਨੇ ਇਲਾਜ ਅਤੇ ਰਹਿਣ ਦੀ ਸਹੂਲਤ ਦੇ ਨਾਂ 'ਤੇ ਪੈਸਿਆਂ ਦੀ ਮੰਗ ਕੀਤੀ। ਮੁਦਈ ਵੱਲੋਂ 4 ਅਪ੍ਰੈਲ ਤੋਂ 7 ਅਪ੍ਰੈਲ 2026 ਤੱਕ ਵੱਖ-ਵੱਖ ਖਾਤਿਆਂ ਰਾਹੀਂ ਗੂਗਲ ਪੇ ਅਤੇ ਯੂ.ਪੀ.ਆਈ ਦੇ ਜ਼ਰੀਏ ਕੁੱਲ ਲੱਖਾਂ ਰੁਪਏ ਟਰਾਂਸਫਰ ਕਰ ਦਿੱਤੇ ਗਏ। ਦੋਸ਼ੀਆਂ ਵੱਲੋਂ ਬਾਅਦ ਵਿੱਚ ਹੋਰ ਰਕਮ ਦੀ ਮੰਗ ਕੀਤੀ ਗਈ, ਜਿਸ 'ਤੇ ਸ਼ੱਕ ਹੋਣ 'ਤੇ ਮੁਦਈ ਨੇ ਪਤੰਜਲੀ ਦੀ ਅਧਿਕਾਰਿਕ ਵੈਬਸਾਈਟ 'ਤੇ ਸੰਪਰਕ ਕੀਤਾ, ਤਾਂ ਪਤਾ ਲੱਗਿਆ ਕਿ ਉਸ ਨਾਲ ਠੱਗੀ ਹੋ ਚੁੱਕੀ ਹੈ। ਪੁਲਿਸ ਵੱਲੋਂ ਸ਼ਿਕਾਇਤ ਦੇ ਆਧਾਰ 'ਤੇ ਨਾ-ਮਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਖੰਨਾ ਪੁਲਿਸ ਵੱਲੋਂ ਸਮਰਾਲਾ 'ਚ ਹੋਈ ਲੁੱਟ ਦੇ ਲੋੜੀਂਦੇ ਮੁਲਜ਼ਮ ਗ੍ਰਿਫਤਾਰ- ਡੀ. ਐਸ. ਪੀ. ਸਮਰਾਲਾ

### ਖੰਨਾ ਤੋਂ ਇਲਾਵਾ ਵੱਖ ਵੱਖ ਥਾਵਾਂ ਤੇ ਲੁੱਟਾਂ ਖੋਹਾਂ ਕਰਨ ਵਾਲੇ ਗਿਰੋਹ ਦੇ ਚਾਰ ਮੁਲਜਮ ਪੁਲਿਸ ਵੱਲੋਂ ਗ੍ਰਿਫਤਾਰ



**ਸਮਰਾਲਾ 11 ਅਪ੍ਰੈਲ (ਹਨੀਸ਼ ਕੌਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਪੁਲਿਸ ਜ਼ਿਲ੍ਹਾ ਖੰਨਾ ਦੇ ਐਸ. ਐਸ. ਪੀ. ਡਾ. ਦਰਪਨ ਆਹਲੂਵਾਲੀਆ ਦੀ ਰਹਿਨੁਮਾਈ ਹੇਠ ਗੈਂਸਟਰਾਂ, ਮਾੜੇ ਆਂਨਸਰਾਂ ਅਤੇ ਲੁੱਟ ਖੋਹ ਕਰਨ ਵਾਲਿਆਂ ਨੂੰ ਕਾਬੂ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ, ਇਸ ਸਬੰਧੀ ਅੱਜ ਡੀ. ਐਸ. ਪੀ. ਸਮਰਾਲਾ ਤਰਲੋਚਨ ਸਿੰਘ ਵੱਲੋਂ ਐਸ. ਐਸ. ਪੀ. ਦਫਤਰ ਖੰਨਾ ਵਿਖੇ ਪ੍ਰੈਸ ਕਾਂਨਫਰੰਸ ਕੀਤੀ ਗਈ, ਜਿਸ ਵਿੱਚ ਦੱਸਿਆ ਕਿ ਥਾਣਾ ਸਮਰਾਲਾ ਵਿਖੇ ਅਮਨਦੀਪ ਕੌਰ ਪੁੱਤਰੀ ਅਮਰਜੀਤ ਸਿੰਘ ਵਾਸੀ ਲੱਲ ਕਲਾਂ, ਥਾਣਾ ਸਮਰਾਲਾ ਦੇ ਬਿਆਨਾਂ ਤੇ ਸਤੰਬਰ 2025 ਵਿੱਚ ਮੁਕੱਦਮਾ ਨੰਬਰ 261 ਥਾਣਾ ਸਮਰਾਲਾ ਵਿਖੇ ਦਰਜ ਕੀਤਾ ਗਿਆ ਸੀ ਜਿਸ ਵਿੱਚ ਮੁਦਈ ਨੇ ਦੱਸਿਆ ਸੀ ਕਿ ਮੈਂ ਆਪਣੀ ਦੋਸਤ ਨਾਲ ਢਿੱਲੋਂ ਮਾਰਕੀਟ ਸਮਰਾਲਾ ਵਿਖੇ ਗਈ ਸੀ, ਜਿੱਥੇ ਦੋ ਨੌਜਵਾਨਾਂ ਵੱਲੋਂ ਮੇਰੀ ਸੋਨੇ ਦੀ ਚੈਨ ਖੋਹ ਕੇ ਲੈ ਗਏ ਸੀ, ਜਿਸ ਪਰ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਕਥਿਤ ਦੋਸ਼ੀਆਂ ਦੀ ਪਹਿਚਾਨ ਕਰਕੇ ਆਸ਼ੂ ਵਾਸੀ ਦਾਨਾ ਮੰਡੀ ਖੰਨਾ ਅਤੇ ਸ਼ਿਵਾ ਉਰਫ ਸ਼ੈਂਟੀ ਉਰਫ ਅਜੇ ਵਾਸੀ ਅਹਿਮਦਗੜ੍ਹ ਹਾਲ ਵਾਸੀ ਸਬਜੀ ਮੰਡੀ ਖੰਨਾ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ। ਖੰਨਾ ਪੁਲਿਸ ਵੱਲੋਂ ਵੱਖ ਵੱਖ ਟੀਮਾਂ ਤਿਆਰ ਕਰਕੇ ਕਥਿਤ ਦੋਸ਼ੀ ਆਸ਼ੂ ਗ੍ਰਿਫਤਾਰ ਕੀਤਾ ਗਿਆ ਸੀ, ਜਦੋਂ ਦੂਜਾ ਦੋਸ਼ੀ ਸ਼ਿਵਾ ਪੁਲਿਸ ਗ੍ਰਿਫਤ ਤੋਂ ਦੂਰ ਸੀ। ਏ. ਆਈ. ਏ. ਸਟਾਫ ਖੰਨਾ ਥਾਣੇਦਾਰ ਪ੍ਰਮੋਦ ਕੁਮਾਰ ਨੇ ਦੂਜੇ ਕਥਿਤ ਦੋਸ਼ੀ ਸ਼ਿਵਾ ਪੁਲਿਸ ਨੂੰ ਲੋੜੀਦਾ ਸੀ ਅਤੇ ਉਸਦੀ ਗ੍ਰਿਫਤਾਰੀ ਬਾਕੀ ਸੀ ਸ਼ਿਵਾ ਕੋਲੋਂ ਪੁੱਛਗਿੱਛ ਦੌਰਾਨ ਗੱਲ ਸਾਹਮਣੇ ਆਈ ਉਨ੍ਹਾਂ ਦਾ ਮੁੱਖ ਕੰਮ ਮੋਟਰਸਾਈਕਲ ਚੋਰੀ ਕਰਨਾ, ਲੁੱਟਾਂ ਖੋਹਾਂ ਕਰਕੇ ਸੋਨੇ ਦੀਆਂ ਚੈਨਾਂ ਅਤੇ ਹੋਰ ਸਮਾਨ ਵੇਚਣ ਵਿੱਚ ਉਸਦਾ ਸਾਥ ਸਾਗਰ ਹਾਲ ਵਾਸੀ ਖੰਨਾ, ਜੈ ਰਾਮ ਹਾਲ ਵਾਸੀ ਮਾਡਲ ਟਾਊਨ ਖੰਨਾ, ਕਾਂਤਾ ਹਾਲ ਵਾਸੀ ਵਿਨੋਦ ਨਗਰ ਸਮਰਾਲਾ ਰੋਡ ਖੰਨਾ ਦੁਆਰਾ ਦਿੱਤਾ ਜਾਂਦਾ ਸੀ। ਜਿਨ੍ਹਾਂ ਤਿੰਨ ਦੋਸ਼ੀਆਂ ਨੂੰ ਇੰਸ: ਜਸ਼ਨਪ੍ਰੀਤ ਸਿੰਘ ਇੰਚਾ. ਸੀ. ਆਈ. ਏ. ਸਟਾਫ ਖੰਨਾ ਨੇ ਨਾਮਜਦ ਕਰਕੇ ਮੁਕੱਦਮੇ ਵਿੱਚ ਗ੍ਰਿਫਤਾਰ ਕੀਤਾ ਹੈ। ਕਥਿਤ ਦੋਸ਼ੀਆਂ ਸ਼ਿਵਾ ਅਤੇ ਸਾਗਰ ਪਾਸੋਂ ਦੋ ਚੋਰੀ ਦੇ ਮੋਟਰ ਸਾਈਕਲ, ਕਾਂਤਾ ਅਤੇ ਜੈ ਰਾਮ ਪਾਸੋਂ ਅਤੇ ਸ਼ਿਵਾ ਕੋਲੋਂ ਖੋਹ ਕੀਤੀ ਇੱਕ ਸੋਨੇ ਦੀ ਚੈਨ ਜੋ ਉਸਨੇ ਉਨ੍ਹਾਂ ਵੇਚਣ ਲਈ ਦਿੱਤੀ ਸੀ, ਬਰਾਮਦ ਕੀਤੀ ਗਈ। ਕਥਿਤ ਦੋਸ਼ੀਆਂ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਲੁੱਟ ਖੋਹ ਕੀਤਾ ਸੋਨੇ ਦਾ ਸਮਾਨ ਚਤਰ ਸੇਮ ਵਾਸੀ ਥਾਨੂੰ ਯੂ. ਪੀ. ਨੂੰ ਵੇਚਦੇ ਸਨ। ਜਿਸਦੀ ਭਾਲ ਜਾਰੀ ਹੈ। ਦੋਸ਼ੀਆਂ ਨੇ ਮੰਨਿਆ ਕਿ ਉਨ੍ਹਾਂ ਦੁਆਰਾ ਖੰਨਾ ਏਰੀਆ, ਹੋਰ ਜ਼ਿਲ੍ਹਿਆਂ ਜਿਵੇਂ ਮੋਹਾਲੀ, ਚੰਡੀਗੜ੍ਹ, ਅਮਲੋਹ, ਮੰਡੀ ਗੋਬਿੰਦਗੜ੍ਹ, ਦਿੱਲੀ, ਹਰਿਆਣਾ ਵਿੱਚ ਚੋਰੀਆਂ, ਲੁੱਟ ਖੋਹ ਦੀਆਂ ਵਾਰਦਾਤਾਂ ਕੀਤੀਆਂ ਹਨ। ਕਥਿਤ ਦੋਸ਼ੀਆਂ ਦਾ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਹੋਰ ਖੁਲਾਸੇ ਹੋਣ ਦੀ ਆਸ ਹੈ।

## ਖਰੀਦ ਕੇਂਦਰਾਂ 'ਤੇ ਕਣਕ ਦੀ ਆਮਦ ਤੇਜ, ਹਾਲੇ ਖਰੀਦ ਨਹੀਂ ਹੋਈ ਸ਼ੁਰੂ



**ਭੀਖੀ, 11ਅਪ੍ਰੈਲ (ਸੰਦੀਪ ਤਾਇਲ)** ਬੇਸ਼ੱਕ ਸਲਾਭੇ ਮੌਸਮ ਕਾਰਨ ਕਣਕ ਦੀ ਕਟਾਈ ਵਿੱਚ ਕੁਝ ਦੇਰੀ ਹੋਣ ਦੇ ਬਾਵਜੂਦ ਮਾਰਕਿਟ ਕਮੇਟੀ ਭੀਖੀ ਅਧੀਨ ਆਉਂਦੇ ਖਰੀਦ ਕੇਂਦਰਾਂ 'ਤੇ ਕਣਕ ਦੀ ਆਮਦ ਤੇਜ ਹੈ ਅਤੇ ਮੁੱਖ ਯਾਰਡ ਭੀਖੀ ਵਿਖੇ ਤਕਰੀਬਨ ਸਾਰੇ ਆੜ੍ਹਤੀਆਂ ਦੀਆਂ ਦੁਕਾਨਾਂ 'ਤੇ ਕਣਕ ਦੀ ਆਮਦ ਹੋਈ ਹੈ ਪ੍ਰੰਤੂ ਕੁਝ ਪ੍ਰਸ਼ਾਸਕੀ ਕਾਰਨਾਂ ਕਾਰਨ ਕਣਕ ਦੀ ਖਰੀਦ ਹਾਲੇ ਤੱਕ ਸ਼ੁਰੂ ਨਹੀ ਹੋਈ ਅਤੇ ਸੰਭਾਵਨਾ ਹੈ ਕਿ ਬੋਲੀ 15 ਅਪ੍ਰੈਲ ਤੋਂ ਬਾਅਦ ਹੀ ਸ਼ੁਰੂ ਹੋਵੇਗੀ। ਸਕੱਤਰ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਕਮੇਟੀ ਪ੍ਰਬੰਧਨ ਵਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਖਰੀਦ ਸ਼ੁਰੂ ਕਰਵਾਉਣ ਲਈ ਖਰੀਦ ਏਜੰਸੀਆਂ ਨਾਲ ਰਾਬਤਾ ਕਾਇਮ ਹੈ। ਵਿਭਾਗੀ ਸੂਤਰਾਂ ਅਨੁਸਾਰ ਕਣਕ ਦੀ ਗੁਣਵੱਤਾ ਨੂੰ ਲੈ ਕੇ ਕੇਂਦਰ ਅਤੇ ਸੂਬੇ ਵਿੱਚ ਪੇਚ ਫਸਿਆ ਹੋਇਆ ਹੈ ਅਤੇ ਕੇਂਦਰੀ ਖੁਰਾਕ ਅਤੇ ਸਪਲਾਈ ਵਿਭਾਗ ਵਲੋਂ ਕਣਕ ਦੀ ਗੁਣਵੱਤਾ ਚੈੱਕ ਕਰਨ ਲਈ ਇੱਕ ਟੀਮ ਦਾ ਵਿਸ਼ੇਸ਼ ਗਠਨ ਕੀਤਾ ਗਿਆ ਹੈ ਅਤੇ ਉਸ ਟੀਮ ਦੀ ਕਾਰਵਾਈ ਦੇ ਉਪਰੰਤ ਹੀ ਵਿਧੀਵਤ ਰੂਪ ਵਿੱਚ ਖਰੀਦ ਸ਼ੁਰੂ ਹੋਵੇਗੀ ਤਦ ਤੱਕ ਕਿਸਾਨਾਂ ਨੂੰ ਮੰਡੀ ਵਿੱਚ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਮੀਦ ਹੈ ਕਿ ਗਠਿਤ ਟੀਮ ਦੀ ਅੱਜ ਜਾ ਕੱਲ ਵਿੱਚ ਮੀਟਿੰਗ ਉਪਰੰਤ ਕਾਰਵਾਈ ਸ਼ੁਰੂ ਹੋ ਸਕਦੀ ਹੈ। ਇਸ ਅਵਸਰ 'ਤੇ ਚੇਅਰਮੈਨ ਮਾ. ਵਰਿੰਦਰ ਸੋਨੀ, ਲੇਖਾਕਾਰ ਪ੍ਰੀਤੀ ਰਾਣੀ, ਜਗਤਾਰ ਸਿੰਘ ਸੋਹੀ, ਵਿਨੋਦ ਸਿੰਗਲਾ, ਗੁਰਵਿੰਦਰ ਸ਼ਰਮਾ, ਬਿਕਰਮਜੀਤ ਸਿੰਘ ਤੋਂ ਇਲਾਵਾ ਖਰੀਦ ਏਜੰਸੀਆਂ ਦੇ ਇੰਸਪੈਕਟਰ ਜਸਪ੍ਰੀਤ ਸਿੰਘ, ਮੰਗਤ ਰਾਏ ਆਦਿ ਕਰਮਚਾਰੀ ਹਾਜਰ ਸਨ।

## ਦੁਕਾਨ ਅੱਗੇ ਨੌਜਵਾਨ 'ਤੇ ਹਮਲਾ, ਪਤਨੀ ਨਾਲ ਵੀ ਬਦਸਲੂਕੀ, ਤਿੰਨ ਖ਼ਿਲਾਫ਼ ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਮਾਲਵਾ ਬਾਣੀ)** ਥਾਣਾ ਬਰੀਵਾਲਾ ਅਧੀਨ ਪੈਂਦੇ ਪਿੰਡ ਵੜਿੰਗ ਵਿੱਚ ਦੁਕਾਨ ਅੱਗੇ ਇਕ ਨੌਜਵਾਨ 'ਤੇ ਹਮਲਾ ਕਰਨ ਅਤੇ ਉਸ ਦੀ ਪਤਨੀ ਨਾਲ ਬਦਸਲੂਕੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਿਸ ਵੱਲੋਂ ਇਸ ਸਬੰਧੀ ਤਿੰਨ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਮਿਲੀ ਜਾਣਕਾਰੀ ਅਨੁਸਾਰ ਰੋਹਤਕ ਕੁਮਾਰ ਵਾਸੀ ਹਰੀਕੇ ਕਲਾਂ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਹ ਪਿੰਡ ਵੜਿੰਗ ਵਿੱਚ ਫਾਸਟ ਫੂਡ ਦੀ ਦੁਕਾਨ 'ਤੇ ਬਰਗਰ ਬਣਾਉਣ ਦਾ ਕੰਮ ਕਰਦਾ ਹੈ ਅਤੇ ਉਸਦੀ ਪਤਨੀ ਨਵਜੋਤ ਕੌਰ ਵੀ ਬੁਟੀਕ ਦੀ ਦੁਕਾਨ ਚਲਾਉਂਦੀ ਹੈ। ਬੀਤੇ ਦਿਨੀਂ ਕਰੀਬ 7:30 ਵਜੇ, ਜਦੋਂ ਉਸਦੀ ਸੱਸ ਹਰਜੀਤ ਕੌਰ ਅਤੇ ਸਾਲੀ ਨਵਦੀਪ ਕੌਰ ਦੁਕਾਨ ਤੋਂ ਬੱਸ ਅੱਡੇ ਵੱਲ ਜਾ ਰਹੀਆਂ ਸਨ, ਤਾਂ ਸੁਖਵਿੰਦਰ ਸਿੰਘ ਉਰਫ ਗੋਰਾ, ਖੁਸ਼ਕਰਨ ਸਿੰਘ ਅਤੇ ਸਤਨਾਮ ਸਿੰਘ ਉਰਫ ਸੱਤੂ ਵਾਸੀ ਵੜਿੰਗ ਨੇ ਉਨ੍ਹਾਂ ਨਾਲ ਗਾਲੀ-ਗਲੋਚ ਕਰਨੀ ਸ਼ੁਰੂ ਕਰ ਦਿੱਤੀ। ਸ਼ਿਕਾਇਤਕਰਤਾ ਅਨੁਸਾਰ ਜਦੋਂ ਉਹ ਅਤੇ ਉਸਦੀ ਪਤਨੀ ਮੌਕੇ 'ਤੇ ਪਹੁੰਚੇ ਅਤੇ ਕਾਰਨ ਪੁੱਛਿਆ ਤਾਂ ਦੋਸ਼ੀਆਂ ਨੇ ਹਮਲਾ ਕਰ ਦਿੱਤਾ। ਸੁਖਵਿੰਦਰ ਸਿੰਘ ਉਰਫ ਗੋਰਾ ਨੇ ਮੋਟਰਸਾਈਕਲ ਦੇ ਸ਼ੌਕਰ ਨਾਲ ਵਾਰ ਕੀਤਾ ਜੋ ਉਸਦੇ ਸਿਰ 'ਤੇ ਲੱਗਾ। ਇਸ ਤੋਂ ਬਾਅਦ ਖੁਸ਼ਕਰਨ ਸਿੰਘ ਨੇ ਵੀ ਸ਼ੌਕਰ ਨਾਲ ਹਮਲਾ ਕੀਤਾ ਜੋ ਉਸਦੀ ਅੱਖ ਦੇ ਨੇੜੇ ਲੱਗਾ, ਜਦਕਿ ਸਤਨਾਮ ਸਿੰਘ ਨੇ ਵੀ ਉਸਨੂੰ ਮਾਰਿਆ। ਹਮਲੇ ਦੌਰਾਨ ਉਸਦੀ ਪਤਨੀ ਨਵਜੋਤ ਕੌਰ ਨਾਲ ਵੀ ਬਦਸਲੂਕੀ ਕਰਦੇ ਹੋਏ ਚਪੇੜਾਂ ਮਾਰੀਆਂ ਗਈਆਂ। ਜ਼ਖ਼ਮੀ ਹਾਲਤ ਵਿੱਚ ਉਸਨੂੰ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿੱਚ ਦਾਖਲ ਕਰਵਾਇਆ ਗਿਆ, ਜਿਥੇ ਉਸਦਾ ਇਲਾਜ ਜਾਰੀ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਇਹ ਹਮਲਾ ਪੁਰਾਣੀ ਰੰਜਿਸ਼ ਕਾਰਨ ਕੀਤਾ ਗਿਆ ਹੈ। ਪੁਲਿਸ ਵੱਲੋਂ ਉਕਤ ਤਿੰਨੋ ਦੋਸ਼ੀਆਂ ਸੁਖਵਿੰਦਰ ਸਿੰਘ ਉਰਫ਼ ਗੋਰਾ, ਖੁਸ਼ਕਰਨ ਸਿੰਘ ਅਤੇ ਸਤਨਾਮ ਸਿੰਘ ਉਰਫ਼ ਸੱਤੂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਨਾਭਾ ਨੇੜਲੇ ਪਿੰਡ ਸੰਗਤਪੁਰਾ 'ਚ ਚੋਰਾਂ ਨੇ ਇੱਕੋ ਰਾਤ 'ਚ 3 ਟਰਾਂਸਫਾਰਮਰ ਕੀਤੇ ਚੋਰੀ

- ਕਿਸਾਨ ਦਰਸ਼ਨ ਸਿੰਘ ਨੇ ਮੁੱਖ ਮੰਤਰੀ ਨੂੰ ਸੁਣਾਈਆਂ ਖਰੀਆਂ ਖਰੀਆਂ
- ਪਿੰਡ ਵਾਸੀਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕੀਤਾ ਜਾਵੇ







**ਨਾਭਾ/ਪਟਿਆਲਾ 11 ਅਪ੍ਰੈਲ (ਅਮਨ ਸਿੱਧੂ ਮੱਲੇਵਾਲ)** ਨਾਭਾ ਪਟਿਆਲਾ ਦੇ ਵਿਚਕਾਰ ਪੈਂਦੇ ਪਿੰਡ ਸੰਗਤਪੁਰਾ ਭੌਂਕੀ ਵਿਖੇ ਉਦੋਂ ਕਿਸਾਨਾਂ ਵਿੱਚ ਹਾਹਾਕਾਰ ਮੱਚ ਗਈ ਜਦੋਂ ਇੱਕੋ ਰਾਤ ਹੀ ਕਿਸਾਨਾਂ ਦੇ ਪਿੰਡ ਸੰਗਤਪੁਰਾ ਭੌਂਕੀ ਵਿਖੇ ਤਿੰਨ ਟਰਾਂਸਫਾਰਮਰ ਇੱਕੋ ਰਾਤ ਵਿੱਚ ਚੋਰਾਂ ਨੇ ਚੋਰੀ ਕਰ ਲਏ ਗਏ। ਪਿੰਡ ਸੰਗਤਪੁਰਾ ਦੇ ਕਿਸਾਨ ਦਰਸ਼ਨ ਸਿੰਘ ਜਦੋਂ ਸਵੇਰੇ ਆਪਣੀਆਂ ਮੱਝਾਂ ਨੂੰ ਹਰਾ-ਚਾਰਾ ਪਾਉਣ ਵਾਸਤੇ ਆਪਣੇ ਖੇਤ ਗਿਆ ਤਾਂ ਉਸਨੇ ਖੇਤ ਜਾ ਕੇ ਦੇਖਿਆ ਕਿ ਟਰਾਂਸਫਾਰਮਰ ਆਲੇ ਦੁਆਲੇ ਖੇਤ ਵਿੱਚ ਖਿਲਰੇ ਪਏ ਸਨ। ਜਦੋਂ ਕਿਸਾਨ ਨੇ ਨੇੜੇ ਜਾ ਕੇ ਵੇਖਿਆ ਤਾਂ 3 ਟਰਾਂਸਫਾਰਮਰਾਂ ਵਿੱਚੋਂ ਸਮਾਨ ਚੋਰੀ ਕੀਤਾ ਹੋਇਆ ਸੀ। ਉਸੇ ਟਾਈਮ ਕਿਸਾਨ ਦਰਸ਼ਨ ਸਿੰਘ ਨੇ ਪਿੰਡ ਵਾਸੀਆਂ ਨੂੰ ਸੂਚਿਤ ਕੀਤਾ ਤਾਂ ਪਿੰਡ ਦੇ ਕਿਸਾਨ ਭਰਾ ਮੌਕੇ ਉੱਤੇ ਚੋਰੀ ਹੋਈ ਜਗਹਾ ਤੇ ਪਹੁੰਚ ਗਏ। ਮੌਕੇ ਤੇ ਪਹੁੰਚੇ ਪਿੰਡ ਵਾਸੀਆਂ ਨੇ ਕਿਹਾ ਕਿ ਕਿਸਾਨ ਤਾਂ ਪਹਿਲਾਂ ਹੀ ਕੁਦਰਤ ਦੀ ਆਫਤ ਦੇ ਮਾਰੇ ਹੋਏ ਹਨ ਉੱਪਰੋਂ ਇਹ ਚੋਰਾਂ ਦੇ ਗਿਰੋਹ ਲਗਾਤਾਰ ਟਰਾਂਸਫਾਰਮਰ ਅਤੇ ਮੋਟਰ ਦੀਆਂ ਕੇਵਲਾਂ ਚੋਰੀ ਕਰਨ ਤੋਂ ਬਾਜ ਨਹੀਂ ਆ ਰਹੇ। ਪਿੰਡ ਦੇ ਕਿਸਾਨਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਇਹਨਾਂ ਉੱਪਰ ਨੱਥ ਪਾਈ ਜਾਵੇ ਤਾਂ ਕਿ ਕਿਸਾਨ ਆਪਣੀ ਫਸਲ ਨੂੰ ਟਾਈਮ ਸਿਰ ਪਾਣੀ ਲਗਾ ਸਕਣ। ਇਕੱਤਰ ਹੋਏ ਪਿੰਡ ਸੰਗਤਪੁਰਾ ਵਾਸੀਆਂ ਨੇ ਕਿਹਾ ਕਿ ਕਿਸਾਨਾਂ ਨੂੰ ਆਪਣੀਆਂ ਪੁੱਤਾਂ ਵਾਂਗ ਪਾਲੀਆਂ ਫਸਲਾਂ ਦਾ ਸਹੀ ਭਾਅ ਨਹੀਂ ਮਿਲਦਾ ਤੇ ਉੱਪਰੋਂ ਵਪਾਰੀ ਵੀ ਕਿਸਾਨਾਂ ਦੀਆਂ ਫਸਲਾਂ ਦਾ ਆਪਣੀ ਮਰਜ਼ੀ ਨਾਲ ਫਸਲ ਦਾ ਭਾਅ ਤੈਅ ਕਰਦੇ ਹਨ ! ਉਂਝ ਆਖਣ ਨੂੰ ਕਿਸਾਨ ਨੂੰ ਦੇਸ਼ ਦਾ ਅੰਨਦਾਤਾ ਕਿਹਾ ਜਾਂਦਾ ਹੈ ਪਰ ਇਸ ਅੰਨਦਾਤੇ ਦੀ ਤਾਂ ਵਿਚਾਰੇ ਦੀ ਚਾਰੇ ਪਾਸੇ ਲੁੱਟ ਹੋ ਰਹੀ ਹੈ। ਪਿੰਡ ਸੰਗਤਪੁਰਾ ਦੇ ਕਿਸਾਨ ਦਰਸ਼ਨ ਸਿੰਘ ਨੇ ਕਿਹਾ ਕਿ ਇਹ ਸਭ ਸਰਕਾਰ ਤੇ ਪ੍ਰਸ਼ਾਸਨ ਦੀ ਮਿਲੀ ਭੁਗਤ ਨਾਲ ਹੋ ਰਿਹਾ ਹੈ ਜੇਕਰ ਪ੍ਰਸ਼ਾਸਨ ਚੋਰਾਂ ਉੱਪਰ ਨੱਥ ਪਾਵੇ ਤਾਂ ਇਹ ਨੌਬਤ ਕਿਸਾਨਾਂ ਨੂੰ ਕਦੇ ਨਾ ਵੇਖਣੀ ਪਵੇ। ਕਿਸਾਨ ਦਰਸ਼ਨ ਸਿੰਘ ਸੰਗਤਪੁਰਾ ਨੇ ਕਿਹਾ ਕਿ ਸਰਕਾਰ ਤੇ ਪ੍ਰਸ਼ਾਸਨ ਕੁੰਭ ਕਰਨੀ ਨੀਂਦ ਸੁੱਤੀ ਪਈ ਹੈ । ਕਿਸਾਨਾਂ ਦੇ ਹਾਲਾਤ ਦਿਨ ਪਰ ਦਿਨ ਬਤ ਤੋਂ ਬਤਰ ਹੁੰਦੇ ਜਾ ਰਹੇ ਹਨ। ਉਨਾ ਸਰਕਾਰ ਤੇ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਇਹਨਾਂ ਚੋਰਾਂ ਉੱਪਰ ਜਲਦ ਤੋਂ ਜਲਦ ਨਕੇਲ ਪਾਈ ਜਾਵੇ ਤਾਂ ਕਿ ਕਿਸਾਨ ਵੀ ਸੁਖ ਦਾ ਸਾਹ ਲੈ ਸਕਣ ਅਤੇ ਆਪਣੀਆਂ ਮੋਟਰਾਂ ਦੀਆਂ ਮਹਿੰਗੇ ਭਾਅ ਦੀਆਂ ਕੇਵਲਾਂ ਆਖਰ ਤੱਕ ਕਿਸਾਨ ਕਿੰਨਾ ਦੇਰ ਤੱਕ ਮਹਿੰਗੇ ਭਾਅ ਦੀਆਂ ਖਰੀਦ-ਖਰੀਦ ਕੇ ਪਾਉਂਦੇ ਰਹਿਣਗੇ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਨੂੰ ਕੀਤੀ ਅਪੀਲ ਕਿ ਕਿਸਾਨ ਤਾਂ ਪਹਿਲਾਂ ਹੀ ਕੁਦਰਤ ਦੀ ਮਾਰ ਝੱਲ ਰਹੇ ਹਨ ਹੁਣ ਚੋਰਾਂ ਨੇ ਕਿਸਾਨਾਂ ਦੇ ਨੱਕ ਵਿੱਚ ਦਮ ਕਰ ਰੱਖਿਆ ਹੈ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਜਲਦ ਤੋਂ ਜਲਦ ਪ੍ਰਸ਼ਾਸਨ ਇਹਨਾਂ ਚੋਰਾਂ ਨੂੰ ਗ੍ਰਿਫਤਾਰ ਕਰੇ ਤਾਂ ਕਿ ਅੱਗੇ ਤੋਂ ਕਿਸੇ ਵੀ ਕਿਸਾਨ ਦਾ ਕੋਈ ਵੀ ਨੁਕਸਾਨ ਨਾ ਹੋਵੇ।

## ਦੋਦਾ ਇੰਡੇਨ ਗੈਸ ਏਜੰਸੀ ਵੱਲੋਂ ਪੰਜ ਦਿਨਾਂ ਤੋਂ ਗੈਸ ਨਾ ਦੇਣ ਖਿਲਾਫ ਭਾਕਿਯੂ ਨੇ ਕੀਤੀ ਸੜਕ ਜਾਮ



**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਭਾਕਿਯੂ ਏਕਤਾ ਉਗਰਾਹਾਂ ਬਲਾਕ ਗਿੱਦੜਬਾਹਾ ਵੱਲੋਂ ਪਿੰਡ ਦੋਦਾ ਵਿਖੇ ਇੰਡੇਨ ਗੈਸ ਸਿਲੰਡਰ ਏਜੰਸੀ ਵੱਲੋਂ ਪੰਜ ਦਿਨਾਂ ਤੋਂ ਗੈਸ ਸਿਲੰਡਰ ਨਾ ਦੇਣ ਖਿਲਾਫ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ, ਬਲਾਕ ਮੀਤ ਪ੍ਰਧਾਨ ਜੋਗਿੰਦਰ ਸਿੰਘ ਬੁੱਟਰ ਸਰੀਂਹ, ਕਮੇਟੀ ਮੈਂਬਰ ਹਰਪਾਲ ਸਿੰਘ ਚੀਮਾ ਧੂਲਕੋਟ ਦੀ ਅਗਵਾਈ ਹੇਠ 12 ਤੇ 1 ਵਜੇ ਤੱਕ ਬਠਿੰਡਾ-ਮੁਕਤਸਰ ਸੜਕ ਤੇ ਸੜਕੀ ਆਵਾਜਾਈ ਠੱਪ ਰੱਖੀ ਗਈ। ਇਸ ਮੌਕੇ ਭਾਕਿਯੂ ਵੱਲੋਂ ਪੰਜਾਬ ਸਰਕਾਰ ਤੇ ਇੰਡੇਨ ਗੈਸ ਅਧਿਕਾਰੀਆਂ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਕਿਹਾ ਅਮਰੀਕਾ-ਇਜ਼ਰਾਇਲ-ਇਰਾਨ ਜੰਗ ਦੇ ਬਹਾਨੇ ਅਤੇ ਪੰਜਾਬ ਸਰਕਾਰ ਦੀ ਬੇਰੁੱਖੀ ਕਾਰਨ ਸਾਰੀਆਂ ਗੈਸ ਏਜੰਸੀਆਂ ਲੋਕਾਂ ਨਾਲ ਖਿਲਵਾੜ ਕਰ ਰਹੀਆਂ ਹਨ। ਪਿੰਡ ਦੋਦਾ ਵਿਖੇ ਇੰਡੇਨ ਗੈਸ ਸਿਲੰਡਰ ਏਜੰਸੀ ਵਾਲੇ ਸ਼ਰੇਆਮ ਪੰਜ ਦਿਨਾਂ ਤੋਂ ਔਰਤਾਂ ਸਮੇਤ ਵੱਡੀ ਗਿਣਤੀ ਲੋਕਾਂ ਨੂੰ ਸਿਲੰਡਰ ਲੈਣ ਲਈ ਖਜਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੈਸ ਏਜੰਸੀ ਵਾਲੇ ਛੋਟੇ ਉਪਭੋਗਤਾ ਨੂੰ ਉਨ੍ਹਾਂ ਦੀ ਬਣਦੀ ਗੈਸ ਸਪਲਾਈ ਨਾ ਦੇ ਕੇ ਸਗੋਂ ਉਨ੍ਹਾਂ ਦੇ ਸਿਲੰਡਰਾਂ ਦੀ ਕਾਲਾਬਾਜਾਰੀ ਕਰਕੇ ਖਪਤਕਾਰਾਂ ਦਾ ਸ਼ੋਸ਼ਣ ਕਰ ਰਹੇ ਹਨ, ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੜਕੀ ਆਵਾਜਾਈ ਠੱਪ ਹੋਣ ਉਪਰੰਤ ਥਾਣਾ ਕੋਟਭਾਈ ਦੀ ਐੱਸਐੱਚਓ ਦੀਪਿਕਾ ਕੰਬੋਜ ਅਤੇ ਪੁਲਿਸ ਚੌਂਕੀ ਦੋਦਾ ਦੇ ਇੰਚਾਰਜ ਜਸਵਿੰਦਰ ਸਿੰਘ ਮੌਕੇ ਤੇ ਪੁੱਜੇ। ਉੱਧਰ ਸੰਬੰਧਤ ਇੰਡੇਨ ਗੈਸ ਏਜੰਸੀ ਦੇ ਸੰਚਾਲਕਾ ਨੇ ਲੋਕਾਂ ਨੂੰ ਵਿਸ਼ਵਾਸ਼ ਦਿਵਾਇਆ ਕਿ ਐਤਵਾਰ ਨੂੰ ਜਿਨ੍ਹਾਂ ਕੋਲ ਕੱਟੀਆਂ ਪਰਚੀਆਂ ਜਾਂ ਓਟੀਪੀ ਹੋਣਗੇ ਉਨ੍ਹਾਂ ਨੂੰ ਪਹਿਲ ਦੇ ਆਧਾਰ ਤੇ ਗੈਸ ਸਿਲੰਡਰ ਦਿੱਤੇ ਜਾਣਗੇ। ਇਸ ਮੌਕੇ ਭਾਕਿਯੂ ਏਕਤਾ ਉਗਰਾਹਾਂ ਦੇ ਕਿਸਾਨ ਆਗੂ ਬਿੱਟੂ ਸਿੰਘ ਮੱਲਣ, ਨੱਥੂ ਸਿੰਘ ਢਿੱਲੋਂ, ਰੇਸ਼ਮ ਸਿੰਘ ਮੱਲਣ, ਰਣਜੀਤ ਸਿੰਘ ਦੋਦਾ ਆਦਿ ਵੱਡੀ ਗਿਣਤੀ ਕਿਸਾਨ ਮਜ਼ਦੂਰ ਔਰਤਾਂ ਵੀ ਮੌਜੂਦ ਸਨ।

## ਭਵਾਨੀਗੜ੍ਹ ਟਰੱਕ ਯੂਨੀਅਨ ਦਾ ਵਿਵਾਦ ਸੁਲਝਿਆ, ਸੱਤ ਮੈਂਬਰੀ ਕਮੇਟੀ ਸੰਭਾਲੇਗੀ ਕਮਾਨ





**ਭਵਾਨੀਗੜ੍ਹ, 11ਅਪ੍ਰੈਲ (ਰਾਜ ਖੁਰਮੀ):** ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਟਰੱਕ ਯੂਨੀਅਨ ਓਪਰੇਟਰਜ਼ ਐਸੋਸੀਏਸ਼ਨ ਭਵਾਨੀਗੜ੍ਹ ਵਿੱਚ ਕਾਫ਼ੀ ਸਮੇਂ ਤੋਂ ਚੱਲ ਰਿਹਾ ਵਿਵਾਦ ਅਖ਼ੀਰਕਾਰ ਸੁਲਝ ਗਿਆ ਹੈ। ਅੱਜ ਹੋਈ ਵਿਸ਼ੇਸ਼ ਬੈਠਕ ਦੌਰਾਨ ਸਾਬਕਾ ਪ੍ਰਧਾਨ ਜਤਿੰਦਰ ਸਿੰਘ ਵਿੱਕੀ ਬਾਜਵਾ ਵੱਲੋਂ ਟਰੱਕ ਆਪਰੇਟਰਾਂ ਸਾਹਮਣੇ ਪੂਰੇ ਮਾਮਲੇ ਦੀ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ ਅਤੇ ਸਲਾਨਾ ਹਿਸਾਬ-ਕਿਤਾਬ ਨੂੰ ਵੀ ਪੂਰੀ ਤਰ੍ਹਾਂ ਸਪੱਸ਼ਟ ਕੀਤਾ ਗਿਆ।ਮੀਟਿੰਗ ਦੌਰਾਨ ਮੌਜੂਦਾ ਪ੍ਰਧਾਨ ਅਤੇ ਕਮੇਟੀ ਦਾ ਕਾਰਜਕਾਲ ਖਤਮ ਹੋਣ ਤੋਂ ਬਾਅਦ, ਸਾਰੇ ਉਮੀਦਵਾਰਾਂ ਅਤੇ ਟਰੱਕ ਆਪਰੇਟਰਾਂ ਦੀ ਸਹਿਮਤੀ ਨਾਲ ਅਗਲੇ ਕਾਰਜਕਾਲ ਲਈ ਇੱਕ ਸਾਂਝੀ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਇਸ ਕਮੇਟੀ ਨੂੰ ਯੂਨੀਅਨ ਦੇ ਪ੍ਰਸ਼ਾਸਨਿਕ ਅਤੇ ਵਿੱਤੀ ਮਾਮਲਿਆਂ ਦੀ ਪੂਰੀ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਮੌਕੇ ਸਾਬਕਾ ਪ੍ਰਧਾਨ ਰਣਜੀਤ ਸਿੰਘ ਤੂਰ, ਵਿਪਨ ਕੁਮਾਰ ਅਤੇ ਗੁਰਤੇਜ ਸਿੰਘ ਝਨੇੜੀ ਨੇ ਦੱਸਿਆ ਕਿ ਯੂਨੀਅਨ ਦੇ ਹਿਸਾਬ-ਕਿਤਾਬ ਵਿੱਚ ਪਾਰਦਰਸ਼ਤਾ ਬਣਾਈ ਰੱਖਣ ਲਈ ਇਹ ਫੈਸਲਾ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਮੈਂਬਰ ਜੇਕਰ ਯੂਨੀਅਨ ਦੇ ਵਿੱਤੀ ਵੇਰਵਿਆਂ ਬਾਰੇ ਜਾਣਕਾਰੀ ਲੈਣਾ ਚਾਹੁੰਦਾ ਹੈ, ਤਾਂ ਉਹ ਕਮੇਟੀ ਨਾਲ ਸੰਪਰਕ ਕਰ ਸਕਦਾ ਹੈ।ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਯੂਨੀਅਨ ਦੀਆਂ ਅਗਲੀਆਂ ਚੋਣਾਂ ਦੀ ਤਰੀਕ ਜਲਦ ਹੀ, ਸੰਭਵਤ: ਇੱਕ-ਦੋ ਦਿਨਾਂ ਵਿੱਚ ਐਲਾਨੀ ਜਾਵੇਗੀ। ਇਸ ਦੌਰਾਨ ਯੂਨੀਅਨ ਦੀ ਸਾਰੀ ਸ਼ਕਤੀ ਅਤੇ ਜ਼ਿੰਮੇਵਾਰੀ ਇਸ ਸੱਤ ਮੈਂਬਰੀ ਕਮੇਟੀ ਕੋਲ ਰਹੇਗੀ। ਮੀਟਿੰਗ ਵਿੱਚ ਮੌਜੂਦ ਮੈਂਬਰਾਂ ਨੇ ਇਸ ਫੈਸਲੇ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ ਅਤੇ ਉਮੀਦ ਜਤਾਈ ਕਿ ਇਸ ਨਾਲ ਯੂਨੀਅਨ ਦੇ ਕੰਮਕਾਜ ਵਿੱਚ ਸੁਧਾਰ ਅਤੇ ਭਰੋਸੇ ਵਿੱਚ ਵਾਧਾ ਹੋਵੇਗਾ। ਇਸ ਮੌਕੇ ਲਵਲੀ ਕਾਕੜਾ, ਰਣਜੀਤ ਸਿੰਘ ਕਾਲਾ, ਨਿਰਭੈ ਸਿੰਘ ਤੂਰ, ਲਖਵਿੰਦਰ ਸਿੰਘ ਲੱਖਾ, ਮਾਲਵਿੰਦਰ ਸਿੰਘ ਮਾਲਾ, ਗੁਰਪ੍ਰੀਤ ਸਿੰਘ ਬਾਲਦ ਕਲਾਂ, ਹਰਜੀਤ ਸਿੰਘ ਤੂਰ ਬੀਟਾ, ਸਮੇਤ ਹੋਰ ਟਰੱਕ ਵੀ ਓਪਰੇਟਰ ਡਰਾਈਵਰ ਆਗੂ ਆਦਿ ਹਾਜ਼ਰ ਸਨ।

## 80 ਗ੍ਰਾਮ ਅਫੀਮ ਸਮੇਤ ਇਕ ਕਾਬੂ, ਮਾਮਲਾ ਦਰਜ


**ਸ੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਮਾਲਵਾ ਬਾਣੀ)** ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਵੱਲੋਂ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 80 ਗ੍ਰਾਮ ਅਫੀਮ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਥਾਣੇਦਾਰ ਜਸਵੀਰ ਸਿੰਘ ਸਮੇਤ ਪੁਲਿਸ ਪਾਰਟੀ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਇਲਾਕੇ ਵਿੱਚ ਗਸ਼ਤ ਕਰ ਰਹੇ ਸਨ। ਇਸ ਦੌਰਾਨ ਇੱਕ ਸ਼ੱਕੀ ਵਿਅਕਤੀ ਨੂੰ ਰੋਕ ਕੇ ਉਸਦੀ ਤਲਾਸ਼ੀ ਲਈ ਗਈ। ਤਲਾਸ਼ੀ ਦੌਰਾਨ ਉਸਦੀ ਜੀਨ ਦੀ ਪੈਂਟ ਦੀ ਖੱਬੀ ਜੇਬ ਵਿੱਚੋਂ 120 ਰੁਪਏ ਭਾਰਤੀ ਕਰੰਸੀ ਬਰਾਮਦ ਹੋਈ, ਜਦਕਿ ਸੱਜੀ ਜੇਬ ਵਿੱਚੋਂ ਇੱਕ ਪਾਰਦਰਸ਼ੀ ਮੋਮੀ ਲਿਫਾਫੇ ਵਿੱਚ 80 ਗ੍ਰਾਮ ਅਫੀਮ ਬਰਾਮਦ ਹੋਈ, ਜਿਸਨੂੰ ਪੁਲਿਸ ਵੱਲੋਂ ਕਬਜ਼ੇ ਵਿੱਚ ਲੈ ਲਿਆ ਗਿਆ। ਦੋਸ਼ੀ ਦੀ ਪਛਾਣ ਗੁਰਮੇਜ ਸਿੰਘ ਵਾਸੀ ਸੋਹਣਗੜ੍ਹ ਰੱਤੇਵਾਲਾ ਜ਼ਿਲ੍ਹਾ ਫਿਰੋਜ਼ਪੁਰ, ਹਾਲ ਅਬਾਦ ਕਬਰਵਾਲਾ ਰੋਡ ਸ੍ਰੀ ਮੁਕਤਸਰ ਸਾਹਿਬ ਵਜੋਂ ਹੋਈ ਹੈ। ਪੁਲਿਸ ਵੱਲੋਂ ਦੋਸ਼ੀ ਖ਼ਿਲਾਫ਼ ਐਨ.ਡੀ.ਪੀ.ਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## 250 ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ, ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਮਾਲਵਾ ਬਾਣੀ)** ਥਾਣਾ ਸਦਰ ਸ੍ਰੀ ਮੁਕਤਸਰ ਸਾਹਿਬ ਦੀ ਪੁਲਿਸ ਵੱਲੋਂ ਗਸ਼ਤ ਦੌਰਾਨ ਇੱਕ ਨੌਜਵਾਨ ਨੂੰ 250 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਹੌਲਦਾਰ ਗੁਰਜੋਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਦੌਰਾਨ ਪਿੰਡ ਗੋਨਿਆਣਾ ਤੋਂ ਭੰਗਚੜੀ ਲਿੰਕ ਰੋਡ 'ਤੇ ਸੇਮ ਨਾਲੇ ਕੋਲ ਪਹੁੰਚੇ ਤਾਂ ਇੱਕ ਸ਼ੱਕੀ ਵਿਅਕਤੀ ਹੱਥ ਵਿੱਚ ਕਾਲੇ ਰੰਗ ਦਾ ਮੋਮੀ ਲਿਫਾਫਾ ਫੜੇ ਖੜਾ ਦਿੱਸਿਆ। ਪੁਲਿਸ ਨੂੰ ਦੇਖਦੇ ਹੀ ਉਸ ਵਿਅਕਤੀ ਨੇ ਲਿਫਾਫਾ ਥੱਲੇ ਸੁੱਟ ਦਿੱਤਾ ਅਤੇ ਉਥੋਂ ਖਿਸਕਣ ਦੀ ਕੋਸ਼ਿਸ਼ ਕੀਤੀ, ਪਰ ਪੁਲਿਸ ਪਾਰਟੀ ਨੇ ਤੁਰੰਤ ਕਾਰਵਾਈ ਕਰਦੇ ਹੋਏ ਉਸਨੂੰ ਕਾਬੂ ਕਰ ਲਿਆ। ਪੁੱਛਗਿੱਛ ਦੌਰਾਨ ਉਸਨੇ ਆਪਣੀ ਪਛਾਣ ਜਗਸੀਰ ਸਿੰਘ ਉਰਫ ਸੀਰਾ ਵਾਸੀ ਪਿੰਡ ਗੁਲਾਬੇਵਾਲਾ ਵਜੋਂ ਦੱਸੀ। ਤਲਾਸ਼ੀ ਦੌਰਾਨ ਉਸਦੇ ਪਾਸੋਂ 250 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਪੁਲਿਸ ਵੱਲੋਂ ਦੋਸ਼ੀ ਖ਼ਿਲਾਫ਼ ਐਨ.ਡੀ.ਪੀ.ਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਦੀ ਕਾਰਵਾਈ, ਪਿਛਲੇ 26 ਦਿਨਾਂ ਦੌਰਾਨ ਨਸ਼ਿਆਂ ਖ਼ਿਲਾਫ਼ 127 ਮੁਕਦਮੇ ਦਰਜ, 187 ਦੋਸ਼ੀ ਕਾਬੂ

**ਸ੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਰਵੀਨਾ ਅਰੋੜਾ)** ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਵੱਲੋਂ ਨਸ਼ਿਆਂ ਖ਼ਿਲਾਫ਼ ਚਲਾਈ ਜਾ ਰਹੀ ਰਾਜ ਪੱਧਰੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ ਤਹਿਤ, ਐਸ.ਐਸ.ਪੀ. ਸ੍ਰੀ ਮੁਕਤਸਰ ਸਾਹਿਬ ਅਭਿਮੰਨਿਊ ਰਾਣਾ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਾ ਤਸਕਰਾਂ ਵਿਰੁੱਧ ਨਿਰੰਤਰ, ਠੋਸ ਅਤੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਐਸ.ਐਸ.ਪੀ. ਦੀ ਦੇਖ-ਰੇਖ ਹੇਠ ਜਿੱਥੇ ਇੱਕ ਪਾਸੇ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਅੰਦਰ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਦੂਜੇ ਪਾਸੇ ਨਸ਼ਾ ਤਸਕਰਾਂ, ਸੁਦਾਗਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਜੁੜੇ ਗਿਰੋਹਾਂ ਵਿਰੁੱਧ ਲਗਾਤਾਰ ਕਾਰਵਾਈ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਘਰੇ ਵਿੱਚ ਲਿਆਂਦਾ ਜਾ ਰਿਹਾ ਹੈ। ਨਸ਼ਿਆਂ ਖ਼ਿਲਾਫ਼ ਕਾਰਵਾਈ ਅਤੇ ਰਿਕਵਰੀ-15 ਮਾਰਚ ਤੋਂ ਅੱਜ ਤੱਕ (ਪਿਛਲੇ 26) ਦਿਨਾਂ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਨਸ਼ਿਆਂ ਖ਼ਿਲਾਫ਼ 127 ਮੁਕਦਮੇ ਦਰਜ ਕਰਕੇ 187 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਇਸ ਦੌਰਾਨ ਪੁਲਿਸ ਵੱਲੋਂ ਹੇਠ ਲਿਖੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ: ਹੈਰੋਇਨ - 949 ਗ੍ਰਾਮ, ਅਫ਼ੀਮ - 4.597 ਕਿਲੋਗ੍ਰਾਮ, ਪੋਸਤ - 06ਕਿਲੋਗ੍ਰਾਮ, ਨਸ਼ੀਲੀਆਂ ਗੋਲੀਆਂ -30709, ਪ੍ਰੇਗਾ ਕੈਪਸੂਲ 44474 ਅਤੇ ਡਰੱਗ ਮਨੀ - 92700। ਐਸ.ਐਸ.ਪੀ. ਨੇ ਦੱਸਿਆ ਪੁਲਿਸ ਦੀ ਕਾਰਵਾਈ ਸਿਰਫ਼ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਤੱਕ ਸੀਮਿਤ ਨਹੀਂ ਰਹੀ, ਸਗੋਂ ਨਸ਼ਾ ਕਰ ਰਹੇ ਵਿਅਕਤੀਆਂ ਨੂੰ ਇਲਾਜ ਅਤੇ ਕਾਉਂਸਲਿੰਗ ਰਾਹੀਂ ਮੁੜ ਸਹੀ ਜੀਵਨ ਧਾਰਾ ਵੱਲ ਲਿਆਂਦਾ ਜਾ ਰਿਹਾ ਹੈ। ਇਸ ਦੇ ਨਾਲ ਹੀ, ਐਨਡੀਪੀਐਸ ਐਕਟ ਅਧੀਨ ਗੰਭੀਰ ਦੋਸ਼ਾਂ ਵਿੱਚ ਸ਼ਾਮਲ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਦੀ ਜਾਂਚ ਕਰਕੇ ਨਸ਼ਾ ਤਸਕਰੀ ਰਾਹੀਂ ਬਣਾਈ ਗਈ ਸੰਪਤੀ ਨੂੰ ਵੈਰੀਫਾਈ ਕਰਵਾਇਆ ਜਾ ਰਿਹਾ ਹੈ ਅਤੇ ਕੰਪਟੈਂਟ ਅਥਾਰਟੀ ਤੋਂ ਫਰੀਜ਼ ਕਰਵਾਉਣ ਦੀ ਕਾਰਵਾਈ ਵੀ ਅਮਲ ਵਿੱਚ ਲਿਆਈ ਜਾ ਰਹੀ ਹੈ।



## ਕਾਲਾਝਾੜ ਟੋਲ ਪਲਾਜ਼ਾ 'ਤੇ ਕੈਸ਼ਲੈਸ ਪਾਲਿਸੀ ਖ਼ਿਲਾਫ਼ ਤਿੱਖਾ ਪ੍ਰਦਰਸ਼ਨ, 15 ਅਪ੍ਰੈਲ ਤੋਂ ਟੋਲ ਫਰੀ ਕਰਨ ਦੀ ਚੇਤਾਵਨੀ

**ਭਵਾਨੀਗੜ੍ਹ, 11 ਅਪ੍ਰੈਲ (ਰਾਜ ਖੁਰਮੀ):** ਨੇੜਲੇ ਪਿੰਡ ਕਾਲਾਝਾੜ ਟੋਲ ਪਲਾਜ਼ਾ 'ਤੇ ਟੋਲ ਪਲਾਜ਼ਾ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਕੇਂਦਰ ਸਰਕਾਰ ਦੀ ਨਵੀਂ ਕੈਸ਼ਲੈਸ ਪਾਲਿਸੀ ਦੇ ਵਿਰੋਧ ਵਿੱਚ ਤਿੱਖਾ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਕੇਂਦਰ ਸਰਕਾਰ ਦੇ ਪੁਤਲੇ ਫੂਕ ਕੇ ਆਪਣਾ ਗੁੱਸਾ ਜ਼ਾਹਿਰ ਕੀਤਾ।ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲਾਡੀ, ਸੂਬਾ ਜਨਰਲ ਸਕੱਤਰ ਸੁਖਜੀਤ ਸੰਧੂ ਅਤੇ ਸੂਬਾ ਮੀਤ ਪ੍ਰਧਾਨ ਰਾਜਵੰਤ ਸਿੰਘ ਖਾਲਸਾ ਨੇ ਕਿਹਾ ਕਿ ਸਰਕਾਰ ਵੱਲੋਂ ਟੋਲ ਪਲਾਜ਼ਿਆਂ 'ਤੇ ਕੈਸ਼ ਭੁਗਤਾਨ ਨੂੰ ਖਤਮ ਕਰਕੇ ਸਿਰਫ਼ ਯੂਪੀਆਈ ਅਤੇ ਨੈਟ ਬੈਂਕਿੰਗ ਰਾਹੀਂ ਭੁਗਤਾਨ ਲਾਗੂ ਕਰਨ ਦੀ ਨੀਤੀ ਆਮ ਲੋਕਾਂ ਲਈ ਵੱਡੀ ਮੁਸ਼ਕਲ ਬਣੇਗੀ।ਉਨ੍ਹਾਂ ਕਿਹਾ ਕਿ ਦੇਸ਼ ਦੇ ਵੱਡੇ ਹਿੱਸੇ ਦੇ ਲੋਕ ਅਜੇ ਵੀ ਪੂਰੀ ਤਰ੍ਹਾਂ ਡਿਜ਼ੀਟਲ ਭੁਗਤਾਨ ਪ੍ਰਣਾਲੀ ਨਾਲ ਨਹੀਂ ਜੁੜੇ ਹੋਏ, ਜਿਸ ਕਰਕੇ ਇਹ ਫੈਸਲਾ ਗ੍ਰਾਮੀਣ ਅਤੇ ਆਮ ਵਰਗ ਲਈ ਪਰੇਸ਼ਾਨੀ ਦਾ ਕਾਰਨ ਬਣੇਗਾ। ਆਗੂਆਂ ਨੇ ਇਹ ਵੀ ਦੋਸ਼ ਲਗਾਇਆ ਕਿ ਸਰਕਾਰ ਆਪਣੇ ਹੀ ਦੇਸ਼ ਦੀ ਕਰੰਸੀ ਨੂੰ ਅਣਦੇਖਾ ਕਰ ਰਹੀ ਹੈ, ਜੋ ਨਿੰਦਣਯੋਗ ਹੈ।ਪ੍ਰਦਰਸ਼ਨ ਦੌਰਾਨ ਯੂਨੀਅਨ ਨੇ ਕੇਂਦਰ ਸਰਕਾਰ ਅਤੇ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਇਹ ਕੈਸ਼ਲੈਸ ਪਾਲਿਸੀ ਤੁਰੰਤ ਵਾਪਸ ਨਾ ਲਈ ਗਈ ਤਾਂ 15 ਅਪ੍ਰੈਲ 2026 ਤੋਂ ਪੰਜਾਬ ਭਰ ਦੇ ਟੋਲ ਪਲਾਜ਼ਿਆਂ ਨੂੰ ਅਣਮਿੱਥੇ ਸਮੇਂ ਲਈ ਫ ?ਰੀ ਕੀਤਾ ਜਾਵੇਗਾ। ਅੰਤ ਵਿੱਚ ਯੂਨੀਅਨ ਆਗੂਆਂ ਨੇ ਕਿਹਾ ਕਿ ਉਹ ਆਪਣੇ ਹੱਕਾਂ ਅਤੇ ਆਮ ਲੋਕਾਂ ਦੀਆਂ ਸਹੂਲਤਾਂ ਦੀ ਰੱਖਿਆ ਲਈ ਸੰਘਰਸ਼ ਜਾਰੀ ਰੱਖਣਗੇ ਅਤੇ ਲੋੜ ਪੈਣ 'ਤੇ ਇਸ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।



## ਤਮੰਨਾ ਪ੍ਰਜਾਪਤੀ ਦਾ 8ਵੀਂ ਦੇ ਨਤੀਜਿਆਂ 'ਚੋਂ ਪੰਜਾਬ ਵਿੱਚੋਂ ਪਹਿਲਾ ਸਥਾਨ, ਪ੍ਰਜਾਪਤ ਸਮਾਜ ਵੱਲੋਂ ਵਧਾਈਆਂ

### ਹੋਣਹਾਰ ਵਿਦਿਆਰਥਣ ਦਾ ਵਿਸ਼ੇਸ਼ ਸਨਮਾਨ ਕਰਨ ਦਾ ਫੈਸਲਾ : ਪਵਨ ਪ੍ਰਜਾਪਤੀ



**ਕੋਟਕਪੂਰਾ, 11 ਅਪ੍ਰੈਲ (ਟਿੰਕੂ ਕੁਮਾਰ ਪ੍ਰਜਾਪਤੀ)** ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਗਏ ਅੱਠਵੀਂ ਜਮਾਤ ਦੇ ਸਲਾਨਾ ਨਤੀਜਿਆਂ ਵਿੱਚੋਂ ਸਰਸਵਤੀ ਸੀਨੀਅਰ ਸੈਕੰਡਰੀ ਸਕੂਲ, ਜੈਤੋ ਜ਼ਿਲਾ ਫਰੀਦਕੋਟ ਦੀ ਹੋਣਹਾਰ ਵਿਦਿਆਰਥਣ ਤਮੰਨਾ ਪ੍ਰਜਾਪਤੀ ਪੁੱਤਰੀ ਸ਼੍ਰੀ ਨਰਿੰਦਰ ਕੁਮਾਰ ਪ੍ਰਜਾਪਤੀ ਨੇ 600 ਵਿੱਚੋਂ 600 ਅੰਕਾਂ ਨਾਲ ਸੂਬੇ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਪਿਆਂ, ਸਕੂਲ ਸਟਾਫ ਅਤੇ ਪ੍ਰਜਾਪਤ ਸਮਾਜ ਦਾ ਨਾਮ ਦੁਨੀਆਂ ਦੇ ਕੋਨੇ-ਕੋਨੇ ਤੱਕ ਚਮਕਾਇਆ ਹੈ। ਇਸ ਮੌਕੇ ਜਾਣਕਾਰੀ ਦਿੰਦਿਆਂ ਪ੍ਰਜਾਪਤ ਕੁਮਹਾਰ ਮਹਾਂਸੰਘ ਪੰਜਾਬ ਦੇ ਸੂਬਾਈ ਚੀਫ ਜਨਰਲ ਸਕੱਤਰ ਸ਼੍ਰੀ ਪਵਨ ਪ੍ਰਜਾਪਤੀ ਜੀ ਨੇ ਦੱਸਿਆ ਕਿ ਸਕੂਲ ਦੇ ਮਿਹਨਤੀ ਸਟਾਫ ਅਤੇ ਵਿਦਿਆਰਥਣ ਦੀ ਸਖਤ ਮਿਹਨਤ ਸਦਕਾ ਹੀ ਬੋਰਡ ਦੇ ਨਤੀਜਿਆਂ ਵਿੱਚ ਵਿਦਿਆਰਥਣ ਨੇ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਮ ਰੁਸ਼ਨਾਇਆ ਹੈ। ਉਹਨਾ ਦੱਸਿਆ ਕਿ ਤਮੰਨਾ ਪ੍ਰਜਾਪਤੀ ਸ਼ੁਰੂ ਤੋਂ ਹੀ ਪੜਾਈ ਵਿੱਚ ਬਹੁਤ ਹੁਸ਼ਿਆਰ ਹੈ। ਉਹਨਾ ਵਿਦਿਆਰਥਣ ਦੇ ਸੁਨਹਿਰੇ ਭਵਿੱਖ ਅਤੇ ਸਦਾ ਸਿਹਤ ਤੰਦਰੁਸਤੀ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਵਿਦਿਆਰਥਣ ਤਮੰਨਾ ਪ੍ਰਜਾਪਤੀ ਦੀ ਇਸ ਪ੍ਰਾਪਤੀ 'ਤੇ ਪ੍ਰਜਾਪਤ ਕੁਮਹਾਰ ਮਹਾਂਸੰਘ ਪੰਜਾਬ ਦੇ ਸੂਬਾਈ ਪ੍ਰਧਾਨ ਸ਼੍ਰੀ ਕਰਮ ਚੰਦ ਪੱਪੀ, ਸੂਬਾਈ ਯੂਥ ਪ੍ਰਧਾਨ ਗੁਰਮੀਤ ਸਿੰਘ ਪ੍ਰਜਾਪਤੀ, ਹੰਸ ਰਾਜ ਜਲਾਲਾਬਾਦ, ਐਡਵੋਕੇਟ ਅਜੀਤ ਵਰਮਾ ਮੋਗਾ, ਜੈ ਚੰਦ ਬੇਂਵਾਲ ਮੋਗਾ, ਲੈਕ. ਰਤਨ ਸਿੰਘ ਪ੍ਰਜਾਪਤੀ ਬਠਿੰਡਾ, ਪੱਤਰਕਾਰ ਟਿੰਕੂ ਕੁਮਾਰ ਕੋਟਕਪੂਰਾ, ਓਮ ਪ੍ਰਕਾਸ਼, ਸੰਜੂ ਵਰਮਾ ਮਲੋਟ, ਮਦਨ ਲਾਲ ਅਬੋਹਰ, ਪੂਰਨ ਚੰਦ ਫਾਜਿਲਕਾ, ਰਮੇਸ਼ ਕੁਮਾਰ ਜਲਾਲਾਬਾਦ, ਸ਼੍ਰੀ ਰਾਮ ਮਮਦੋਟ, ਪੂਰਨ ਚੰਦ ਫਿਰੋਜਪੁਰ, ਨਰਾਇਣ ਦਾਸ ਕਾਲੀ ਫਰੀਦਕੋਟ, ਚਰਨਦਾਸ ਚੰਨਾ ਬਰੀਵਾਲਾ, ਚਿਰੰਜੀ ਲਾਲ ਕੋਟਕਪੂਰਾ, ਤਾਰਾ ਚੰਦ ਕੋਟਕਪੂਰਾ, ਬੱਬੂ ਰਾਮ ਜੈਤੋ, ਬੁੱਧ ਰਾਮ ਸਮਾਲਸਰ, ਸਤਪਾਲ ਕੁਮਾਰ, ਜਸਵੰਤ ਰਾਮ, ਲਾਲ ਚੰਦ ਬਠਿੰਡਾ, ਇੰਦਰਾਜ ਕੁਮਾਰ, ਡਾ. ਸੁਖਦੇਵ ਗਿੱਦੜਬਾਹਾ, ਬਾਬੂ ਰਾਮ ਸ਼੍ਰੀ ਮੁਕਤਸਰ ਸਾਹਿਬ, ਮਨਦੀਪ ਸਿੰਘ ਮੁੰਨਾ, ਰਾਜ ਕੁਮਾਰ, ਪ੍ਰੇਮ ਕੁਮਾਰ ਗੁਰੂਹਰਸਹਾਏ, ਟਿੰਕੂ ਵਰਮਾ ਬਠਿੰਡਾ, ਡਾ. ਧਰਮ ਪ੍ਰਵਾਨਾ ਰਘਬੀਰ ਸਿੰਘ ਸਾਦਿਕ, ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਸਕੂਲ ਸਟਾਫ, ਮਾਪਿਆਂ ਅਤੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਜ਼ਿਲ੍ਹੇ ਲਈ ਹੀ ਨਹੀਂ, ਸਗੋਂ ਪ੍ਰਜਾਪਤ ਸਮਾਜ ਲਈ ਵੀ ਮਾਣ ਵਾਲੀ ਗੱਲ ਹੈ। ਅੰਤ ਵਿੱਚ ਪਵਨ ਪ੍ਰਜਾਪਤੀ ਨੇ ਦੱਸਿਆ ਕਿ ਜਲਦੀ ਹੀ ਪ੍ਰਜਾਪਤ ਬਰਾਦਰੀ ਦੀ ਮੀਟਿੰਗ ਬੁਲਾ ਕੇ ਇਸ ਹੋਣਹਾਰ ਵਿਦਿਆਰਥਣ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਪਵਨ ਪ੍ਰਜਾਪਤੀ ਨੇ ਦੱਸਿਆ ਕਿ ਸਨਮਾਨ ਕਰਨ ਨਾਲ ਜਿੱਥੇ ਵਿਦਿਆਰਥਣ ਦੀ ਹੌਸਲਾ ਅਫਜਾਈ ਹੋਵੇਗੀ, ਉੱਥੇ ਹੀ ਇਸ ਨਾਲ ਹੋਰਨਾ ਵਿਦਿਆਰਥੀ/ਵਿਦਿਆਰਥਣਾ ਨੂੰ ਪ੍ਰੇਰਨਾ ਮਿਲਣੀ ਵੀ ਸੁਭਾਵਿਕ ਹੈ।

## 200 ਲੀਟਰ ਲਾਹਣ ਸਮੇਤ ਇਕ ਕਾਬੂ, ਪੁਲਿਸ ਵੱਲੋਂ ਮੁਕੱਦਮਾ ਦਰਜ

**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਥਾਣਾ ਗਿੱਦੜਬਾਹਾ ਪੁਲਿਸ ਨੇ ਮੁਖਬਰ ਪਾਸੋਂ ਮਿਲੀ ਇਤਲਾਹ ਤੇ ਕਾਰਵਾਈ ਕਰਦੇ ਹੋਏ ਇਕ ਵਿਅਕਤੀ ਨੂੰ 200 ਲੀਟਰ ਲਾਹਣ ਸਮੇਤ ਇਕ ਕਾਬੂ ਉਸ ਖਿਲਾਫ ਮੁਕੱਦਮਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਏਐੱਸਆਈ ਗੁਰਇਕਬਾਲ ਸਿੰਘ ਨੂੰ ਦੌਰਾਨੇ ਗਸ਼ਤ ਮੁਖਬਿਰ ਪਾਸੋਂ ਇਤਲਾਹ ਮਿਲੀ ਕਿ ਗੁਰਦਾਸ ਸਿੰਘ ਨਜਾਇਜ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ ਅਤੇ ਜੇਕਰ ਉਸਦੇ ਘਰ ਨਜਦੀਕ ਖੇਤ ਵਿਚ ਰੇਡ ਕੀਤੀ ਜਾਵੇ ਤਾਂ ਉਸ ਪਾਸੋ ਨਜਾਇਜ ਸ਼ਰਾਬ ਜਾਂ ਲਾਹਣ ਬਰਾਮਦ ਹੋ ਸਕਦੀ ਹੈ। ਉਕਤ ਇਤਲਾਹ ਤੇ ਕਾਰਵਾਈ ਕਰਦੇ ਹੋਏ ਪੁਲਿਸ ਨੇ ਗੁਰਦਾਸ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਕੁਲਵੀਰ ਸਿੰਘ ਦੀ ਢਾਣੀ ਪਿੰਡ ਬੁੱਟਰ ਬਖੂਹਾ ਨੂੰ 200 ਲੀਟਰ ਲਾਹਣ ਸਮੇਤ ਕਾਬੂ ਕਰਕੇ ਉਸ ਮੁਕੱਦਮਾ ਦਰਜ ਕਰਦੇ ਹੋਏ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਮਾਨ ਸਰਕਾਰ ਨੇ ਅਰੰਭੀ ਪੇਂਡੂ ਵਿਕਾਸ ਦੀ ਵੱਡੀ ਮੁਹਿੰਮ, ਬਦਲ ਰਹੀ ਹੈ ਪਿੰਡਾਂ ਦੀ ਨੁਹਾਰ - ਵਿਧਾਇਕ ਬਲਕਾਰ ਸਿੱਧੂ

## ਹਲਕਾ ਰਾਮਪੁਰਾ ਫੂਲ ਦੇ ਵੱਖ-ਵੱਖ ਪਿੰਡਾਂ ਵਿਚ 11 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੇ ਰੱਖੇ ਨੀਂਹ ਪੱਥਰ

**ਰਾਮਪੁਰਾ ਫੂਲ, 11 ਅਪ੍ਰੈਲ (ਮਨਪ੍ਰੀਤ ਮਿੰਟੂ)** ਮਾਨ ਸਰਕਾਰ ਵੱਲੋਂ ਪੇਂਡੂ ਖੇਤਰਾਂ ਦੇ ਵਿਕਾਸ ਲਈ ਸ਼ੁਰੂ ਕੀਤੀ ਗਈ ਵੱਡੀ ਮੁਹਿੰਮ ਤਹਿਤ ਪਿੰਡਾਂ ਦੀ ਤਸਵੀਰ ਤੇਜ਼ੀ ਨਾਲ ਬਦਲ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਬਲਕਾਰ ਸਿੱਧੂ ਨੇ ਕਰਦਿਆ ਦੱਸਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੇ ਦਿਸ਼ਾ ਨਿਰਦੇਸ਼ਾ ਹੇਠ ਰਾਮਪੁਰਾਫੂਲ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜ ਜਿਸ ਵਿਚ ਪਿੰਡ ਜਲਾਲ ਦੇ ਬੱਸ ਸਟੈਂਡ ਤੋਂ ਦਾਨਾ ਮੰਡੀ, ਜਲਾਲ ਤੋਂ ਹਾਕਮ ਸਿੰਘ ਵਾਲਾ, ਫੂਲ ਵਿਖੇ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਅਤੇ ਬਾਗਵਾਨੀ ਅਸਟੇਟ ਦਾ ਲੱਗਭਗ 11 ਕਰੋੜ ਰੁਪਏ ਦੇ ਨੀਂਹ ਪੱਥਰ ਰੱਖੇ ਗਏ। ਉਨ੍ਹਾਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਪਿੰਡਾਂ ਵਿੱਚ ਸੜਕਾਂ ਦੀ ਮੁਰੰਮਤ ਅਤੇ ਨਵੀਂ ਨਿਰਮਾਣ ਕਾਰਜ, ਗਲੀ-ਮੋਹੱਲਿਆਂ ਵਿੱਚ ਇੰਟਰਲਾਕਿੰਗ ਟਾਇਲਾਂ, ਨਿਕਾਸੀ ਪ੍ਰਣਾਲੀ 'ਚ ਸੁਧਾਰ, ਸਾਫ਼ ਪੀਣਯੋਗ ਪਾਣੀ ਦੀ ਉਪਲਬਧਤਾ ਅਤੇ ਸਟ ?ਰੀਟ ਲਾਈਟਾਂ ਦੀ ਵਧੀਆ ਵਿਵਸਥਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਪਿੰਡਾਂ ਵਿੱਚ ਸਕੂਲਾਂ, ਆਂਗਣਵਾੜੀ ਕੇਂਦਰਾਂ ਅਤੇ ਸਿਹਤ ਸੇਵਾਵਾਂ ਨੂੰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ, ਤਾਂ ਜੋ ਲੋਕਾਂ ਨੂੰ ਹਰ ਤਰ੍ਹਾਂ ਦੀ ਸਹੂਲਤ ਆਪਣੇ ਨੇੜੇ ਹੀ ਮਿਲ ਸਕੇ। ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਸਰਕਾਰ ਦਾ ਟੀਚਾ ਸਿਰਫ਼ ਢਾਂਚਾਗਤ ਵਿਕਾਸ ਤੱਕ ਸੀਮਿਤ ਨਹੀਂ, ਸਗੋਂ ਸਮਾਜਿਕ ਅਤੇ ਆਰਥਿਕ ਤਰੱਕੀ ਨੂੰ ਵੀ ਪ੍ਰੋਤਸਾਹਿਤ ਕਰਨਾ ਹੈ। ਇਸ ਤਹਿਤ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਵਧਾਉਣ, ਖੇਤੀਬਾੜੀ ਨੂੰ ਆਧੁਨਿਕ ਤਕਨੀਕ ਨਾਲ ਜੋੜਨ ਅਤੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਦੱਸਿਆ ਕਿ ਪਿੰਡਾਂ ਵਿੱਚ ਸਫ਼ਾਈ ਮੁਹਿੰਮਾਂ ਨੂੰ ਵੀ ਤੇਜ਼ ਕੀਤਾ ਗਿਆ ਹੈ ਅਤੇ ਕੂੜਾ ਪ੍ਰਬੰਧਨ ਪ੍ਰਣਾਲੀ ਨੂੰ ਸੁਧਾਰਨ ਲਈ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ। ਹਰ ਘਰ ਤੱਕ ਸਾਫ਼ ਪਾਣੀ ਅਤੇ ਸਾਫ਼ ਸਫ਼ਾਈ ਨੂੰ ਯਕੀਨੀ ਬਣਾਉਣਾ ਸਰਕਾਰ ਦੀ ਪਹਿਲੀ ਤਰਜੀਹ ਹੈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸਰਕਾਰ ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਕੰਮ ਕਰ ਰਹੀ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਹੀ ਵਿਕਾਸ ਕਾਰਜਾਂ ਨੂੰ ਸਫਲਤਾ ਮਿਲ ਰਹੀ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਹਰ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਪੂਰਾ ਕੀਤਾ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਹੋਰ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਿੰਡਾਂ ਵਿੱਚ ਖੇਡ ਮੈਦਾਨ, ਕਮਿਊਨਿਟੀ ਸੈਂਟਰ, ਲਾਇਬ੍ਰੇਰੀਆਂ ਅਤੇ ਡਿਜ਼ੀਟਲ ਸਹੂਲਤਾਂ ਨੂੰ ਵੀ ਵਧਾਇਆ ਜਾਵੇਗਾ, ਤਾਂ ਜੋ ਪੇਂਡੂ ਨੌਜਵਾਨਾਂ ਨੂੰ ਅੱਗੇ ਵਧਣ ਲਈ ਵਧੀਆ ਮੌਕੇ ਪ੍ਰਾਪਤ ਹੋਣ। ਅਖੀਰ ਵਿੱਚ, ਵਿਧਾਇਕ ਬਲਕਾਰ ਸਿੱਧੂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਵਿਕਾਸ ਮੁਹਿੰਮਾਂ ਵਿੱਚ ਭਾਗੀਦਾਰੀ ਨਿਭਾਉਣ, ਆਪਣੇ ਇਲਾਕੇ ਦੀ ਸੰਭਾਲ ਕਰਨ ਅਤੇ ਮਿਲਜੁਲ ਕੇ ਪਿੰਡਾਂ ਨੂੰ ਸੁੰਦਰ, ਸਾਫ਼-ਸੁਥਰੇ ਅਤੇ ਤਰੱਕੀਸ਼ੀਲ ਬਣਾਉਣ ਵਿੱਚ ਯੋਗਦਾਨ ਪਾਉਣ।



# ਆਵਾਜਾਈ ਵਿੱਚ ਵਿਘਨ ਪਾਉਣ ਵਾਲਿਆਂ ਦੇ ਕੱਟੇ ਚਲਾਨ

**ਮਾਛੀਵਾੜਾ ਸਾਹਿਬ 11 ਅਪ੍ਰੈਲ (ਮਾਸਟਰ ਸਤੀਸ਼ ਕੁਮਾਰ)** ਟਰੈਫਿਕ ਪੁਲਿਸ ਮਾਛੀਵਾੜਾ ਸਾਹਿਬ ਵੱਲੋਂ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਖਤੀ ਕਰਦਿਆਂ ਮਾਛੀਵਾੜਾ ਸਾਹਿਬ ਵਿੱਚ ਆਵਾਜਾਈ ਵਿੱਚ ਵਿਘਨ ਪਾਉਣ ਵਾਲਿਆਂ ਦੇ ਚਲਾਨ ਕੱਟੇ ਗਏ।



ਟਰੈਫਿਕ ਇੰਚਾਰਜ ਸਹਾਇਕ ਥਾਣੇਦਾਰ ਜਸਵੀਰ ਸਿੰਘ ਅਤੇ ਉਨਾਂ ਦੀ ਟੀਮ ਵੱਲੋਂ ਮਾਛੀਵਾੜਾ ਸਾਹਿਬ ਦੇ ਵੱਖ-ਵੱਖ ਥਾਵਾਂ ਤੇ ਜਾਂ ਉਹਨਾਂ ਗੱਡੀਆਂ ਦੇ ਚਲਾਨ ਕੱਟੇ ਗਏ ਜੋ ਆਵਾਜਾਈ ਵਿੱਚ ਵਿਘਨ ਪਾਉਂਦੀਆਂ ਰਸਤਿਆਂ ਉੱਤੇ ਖੜੀਆਂ ਸਨ। ਸਹਾਇਕ ਥਾਣੇਦਾਰ ਜਸਵੀਰ ਸਿੰਘ ਨੇ ਦੱਸਿਆ ਕਿ ਸ਼ਹਿਰ ਅੰਦਰ ਥਾਂ ਥਾਂ ਗਲਤ ਤਰੀਕੇ ਨਾਲ ਪਾਰ ਕੀਤੀਆਂ ਗੱਡੀਆਂ ਦੇ ਚਲਾਨ ਕੱਟ ਵਾਹਨ ਚਾਲਕਾਂ ਨੂੰ ਸਖਤ ਚਿਤਾਵਨੀ ਵੀ ਦਿੱਤੀ ਗਈ। ਉਹਨਾਂ ਕਿਹਾ ਕਿ ਆਵਾਜਾਈ ਨੂੰ ਠੀਕ ਤਰੀਕੇ ਨਾਲ ਚੱਲਦਾ ਰੱਖਣ ਲਈ ਸ਼ਹਿਰ ਵਾਸੀ ਦੀ ਸਹਿਯੋਗ ਕਰਨ ਅਤੇ ਆਪਣੀਆਂ ਗੱਡੀਆਂ ਨੂੰ ਪਾਰਕਿੰਗ ਵਿੱਚ ਹੀ ਖੜੀਆਂ ਕਰਨ ਤਾਂ ਜੋ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਐਸ. ਕੇ. ਐਮ. ਦੇ ਕੌਮੀ ਬੁਲਾਰੇ ਰਾਕੇਸ਼ ਟਿਕੈਤ ਬਾਬਾ ਬੌਹੜ ਲੱਖੋਵਾਲ ਅਤੇ ਰਾਜੇਵਾਲ ਦੀ ਖਬਰ ਲੈਣ ਪਹੁੰਚੇ, ਕੀਤੀ ਸਿਹਤਯਾਬੀ ਦੀ ਕਾਮਨਾ

## ਕਿਸਾਨ ਅਤੇ ਮਜ਼ਦੂਰ ਯੂਨੀਅਨਾਂ ਵਿਚਕਾਰ ਏਕਾ ਹੋਣਾ ਅਜੋਕੇ ਸਮੇਂ ਦੀ ਅਹਿਮ ਲੋੜ - ਟਿਕੈਤ

**ਸਮਰਾਲਾ 11 ਅਪ੍ਰੈਲ (ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ)** ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦਾ ਸੂਬਾ ਪੱਧਰੀ ਸੈਮੀਨਾਰ ਜੋ ਬੀਤੇ ਦਿਨੀਂ ਮੋਗਾ ਵਿਖੇ ਕਰਵਾਇਆ ਗਿਆ, ਜਿਸ ਵਿੱਚ ਸੰਯੁਕਤ ਕਿਸਾ ਮੋਰਚੇ ਦੇ ਕੌਮੀ ਬੁਲਾਰੇ ਰਾਕੇਸ਼ ਟਿਕੈਤ ਨੇ ਮੁੱਖ ਬੁਲਾਰੇ ਵਜੋਂ ਭਾਗ ਲੈ ਕੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਦਰਪੇਸ਼ ਸਮੱਸਿਆਵਾਂ ਅਤੇ ਕੇਂਦਰ ਸਰਕਾਰ ਦੀ ਵਾਅਦਾ ਖਿਲਾਫੀ ਸਬੰਧੀ ਭਰਪੂਰ ਜਾਣਕਾਰੀ ਦਿੱਤੀ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਬੀ. ਕੇ. ਯੂ. (ਲੱਖੋਵਾਲ) ਲੁਧਿਆਣਾ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਸੈਮੀਨਾਰ ਤੋਂ ਬਾਅਦ ਰਾਕੇਸ਼ ਟਿਕੈਤ ਬੀ. ਕੇ. ਯੂ. (ਲੱਖੋਵਾਲ) ਦੇ ਬਾਬਾ ਬੌਹੜ ਅਜਮੇਰ ਸਿੰਘ ਲੱਖੋਵਾਲ ਦੀ ਸਿਹਤ ਦਾ ਹਾਲ ਚਾਲ ਜਾਣਿਆ ਅਤੇ ਤੰਦਰੁਸਤੀ ਦੀ ਕਾਮਨਾ ਕੀਤੀ। ਉਪਰੰਤ ਰਾਕੇਸ਼ ਟਿਕੈਤ ਪੰਜਾਬ ਦੀਆਂ ਦੋ ਪ੍ਰਮੁੱਖ ਜਥੇਬੰਦੀਆਂ ਬੀ. ਕੇ. ਯੂ. (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਅਤੇ ਬੀ. ਕੇ. ਯੂ. (ਰਾਜੇਵਾਲ) ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਨਾਲ ਸਮਰਾਲਾ ਵਿਖੇ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਉਨ੍ਹਾਂ ਬਲਬੀਰ ਸਿੰਘ ਰਾਜੇਵਾਲ ਦੀ ਸਿਹਤਯਾਬੀ ਦੀ ਕਾਮਨਾ ਕਰਦੇ ਹੋਏ, ਉਮੀਦ ਪ੍ਰਗਟ ਕੀਤੀ ਕਿ ਉਹ ਜਲਦੀ ਸਿਹਤਯਾਬ ਹੋ ਕੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਅਗਵਾਈ ਕਰਨਗੇ। ਇਸ ਉਪਰੰਤ ਉਨ੍ਹਾਂ ਕਿਰਸਾਨੀ ਮੁੱਦੇ ਉੱਤੇ ਦੋਵੇਂ ਆਗੂਆਂ ਨਾਲ ਗੱਲਬਾਤ ਕੀਤੀ ਅਤੇ ਕਿਹਾ ਪੰਜਾਬ ਦੀਆਂ



ਮੰਡੀਆਂ ਵਿੱਚ ਕਣਕ ਆਉਣੀ ਸ਼ੁਰੂ ਹੋ ਚੁੱਕੀ ਹੈ, ਪ੍ਰੰਤੂ ਪੰਜਾਬ ਸਰਕਾਰ ਆ ਰਹੀ ਫਸਲ ਵਿੱਚ ਕਾਲਾ ਦਾਣਾ ਅਤੇ ਨਮੀ ਵੱਧ ਹੋਣ ਦਾ ਬਹਾਨਾ ਲਗਾ ਕੇ ਖਰੀਦਣ ਤੋਂ ਆਨਾਕਾਨੀ ਕਰਨ ਦੇ ਯਤਨ ਕਰ ਰਹੀ ਹੈ, ਜੇਕਰ ਸਰਕਾਰ ਨੇ ਅਜਿਹਾ ਕੋਈ ਕਦਮ ਚੁੱਕਿਆ ਕਿਸਾਨਾਂ ਵੱਲੋਂ ਵੱਡਾ ਅੰਦੋਲਨ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦਾ ਸਮਾਂ ਮੰਗ ਕਰਦਾ ਹੈ ਕਿ ਕਿਸਾਨ ਅਤੇ ਮਜ਼ਦੂਰ ਇੱਕ ਹੋ ਕੇ ਸੰਘਰਸ਼ ਵਿੱਢਣ, ਜੇਕਰ ਅਜਿਹਾ ਨਾ ਹੋਇਆ ਤਾਂ ਕੇਂਦਰ ਸਰਕਾਰ ਜੋ ਪਹਿਲਾਂ ਹੀ ਕਾਰਪੋਰੇਟ ਘਰਾਣਿਆਂ ਦੀ ਹਿਤੈਸ਼ੀ ਹੈ, ਕਿਸਾਨਾਂ ਨੂੰ ਦਬਾਉਣ ਵਿੱਚ ਕਾਮਯਾਬ ਹੋ ਜਾਵੇਗੀ, ਪ੍ਰੰਤੂ ਸੰਯੁਕਤ ਕਿਸਾਨ ਮੋਰਚਾ ਅਜਿਹਾ ਨਹੀਂ ਹੋਣ ਦੇਵੇਗਾ। ਦੋਵੇਂ ਆਗੂਆਂ ਨੇ ਇੱਕਜੁਟਤਾ ਦਾ ਪ੍ਰਗਟਾਵਾ ਕਰਦੇ ਹੋਏ ਕਿਸਾਨੀ ਏਕੇ ਦੀ ਹਾਮੀ ਭਰੀ। ਇਸ ਮੌਕੇ ਉਪਰੋਕਤ ਤੋਂ ਇਲਾਵਾ ਪਰਮਿੰਦਰ ਸਿੰਘ ਪਾਲ ਮਾਜਰਾ ਸੂਬਾ ਜਨਰਲ ਸਕੱਤਰ ਬੀ. ਕੇ. ਯੂ. (ਲੱਖੋਵਾਲ), ਸੁਖਵਿੰਦਰ ਸਿੰਘ ਭੱਟੀਆਂ ਸੂਬਾ ਮੀਤ ਪ੍ਰਧਾਨ ਬੀ. ਕੇ. ਯੂ. (ਰਾਜੇਵਾਲ), ਮਨਜੀਤ ਸਿੰਘ ਢੀਂਡਸਾ ਜ਼ਿਲ੍ਹਾ ਪ੍ਰਧਾਨ ਬੀ. ਕੇ. ਯੂ. (ਲੱਖੋਵਾਲ), ਪਵਨਦੀਪ ਸਿੰਘ ਮੇਹਲੋਂ ਮੀਤ ਪ੍ਰਧਾਨ, ਈਇੰਦਰ ਸਿੰਘ ਜੋਲ੍ਹੀ ਪ੍ਰੈਸ ਸਕੱਤਰ, ਦਲਜੀਤ ਸਿੰਘ ਉਰਨਾ ਜਨਰਲ ਸਕੱਤਰ ਬਲਾਕ ਸਮਰਾਲਾ ਬੀ. ਕੇ. ਯੂ. (ਲੱਖੋਵਾਲ), ਬਲਜਿੰਦਰ ਸਿੰਘ ਬੌਂਦਲੀ, ਰਣਧੀਰ ਸਿੰਘ ਖੱਟਰਾਂ ਆਦਿ ਤੋਂ ਇਲਾਵਾ ਵੱਡੀ ਗਿਣਤੀ ਦੋਨੋਂ ਜਥੇਬੰਦੀਆਂ ਦੇ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

# ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਲਕਾ ਰਾਮਪੁਰਾ ਫੂਲ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ: ਕੌਂਸਲਰ ਕਰਨੈਲ ਸਿੰਘ ਮਾਨ

## ਅਰਬਨ ਹੈਲਥ ਸੈਂਟਰ, ਬਾਗਬਾਨੀ ਅਸਟੇਟ ਅਤੇ ਕਰੋੜਾਂ ਦੀ ਲਾਗਤ ਵਾਲੀਆਂ ਸੜਕਾਂ ਦੇ ਰੱਖੇ ਗਏ ਨੀਂਹ ਪੱਥਰ



**ਵਿਧਾਇਕ ਬਲਕਾਰ ਸਿੱਧੂ ਦੀ ਮਿਹਨਤ ਸਦਕਾ ਹਲਕੇ ਦੀ ਬਦਲ ਰਹੀ ਹੈ ਨੁਹਾਰ**

**ਰਾਮਪੁਰਾ ਫੂਲ, 11 ਅਪ੍ਰੈਲ (ਮਨਪ੍ਰੀਤ ਮਿੰਟੂ)**: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਵਿਕਾਸ ਦੀਆਂ ਲੀਹਾਂ 'ਤੇ ਪਾਉਣ ਦੇ ਕੀਤੇ ਵਾਅਦੇ ਅਨੁਸਾਰ ਹਲਕਾ ਰਾਮਪੁਰਾ ਫੂਲ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਗਰ ਕੌਂਸਲਰ ਕਰਨੈਲ ਸਿੰਘ ਮਾਨ ਨੇ ਹਲਕੇ ਵਿੱਚ ਸ਼ੁਰੂ ਹੋਏ ਕਰੋੜਾਂ ਰੁਪਏ ਦੇ ਨਵੇਂ ਪ੍ਰੋਜੈਕਟਾਂ ਦਾ ਸਵਾਗਤ ਕਰਦਿਆਂ ਕਿਹਾ

ਕੌਂਸਲਰ ਮਾਨ ਨੇ ਦੱਸਿਆ ਕਿ ਵਿਧਾਇਕ ਬਲਕਾਰ ਸਿੰਘ ਸਿੱਧੂ ਦੇ ਯਤਨਾਂ ਸਦਕਾ ਨਗਰ ਫੂਲ ਵਿਖੇ ਸਿਹਤ ਸਹੂਲਤਾਂ ਵਿੱਚ ਵੱਡਾ ਵਾਧਾ ਕਰਦਿਆਂ 1.30 ਕਰੋੜ ਰੁਪਏ ਦੀ ਲਾਗਤ ਨਾਲ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਜੋ ਇਲਾਕਾ ਨਿਵਾਸੀਆਂ ਲਈ ਵਰਦਾਨ ਸਾਬਤ ਹੋਵੇਗਾ। ਇਸੇ ਤਰ੍ਹਾਂ ਖੇਤੀਬਾੜੀ ਅਤੇ ਬਾਗਬਾਨੀ ਨੂੰ ਉਤਸ਼ਾਹਿਤ ਕਰਨ ਲਈ 1.70 ਕਰੋੜ ਰੁਪਏ ਦੀ ਲਾਗਤ ਨਾਲ ਬਾਗਬਾਨੀ ਅਸਟੇਟ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ।

ਸੜਕੀ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੰਦਿਆਂ ਕੌਂਸਲਰ ਮਾਨ ਨੇ ਕਿਹਾ ਜਲਾਲ ਤੋਂ ਹਾਕਮ ਸਿੰਘ ਵਾਲਾ ਤੱਕ 10 ਕਿਲੋਮੀਟਰ ਲੰਬੀ ਸੜਕ ਦਾ ਕੰਮ ਸ਼ੁਰੂ ਕਰਕੇ ਲੋਕਾਂ ਦੀ ਸਾਲਾਂ ਪੁਰਾਣੀ ਮੰਗ ਪੂਰੀ ਕੀਤੀ ਗਈ ਹੈ।

ਜਲਾਲ ਬੱਸ ਸਟੈਂਡ ਤੋਂ ਦਾਨਾ ਮੰਡੀ ਤੱਕ 13 ਲੱਖ ਰੁਪਏ ਦੀ ਲਾਗਤ ਨਾਲ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ।

ਰਾਮਪੁਰਾ ਮਹਿਰਾਜ ਰੋਡ ਤੋਂ ਮਹਿਰਾਜ ਖੁਰਦ ਤੱਕ 2.93 ਕਿਲੋਮੀਟਰ ਸੜਕ ਅਤੇ ਮਹਿਰਾਜ ਕਾਲਜ ਰੋਡ ਤੋਂ ਮਹਿਰਾਜ ਖੁਰਦ ਵਾਇਆ ਰਾਮਪੁਰਾ ਰੋਡ ਤੱਕ 56 ਲੱਖ ਰੁਪਏ ਦੀ ਲਾਗਤ ਨਾਲ ਕੰਮ ਸ਼ੁਰੂ ਕਰਵਾਏ ਗਏ ਹਨ।

ਕੌਂਸਲਰ ਕਰਨੈਲ ਸਿੰਘ ਮਾਨ ਨੇ ਕਿਹਾ, ਸਾਡਾ ਵਾਅਦਾ ਹਰ ਗਲੀ ਅਤੇ ਹਰ ਸੜਕ ਨੂੰ ਪੱਕੀ ਤੇ ਵਿਕਸਿਤ ਬਣਾਉਣਾ ਹੈ। ਪਿਛਲੀਆਂ ਸਰਕਾਰਾਂ ਨੇ ਜੋ ਕੰਮ ਅਧੂਰੇ ਛੱਡੇ ਸਨ, ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਉਨ੍ਹਾਂ ਨੂੰ ਹਕੀਕਤ ਵਿੱਚ ਬਦਲ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿਧਾਇਕ ਬਲਕਾਰ ਸਿੱਧੂ ਦੀ ਦਿਨ-ਰਾਤ ਦੀ ਮਿਹਨਤ ਸਦਕਾ ਹਲਕਾ ਰਾਮਪੁਰਾ ਫੂਲ ਵਿਕਾਸ ਪੱਖੋਂ ਪੰਜਾਬ ਦਾ ਨੰਬਰ ਇੱਕ ਹਲਕਾ ਬਣਨ ਵੱਲ ਵਧ ਰਿਹਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਕਈ ਵੱਡੇ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ।

# ਪਿਪਸ ਵਿਖੇ 2026-2027 ਲਈ 25 ਐੱਨ ਸੀ ਸੀ ਕੈਡਿਟਸ ਦੀ ਹੋਈ ਇਨਰੋਲਮੈਂਟ



**ਸ੍ਰੀ ਚਮਕੌਰ ਸਾਹਿਬ 11 ਅਪ੍ਰੈਲ (ਅਮਰਜੀਤ ਸਿੰਘ ਕਲਸੀ)** ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਨੂੰ ਸੈਸ਼ਨ 2025-26 ਵਿੱਚ ਐੱਨ ਸੀ ਸੀ ਦੀ ਅਲਾਟਮੈਂਟ ਹੋਈ ਸੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸਰਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਚਮਕੌਰ ਸਾਹਿਬ ਦੇ ਪੂਰੇ ਇਲਾਕੇ ਨੂੰ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਵਿਖੇ ਐੱਨ ਸੀ ਸੀ ਅਲਾਟਮੈਂਟ ਦੇ ਨਾਲ ਹੀ ਐੱਨ ਸੀ ਸੀ ਦੀ ਸ਼ੁਰੂਆਤ ਕਰਦਿਆਂ ਸੂਬੇਦਾਰ ਅਕਰਤ ਵੱਲੋਂ 25 ਵਿਦਿਆਰਥੀਆਂ ਦੀ ਐੱਨ ਸੀ ਸੀ ਲਈ ਇਨਰੋਲਮੈਂਟ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਹੁਣ ਹੋਰ 25 ਕੈਡਿਟਸ ਦੀ ਭਰਤੀ ਕਰਕੇ ਪੂਰੀਆਂ 50 ਸੀਟਾਂ ਭਰ ਦਿੱਤੀਆਂ ਗਈਆਂ ਹਨ।ਸਕੂਲ ਦੇ ਮੈਨੇਜਮੈਂਟ ਮੈਂਬਰ ਸਰਦਾਰ ਗੁਰਦੇਵ ਸਿੰਘ ਅਟਵਾਲ, ਮੈਡਮ ਸ਼ਿੰਦਰਪਾਲ ਕੌਰ ਅਟਵਾਲ, ਸਰਦਾਰ ਗੁਰਪਾਲ ਸਿੰਘ ਅਟਵਾਲ, ਮੈਡਮ ਪ੍ਰੀਤਪਾਲ ਕੌਰ ਅਟਵਾਲ, ਸਰਦਾਰ ਅਰਸ਼ਦੀਪ ਸਿੰਘ ਬਰਾੜ, ਪ੍ਰਿੰਸੀਪਲ ਸਰਦਾਰ ਸੁਰਜੀਤ ਸਿੰਘ, ਵਾਈਸ ਪ੍ਰਿੰਸੀਪਲ ਮੈਡਮ ਮਨਦੀਪ ਕੌਰ ਮਾਹਲ ਅਤੇ ਸਮੁੱਚੇ ਸਟਾਫ ਵੱਲੋਂ ਚੁਣੇ ਗਏ ਵਿਦਿਆਰਥੀਆਂ ਅਤੇ ਐੱਨ ਸੀ ਸੀ ਦੇ ਸੀ. ਟੀ. ਓ. ਸਰਦਾਰ ਨਿਰਮਲਜੀਤ ਸਿੰਘ ਨੂੰ ਵਧਾਈ ਦਿੱਤੀ ਗਈ।



# ਮਿੰਨੀ ਬੱਸਾਂ ਦੇ ਰੱਦ ਕੀਤੇ ਪਰਮਿਟ ਬਹਾਲ ਕਰਨ ਦੀ ਮੰਗ ਨੂੰ ਲੈ ਕੇ ਮੰਤਰੀਆਂ ਨੂੰ ਭੇਜੇ ਮੰਗ ਪੱਤਰ



**ਅੰਮ੍ਰਿਤਸਰ, 11 ਅਪ੍ਰੈਲ (ਸੋਨੂ ਨਰੂਲਾ)** ਪਿਛਲੇ 2 ਸਾਲਾਂ ਤੋਂ ਲੋਪੋਕੇ-ਚੋਗਾਵਾਂ ਰੋਡ ਤੋਂ ਅੰਮ੍ਰਿਤਸਰ ਚਲਦੀਆਂ ਮਿੰਨੀ ਬੱਸਾਂ ਦੇ ਰੱਦ ਕੀਤੇ ਪਰਮਿਟ ਬਹਾਲ ਕਰਨ ਦੀ ਮੰਗ ਨੂੰ ਲੈ ਮਿੰਨੀ ਬੱਸਾਂ ਆਪਰੇਟਰ ਯੂਨੀਅਨ ਚੋਗਾਵਾਂ ਲੋਪੋਕੇ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਵਿੱਤ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਨਾਂਅ ਤੇ ਮੰਗ ਪੱਤਰ ਭੇਜੇ ਗਏ। ਮੰਗ ਪੱਤਰ ਵਿੱਚ ਬਾਬਾ ਅਵਤਾਰ ਸਿੰਘ ਤਾਰੀ, ਡਾ. ਨਰਿੰਦਰ ਕੁਮਾਰ ਨੇ ਕਿਹਾ ਕਿ 1990/92 ਵਿੱਚ ਜ਼ਿਲ੍ਹੇ ਦੇ ਡੀਸੀ ਨੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਵਜੋਂ ਮਿੰਨੀ ਬੱਸਾਂ ਦੇ ਪਰਮਿਟ ਜਾਰੀ ਕੀਤੇ ਸਨ। ਪਿਛਲੇ ਲੰਮੇ ਸਮੇਂ ਤੋਂ ਉਹ ਮਿੰਨੀ ਬੱਸਾਂ ਚਲਾ ਕੇ ਆਪਣੇ ਪਰਿਵਾਰ ਦਾ ਗੁਜ਼ਾਰਾ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਲੋਪੋਕੇ ਚੋਗਾਵਾਂ ਰੋਡ ਤੇ 50 ਬੱਸਾਂ ਵਿੱਚੋ 30 ਬੱਸਾਂ ਦੇ ਪਰਮਿਟ ਰੱਦ ਕਰ ਦਿੱਤੇ ਗਏ ਹਨ। 20 ਬੱਸਾਂ ਚੱਲ ਰਹੀਆਂ ਹਨ। ਉਨ੍ਹਾਂ ਦੀਆਂ ਬੰਦ ਕੀਤੀਆਂ 30 ਬੱਸਾਂ ਕਿਉਂ ਨਹੀਂ ਚੱਲ ਸਕਦੀਆਂ? ਇਸ ਸਬੰਧੀ ਅਸੀਂ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ, ਟਰਾਂਸਪੋਰਟ ਮੰਤਰੀ ਅਤੇ ਹੋਰਨਾ ਮੰਤਰੀਆਂ ਨੂੰ ਆਪਣੀਆਂ ਮੁਸ਼ਕਲਾਂ ਬਾਰੇ ਦੱਸਿਆ ਕਿ ਮਿਨੀ ਬੱਸਾਂ ਬੰਦ ਹੋਣ ਨਾਲ ਸੈਂਕੜੇ ਪਰਿਵਾਰਾਂ ਨੂੰ ਰੋਜੀ ਰੋਟੀ ਦੇ ਲਾਲੇ ਪੈ ਗਏ ਹਨ। ਉਨ੍ਹਾਂ ਕੋਲ ਹੋਰ ਕਮਾਈ ਦਾ ਕੋਈ ਸਾਧਨ ਨਹੀਂ ਹੈ।ਪਰ ਅਜੇ ਤੱਕ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਹੋਈ? ਉਨ੍ਹਾਂ ਮੰਗ ਪੱਤਰ ਵਿੱਚ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੇ ਰੱਦ ਕੀਤੇ ਪਰਮਿਟ ਬਹਾਲ ਕਰਕੇ ਉਨਾਂ ਦਾ ਰੁਜ਼ਗਾਰ ਚਾਲੂ ਕੀਤਾ ਜਾਵੇ। ਇਸ ਮੌਕੇ ਰਾਜ ਭੁਪਿੰਦਰ ਸਿੰਘ, ਗੁਰਵਿੰਦਰ ਸਿੰਘ ਮੋਹਲੇਕੇ, ਸੁਖਦੇਵ ਸਿੰਘ ਟਪਿਆਲਾ, ਚੱਬਾ ਟਪਿਆਲਾ, ਦਿਲਦਾਰ ਸਿੰਘ, ਕੁਲਦੀਪ ਸਿੰਘ, ਇੰਦਰਜੀਤ ਅਰੋੜਾ, ਗੁਰਭੇਜ ਸਿੰਘ ਮੇਜਰ ਸਿੰਘ, ਸੁਰਿੰਦਰ ਸਿੰਘ ਮੋਹਲੇਕੇ, ਆਦਿ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੁੱਟਰ (ਲੜਕੇ) ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਇਨਾਮ ਵੰਡ ਸਮਾਰੋਹ ਇੱਕ ਸ਼ਲਾਘਾਯੋਗ ਕਦਮ - ਗੁਰਦਿਆਲ ਸਿੰਘ ਮਠਾੜੂ





**ਮੋਗਾ 11 ਅਪ੍ਰੈਲ (ਸਤਨਾਮ ਸਿੰਘ ਘਾਰੂ)** ਬੇਸ਼ੱਕ ਸਕੂਲ ਦੀ ਪੜ੍ਹਾਈ ਛੱਡਣ ਤੋਂ ਬਾਅਦ ਵਿਦਿਆਰਥੀ ਆਪਣੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਉੱਚ ਸਿੱਖਿਆ ਜਾਂ ਰੋਜ਼ੀ ਰੋਟੀ ਦੀ ਭਾਲ ਵਿੱਚ ਵਿਅਸਤ ਹੋ ਜਾਂਦੇ ਹਨ, ਜੋ ਜ਼ਰੂਰੀ ਵੀ ਹੈ ਪਰ ਫਿਰ ਵੀ ਕੁੱਝ ਵਿਦਿਆਰਥੀ ਆਪਣੇ ਸਕੂਲ ਅਤੇ ਅਧਿਆਪਕਾਂ ਨਾਲ ਜੁੜੇ ਰਹਿਣਾ ਪਸੰਦ ਕਰਦੇ ਹਨ। ਇਸ ਤਰ੍ਹਾਂ ਦੀ ਇੱਕ ਮਿਸਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਬੁੱਟਰ ਦੇ ਪੁਰਾਣੇ ਵਿਦਿਆਰਥੀ ਸੁਖਵੀਰ ਸਿੰਘ ਪੁੱਤਰ ਤੀਰਥ ਸਿੰਘ, ਹਰਵਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਅਤੇ ਸੁਖਜਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਨੇ ਪੇਸ਼ ਕੀਤੀ। ਉਨ੍ਹਾਂ ਨੇ ਇਕੱਠੇ ਹੋ ਕੇ ਸੈਸ਼ਨ 2024-25 ਅਤੇ 2025-26 ਦੇ ਛੇਵੀਂ ਤੋਂ ਬਾਰ੍ਹਵੀਂ ਤੱਕ ਦੇ ਪਹਿਲਾ ਦੂਜਾ ਅਤੇ ਤੀਜਾ ਸਥਾਨ ਗ੍ਰਹਿਣ ਕਰਨ ਵਾਲੇ ਲੱਗਭਗ ਸੱਠ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਵਿਸ਼ੇਸ਼ ਉਪਰਾਲੇ ਵਾਸਤੇ ਸਾਇੰਸ ਮਿਸਟਰੈੱਸ ਸ਼੍ਰੀਮਤੀ ਤਨਜੀਤ ਕੌਰ ਨੇ ਵਿਸ਼ੇਸ਼ ਭੂਮਿਕਾ ਨਿਭਾਈ ਅਤੇ ਸਕੂਲ ਮੁਖੀ ਗੁਰਬੰਤ ਸਿੰਘ ਰਣੀਆਂ ਨੂੰ ਪੁਰਾਣੇ ਵਿਦਿਆਰਥੀਆਂ ਦੀ ਇਨਾਮ ਵੰਡ ਸਮਾਰੋਹ ਦੀ ਇੱਛਾ ਪ੍ਰਤੀ ਗੁਜ਼ਾਰਿਸ਼ ਕੀਤੀ। ਸਮੂਹ ਸਟਾਫ਼ ਨਾਲ ਸਲਾਹ ਮਸ਼ਵਰਾ ਕਰਨ ਤੋਂ ਬਾਅਦ ਸਕੂਲ ਮੁਖੀ ਨੇ ਵਿਦਿਆਰਥੀਆਂ ਵੱਲੋਂ ਬਾ ਕਮਾਲ ਪਹਿਲ ਦੀ ਸਰਾਹਨਾ ਕੀਤੀ ਅਤੇ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ। ਇਸ ਇਨਾਮ ਵੰਡ ਸਮਾਰੋਹ ਵਿੱਚ ਵਿਸ਼ੇਸ਼ ਤੌਰ ਤੇ ਗੁਰਦਿਆਲ ਸਿੰਘ ਮਠਾੜੂ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮੋਗਾ ਨੇ ਸ਼ਿਰਕਤ ਕੀਤੀ ਅਤੇ ਕਿਹਾ ਵਿਦਿਆਰਥੀਆਂ ਵੱਲੋਂ ਸਨਮਾਨ ਚਿੰਨ੍ਹ ਭੇਟ ਕਰਨਾ ਇੱਕ ਸ਼ਲਾਘਾਯੋਗ ਕਦਮ ਹੈ ਅਤੇ ਇਹ ਉਪਰਾਲਾ ਵਿਦਿਆਰਥੀਆਂ ਦੀਆਂ ਕਦਰਾਂ ਕੀਮਤਾਂ ਸੰਸਕਾਰ ਅਤੇ ਅਧਿਆਪਕਾਂ ਪ੍ਰਤੀ ਸਤਿਕਾਰ ਦਾ ਪ੍ਰਤੀਕ ਹੈ। ਉਨ੍ਹਾਂ ਨੇ ਸਾਰੇ ਸਤਿਕਾਰਯੋਗ ਮਾਪਿਆਂ, ਵਿਦਿਆਰਥੀਆਂ ਅਧਿਆਪਕਾਂ ਅਤੇ ਪਤਵੰਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਹਰ ਪ੍ਰਕਾਰ ਦੀ ਸੁਵਿਧਾ ਮੌਜੂਦ ਹੈ ਅਤੇ ਵੱਧ ਤੋਂ ਵੱਧ ਬੱਚਿਆਂ ਦਾ ਦਾਖਲਾ ਕਰਵਾਉਣ ਲਈ ਸਾਨੂੰ ਕੋਸ਼ਿਸ਼ ਕਰਨੀ ਚਾਹੀਦੀ ਹੈ। ਪੁਰਾਣੇ ਵਿਦਿਆਰਥੀਆਂ ਨੇ ਕਿਹਾ ਕਿ ਸਕੂਲ ਵਿੱਚ ਪੜ੍ਹਦੇ ਸਮੇਂ ਅਧਿਆਪਕਾਂ ਵੱਲੋਂ ਪੜ੍ਹਾਈ ਦੇ ਨਾਲ ਨਾਲ ਸਮਝਾਏ ਗਏ ਜ਼ਿੰਦਗੀ ਸਫਲ ਬਣਾਉਣ ਦੇ ਨੁਕਤੇ ਹਮੇਸ਼ਾ ਯਾਦ ਆਉਂਦੇ ਹਨ ਅਤੇ ਜ਼ਿੰਦਗੀ ਦਾ ਹਿੱਸਾ ਬਣ ਚੁੱਕੇ ਹਨ। ਉਨ੍ਹਾਂ ਨੇ ਆਪਣੇ ਪੁਰਾਣੇ ਅਧਿਆਪਕ ਕੰਵਲਜੀਤ ਕੌਰ,ਸੁਖਮੰਦਰ ਸਿੰਘ, ਰਮਨਦੀਪ ਸਿੰਘ ਅਤੇ ਬਲਵੀਰ ਸਿੰਘ ਨੂੰ ਯਾਦ ਕਰਦਿਆਂ ਕਿਹਾ ਕਿ ਅਸੀਂ ਖੁਸ਼ਕਿਸਮਤ ਹਾਂ ਕਿ ਸਾਨੂੰ ਐਹੋ ਜਿਹੇ ਅਧਿਆਪਕ ਮਿਲੇ ਜਿਨ੍ਹਾਂ ਨੇ ਸਾਨੂੰ ਹਮੇਸ਼ਾ ਸੱਚ ਦਾ ਮਾਰਗ ਚੁਨਣ ਲਈ ਪ੍ਰੇਰਿਤ ਕੀਤਾ। ਸਕੂਲ ਮੁਖੀ ਵੱਲੋਂ ਖਾਣ ਪੀਣ ਦੀਆਂ ਅਲੱਗ ਅਲੱਗ ਸਟਾਲ ਦਾ ਕੀਤਾ ਗਿਆ ਆਯੋਜਨ ਵੀ ਖਿੱਚ ਦਾ ਕੇਂਦਰ ਬਣਿਆ ਅਤੇ ਮਹਿਮਾਨਾਂ ਨੇ ਇਸ ਵਿਸ਼ੇਸ਼ ਉਪਰਾਲੇ ਵਾਸਤੇ ਸਕੂਲ ਸਟਾਫ਼ ਦਾ ਧੰਨਵਾਦ ਕੀਤਾ । ਸਕੂਲ ਮੁਖੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿਦਿਆਰਥੀਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਸਕੂਲ ਸਟਾਫ਼ ਹਮੇਸ਼ਾ ਤਤਪਰ ਹੈ ਅਤੇ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਬੁਲੰਦੀਆਂ ਛੂਹਣ ਲਈ ਹਰ ਸੰਭਵ ਕੋਸ਼ਿਸ਼ ਕਰਦਾ ਰਹੇਗਾ । ਇਸ ਮੌਕੇ ਸਮੂਹ ਸਟਾਫ ਅਧਿਆਪਕ ਜਗਦੀਪ ਸਿੰਘ, ਰਵੀਜੋਤ ਕੌਰ, ਸੈਰਿਸ਼ ਚੁੱਘ, ਪਰਮਿੰਦਰ ਕੌਰ, ਨਿਹਾਰਿਕਾ, ਤਨਜੀਤ ਕੌਰ, ਸਵਰਨਜੀਤ ਕੌਰ, ਮੋਨਾ ਰਾਣੀ, ਕੁਸਮ ਲਤਾ,ਮਨਪ੍ਰੀਤ ਕੌਰ, ਸੁਖਦੀਪ ਕੌਰ, ਸਤਿਨਾਮ ਸਿੰਘ ਢਿੱਲੋਂ, ਜਸਪ੍ਰੀਤ ਸਿੰਘ, ਗਗਨਦੀਪ ਸਿੰਘ, ਸਰਬਜੋਤ ਸਿੰਘ ਗਿੱਲ, ਸੂਬੇਦਾਰ ਦਰਸ਼ਨ ਸਿੰਘ ਅਤੇ ਕੈਪਟਨ ਜਸਵੰਤ ਸਿੰਘ ਮੌਜੂਦ ਰਹੇ।

# ਸੀਨੀਅਰ ਭਾਜਪਾ ਨੇਤਰੀ ਬੀਬੀ ਰਾਏ ਦੀ ਮਾਤਾ ਹਰਬੰਸ ਕੌਰ ਦੇ ਸੰਸਕਾਰ ਤੇ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਮੁਖੀ ਪਹੁੰਚੇ



**ਸ੍ਰੀ ਚਮਕੌਰ ਸਾਹਿਬ 11 ਅਪ੍ਰੈਲ (ਅਮਰਜੀਤ ਸਿੰਘ ਕਲਸੀ)** ਸਾਬਕਾ ਐਮ ਐਲ ਏ ਸਰਦਾਰ ਸ਼ਮਸ਼ੇਰ ਸਿੰਘ ਰਾਏ ਜੀ ਦੀ ਧਰਮ ਪਤਨੀ ਅਤੇ ਸੀਨੀਅਰ ਭਾਜਪਾ ਨੇਤਰੀ ਬੀਬੀ ਅਮਨਪ੍ਰੀਤ ਕੌਰ ਰਾਏ ਜੀ ਦੀ ਮਾਤਾ ਸ਼੍ਰੀਮਤੀ ਹਰਬੰਸ ਕੌਰ ਸਦੀਵੀ ਵਿਛੋੜਾ ਦੇ ਗਏ ਹਨ ਉਨ੍ਹਾਂ ਦਾ 9 ਤਰੀਕ ਦਿਨ ਵੀਰਵਾਰ ਨੂੰ ਸ਼ਮਸ਼ਾਨ ਘਾਟ ਮੋਹਾਲੀ ਵਿਖੇ ਸੰਸਕਾਰ ਕੀਤਾ ਗਿਆ ਸ਼੍ਰੀਮਤੀ ਹਰਬੰਸ ਕੌਰ ਦੇ ਜਾਣ ਨਾਲ ਪਰਿਵਾਰ ਨੂੰ ਗਹਿਰਾ ਸਦਮਾ ਲੱਗਾ ਹੈ। ਜਾਣਕਾਰੀ ਮੁਤਾਬਿਕ ਸ਼੍ਰੀਮਤੀ ਹਰਬੰਸ ਕੌਰ ਗੌਰਮੈਂਟ ਕਾਲਜ ਰੋਪੜ ਦੇ ਪ੍ਰਿੰਸੀਪਲ ਰਹੇ ਹਨ, ਉਨ੍ਹਾਂ ਦੀ ਪਰਵਰਿਸ਼ ਸਦਕਾ ਅੱਜ ਉਨਾ ਦੀ ਸਪੁੱਤਰੀ ਬੀਬਾ ਅਮਨਪ੍ਰੀਤ ਕੌਰ ਰਾਏ ਲੋਕ ਭਲਾਈ ਦੇ ਕੰਮਾਂ ਵਿੱਚ ਹਮੇਸ਼ਾ ਤੱਤਪਰ ਰਹਿੰਦੇ ਹਨ । ਇਸ ਮਹਾਨ ਸ਼ਖਸ਼ੀਅਤ ਦਾ ਇਸ ਸੰਸਾਰ ਨੂੰ ਅਲਵਿਦਾ ਕਹਿ ਦੇਣਾ ਬਹੁਤ ਦੁੱਖ ਭਰਿਆ ਹੈ ਉਨਾਂ ਦੇ ਅੰਤਿਮ ਸੰਸਕਾਰ ਮੌਕੇ ਮੋਰਿੰਡਾ ਰੋਪੜ ਖਰੜ ਮੋਹਾਲੀ ਇਲਾਕੇ ਤੋਂ ਰਾਜਨੀਤਿਕ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਨੇ ਪਹੁੰਚ ਕੇ ਉਹਨਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਦੁੱਖ ਦੇ ਮੌਕੇ ਤੇ ਪਰਿਵਾਰ ਨਾਲ ਭਾਜਪਾ ਨੇਤਾ ਡਾਕਟਰ ਸੁਭਾਸ਼ ਸ਼ਰਮਾ , ਪੰਜਾਬ ਬੀਜੇਪੀ ਦੇ ਵਾਈਸ ਪ੍ਰਧਾਨ ਸਰਦਾਰ ਜਤਿੰਦਰ ਸਿੰਘ ਅਟਵਾਲ ਸਾਬਕਾ ਜਿਲਾ ਪ੍ਰਧਾਨ ਰੋਪੜ, ਹਰਮਿੰਦਰ ਪਾਲ ਸਿੰਘ ਆਲੂਵਾਲੀਆ ਕਿਸਾਨ ਮੋਰਚਾ ਪੰਜਾਬ ਕਾਰਜ ਕਰਨੀ ਮੈਂਬਰ, ਨਰਿੰਦਰ ਰਾਣਾ, ਜਿਲ੍ਹਾ ਪਲਾਨਿੰਗ ਬੋਰਡ ਦੇ ਸਾਬਕਾ ਚੇਅਰਮੈਨ ਵਿਜੇ ਕੁਮਾਰ ਸ਼ਰਮਾ, ਜਤਿੰਦਰ ਗੁੰਬਰ ਜ਼ਿਲਾ ਸਕੱਤਰ ਸੰਜੀਵ ਸੂਦ , ਸਟੇਟ ਲੋਕਲ ਬਾਡੀ ਸੈਲ ਪੰਜਾਬ ਹਰਸ਼ ਕੋਹਲੀ , ਰਮਨ ਭੋਲਾ ਸਾਬਕਾ ਡੀ ਓ ਨਵਜੋਤ ਸਿੰਘ, ਭਾਗ ਸਿੰਘ, ਟੇਕ ਚੰਦ ਸ਼ਰਮਾ, ਪੁਨੀਤ ਮਿੱਤਲ, ਉਮੇਸ਼ ਸ਼ਰਮਾ, ਰਾਧੇ ਸ਼ਾਮ ਸ਼ਰਮਾ ਜਿਲਾ ਮਹਿਲਾ ਮੋਰਚਾ ਪ੍ਰਧਾਨ ਮੋਨਿਕਾ ਕੱਕੜ, ਜਿਲਾ ਵਾਈਸ ਪ੍ਰਧਾਨ ਹਰਨੇਕ ਸਿੰਘ, ਰਮਨ ਮੱਟੂ ਅਤੇ ਸ਼ਹਿਰ ਦੀਆਂ ਸਮਾਜਿਕ ਤੇ ਧਾਰਮਿਕ ਤੇ ਰਾਜਨੀਤਿਕ ਸਾਰੀ ਸੰਸਥਾਵਾਂ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਭਾਗਵਤ ਕਥਾ ਭਗਵਾਨ ਕ੍ਰਿਸ਼ਨ ਦਾ ਦੂਸਰਾ ਰੂਪ - ਅਸ਼ੋਕ ਧੀਮਾਨ



**ਬੱਸੀ ਪਠਾਣਾਂ, 11 ਅਪ੍ਰੈਲ (ਰਾਜਨ ਭੱਲਾ)** ਸਥਾਨਕ ਅਗਰਵਾਲ ਧਰਮਸ਼ਾਲਾ ਵਿੱਖੇ ਚੱਲ ਰਹੀ ਸ਼੍ਰੀਮਦ ਭਾਗਵਤ ਕਥਾ ਦੇ ਛੇਵੇਂ ਦਿਨ ਮੁੱਖ ਮਹਿਮਾਨ ਵਜੋਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਤੇ ਧੀਮਾਨ ਬ੍ਰਾਹਮਣ ਸਭਾ ਦੇ ਪ੍ਰਧਾਨ ਅਸ਼ੋਕ ਧੀਮਾਨ, ਕਾਗਰਸ ਕਮੇਟੀ ਦੇ ਜਿਲ੍ਹਾ ਸੀਨੀਅਰ ਵਾਈਸ ਪ੍ਰਧਾਨ ਕ੍ਰਿਸ਼ਨ ਵਧਵਾ, ਸੀਨੀਅਰ ਕਾਗਰਸੀ ਆਗੂ ਡਾ.ਮਨੋਹਰ ਸਿੰਘ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਅਸ਼ੋਕ ਧੀਮਾਨ ਨੇ ਕਿਹਾ ਕਿ ਭਾਗਵਤ ਕਥਾ ਭਗਵਾਨ ਕ੍ਰਿਸ਼ਨ ਦਾ ਇਕ ਹੋਰ ਰੂਪ ਹੈ ਅਤੇ ਇਸ ਦੇ ਪਾਠ ਕਰਨ ਨਾਲ ਮਨੁੱਖ ਪਾਪਾਂ ਤੋਂ ਮੁਕਤੀ ਪ੍ਰਾਪਤ ਕਰਦਾ ਹੈ ਅਤੇ ਸਾਰੇ ਸੁੱਖਾਂ ਦੀ ਪ੍ਰਾਪਤੀ ਕਰਦਾ ਹੈ। ਭਾਗਵਤ ਕਥਾ ਵਿਚ ਦਿੱਤੇ ਉਪਦੇਸ਼ਾਂ 'ਤੇ ਚੱਲ ਕੇ ਮਨੁੱਖ ਇਸ ਕਲਿਯੁਗ ਵਿਚ ਪਰਮਾਤਮਾ ਦੀ ਪ੍ਰਾਪਤੀ ਕਰ ਸਕਦਾ ਹੈ। ਉਨਾਂ ਨੇ ਕਿਹਾ ਕਿ ਸਨਾਤਨ ਧਰਮ ਦੇ ਅਨੁਸਾਰ, ਭਗਵਾਨ ਵਿਸ਼ਨੂੰ ਮੁੱਖ ਦੇਵਤਾ ਹਨ, ਜੋ ਪਾਪ ਰਹਿਤ ਤੇ ਪਵਿੱਤਰ ਹਨ ਅਤੇ ਸਾਰੇ ਮਨੁੱਖਾਂ ਨੂੰ ਅਨੰਦ ਅਤੇ ਮੁਕਤੀ ਪ੍ਰਦਾਨ ਕਰਦਾ ਹੈ। ਕਥਾ ਦੌਰਾਨ ਮੁੱਖ ਮਹਿਮਾਨ ਅਸ਼ੋਕ ਧੀਮਾਨ, ਕ੍ਰਿਸ਼ਨ ਵਧਵਾ, ਡਾ.ਮਨੋਹਰ ਸਿੰਘ ਤੋਂ ਇਲਾਵਾ ਸੰਸਥਾ ਦੇ ਸਹਿਯੋਗੀ ਸੱਜਣ ਸ਼ਾਮ ਸੁੰਦਰ ਸ਼ਾਸ਼ਤਰੀ, ਵਿਨੋਦ ਸ਼ਰਮਾ, ਭਾਰਤ ਭੂਸ਼ਣ ਸ਼ਰਮਾ ਭਰਤੀ, ਗੁਰਸ਼ਰਨ ਸਿੰਘ ਰੁਪਾਲ, ਰਮੇਸ਼ ਕੁਮਾਰ ਸੀ.ਆਰ, ਚਮਪਤ ਰਾਏ ਪਨੇਸਰ ਚੰਡੀਗੜ੍ਹ, ਸੁਰਿੰਦਰ ਸਿੰਘ ਸੋਨੀ ਪਟਿਆਲਾ, ਰਜਿੰਦਰ ਸ਼ਰਮਾ ਤੇ ਸ਼੍ਰੀਮਤੀ ਆਸ਼ਾ ਰਾਣੀ ਮੋਹਾਲੀ, ਮਹੇਸ਼ ਸ਼ਰਮਾ ਤੇ ਸ਼੍ਰੀਮਤੀ ਸਵਿਤਾ ਸ਼ਰਮਾ ਲੁਧਿਆਣਾ, ਮਾਸਟਰ ਰਾਮ ਲਾਲ, ਪੰਡਿਤ ਲਕਸ਼ਮੀ ਕਾਂਤ ਝਾ, ਜਤਿੰਦਰ ਸ਼ਰਮਾ ਹਨੀ ਨੂੰ ਯਾਦਗਾਰੀ ਬਾਂਕੇ ਬਿਹਾਰੀ ਜੀ ਦਾ ਚਿੱਤਰ ਭੇਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਰਜਿੰਦਰ ਭਨੋਟ, ਪੰਡਿਤ ਹੇਮੰਤ ਪਾਠਕ, ਸ਼੍ਰੀ ਬਾਂਕੇ ਬਾਬਾ ਸ਼੍ਰੀ ਧਾਮ ਵਰਿੰਦਾਵਨ ਵਾਲੇ, ਕਥਾ ਦੇ ਮੁੱਖ ਯਜਮਾਨ ਵਿਸ਼ਾਲ ਸਿੰਗਲਾ, ਪੰਡਿਤ ਕ੍ਰਿਸ਼ਨ ਗੋਪਾਲ ਮੋਦਗਿਲ, ਮੋਹਿਤ ਝੰਜੀ, ਵਿਜੈ ਸ਼ਰਮਾ, ਮਨੀਸ਼ ਸ਼ਰਮਾ, ਉਦੈ ਧੀਮਾਨ, ਰਾਜਨ ਭੱਲਾ, ਪ੍ਰਦੀਪ ਸੱਪਲ ਸੋਨੂੰ, ਸੁਰਿੰਦਰ ਕੁਮਾਰ ਰਿੰਕੂ, ਸੰਜੀਵ ਸ਼ਰਮਾ ਸੰਜੂ, ਸੁਧੀਰ ਖੰਨਾ, ਸਤਪਾਲ ਭਨੋਟ, ਸ਼ਾਮ ਸੁੰਦਰ ਸ਼ਾਸ਼ਤਰੀ, ਤਿਲਕ ਰਾਜ ਸ਼ਰਮਾ, ਅਨੂਪ ਸਿੰਗਲਾ, ਸੰਦੀਪ ਧੀਰ ਬਿੱਲਾ, ਵਿਨੋਦ ਸ਼ਰਮਾ, ਓਮ ਪ੍ਰਕਾਸ਼ ਤਾਂਗੜੀ, ਕਿਸ਼ੋਰੀ ਲਾਲ ਚੁੱਘ, ਰਾਜ ਕੁਮਾਰ ਵਧਵਾ, ਪਵਨ ਸ਼ਰਮਾ, ਮਨਜੀਤ ਸਿੰਘ ਨੰਦਪੁਰ ਕਲੌੜ, ਰਮੇਸ਼ ਗੌਤਮ, ਗੋਪਾਲ ਕ੍ਰਿਸ਼ਨ ਹਸੀਜਾ, ਗੋਲਡੀ, ਗੁਰਚਰਨ ਦਾਸ ਵਿਰਦੀ, ਇੰਦਰਜੀਤ ਸਿੰਘ ਭੋਲਾ, ਸੰਨੀ ਝੰਜੀ, ਭੁਸ਼ਨ ਕਾਲਰਾ, ਭਾਰਤ ਭੁਸ਼ਨ ਸ਼ਰਮਾ ਭਰਤੀ, ਨਰਵੀਰ ਧੀਮਾਨ ਜੋਨੀ, ਜਤਿੰਦਰ ਗੁਰਾਨੀ ਬਿੱਲੂ, ਰਾਕੇਸ਼ ਰਬੜ, ਆਦਿ ਹਾਜ਼ਰ ਸਨ।

# ਉਸਾਰੀ ਕਿਰਤੀਆਂ ਦੇ ਮਸਲੇ ਹੋਣਗੇ ਹੱਲ, ਮੀਟਿੰਗ 'ਚ ਯੂਨੀਅਨ ਏਟਕ ਨੂੰ ਕਿਰਤ ਕਮਿਸ਼ਨਰ ਦਾ ਭਰੋਸਾ

## ਕੰਨਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਏਟਕ) ਨਾਲ ਕੀਤੀ ਮੀਟਿੰਗ, ਕਿਰਤ ਮੰਤਰੀ ਦੇ ਘਰ ਦਾ ਘਿਰਾਓ ਕਰਨ ਦਾ ਪ੍ਰੋਗਰਾਮ ਅਣਮਿੱਥੇ ਸਮੇਂ ਲਈ ਮੁਲਤਵੀ



**ਜਲਾਲਾਬਾਦ 11 ਅਪ੍ਰੈਲ (ਗਗਨ ਵਾਟਸ)** ਕੰਨਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਪੰਜਾਬ ਵੱਲੋਂ ਉਸਾਰੀ ਕਿਰਤੀ ਲਾਭਪਾਤਰੀਆਂ ਦੇ ਹੱਕਾਂ ਦੀ ਪ੍ਰਾਪਤੀ ਲਈ ਪਿਛਲੇ ਲੰਬੇ ਸਮੇਂ ਤੋਂ ਉਹਨਾਂ ਦੀ ਲਾਮਬੰਦੀ ਅਤੇ ਉਹਨਾਂ ਦੇ ਮਸਲੇ ਹੱਲ ਕਰਵਾਉਣ ਲਈ ਪੰਜਾਬ ਭਰ ਵਿੱਚ ਸੰਘਰਸ਼ ਵਿੱਢਿਆ ਹੋਇਆ ਸੀ। ਸੰਘਰਸ਼ ਦੀ ਪਹਿਲੀ ਲੜੀ ਤਹਿਤ 26 ਫਰਵਰੀ 2026 ਨੂੰ ਜ਼ਿਲ੍ਹਾ ਹੈੱਡ ਕੁਆਰਟਰਾਂ 'ਤੇ ਅਸਿਸਟੈਂਟ ਲੇਬਰ ਕਮਿਸ਼ਨਰ ਦਫਤਰਾਂ ਸਾਹਮਣੇ ਰੋਸ ਪ੍ਰਦਰਸ਼ਨ ਕੀਤੇ ਗਏ ਅਤੇ ਫਿਰ ਵੀ ਮਸਲੇ ਹੱਲ ਨਾ ਹੋਣ 'ਤੇ ਲੇਬਰ ਕਮਿਸ਼ਨਰ ਮੋਹਾਲੀ ਸਾਹਮਣੇ 27 ਮਾਰਚ ਨੂੰ ਸੂਬਾ ਪੱਧਰੀ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਹੀ ਆਗੂਆਂ ਵੱਲੋਂ ਐਲਾਨ ਕਰ ਦਿੱਤਾ ਗਿਆ ਸੀ, ਕਿ ਜੇਕਰ ਕਿਰਤ ਵਿਭਾਗ ਵੱਲੋਂ ਉਸਾਰੀ ਕਿਰਤੀਆਂ ਦੇ ਮਸਲੇ ਤੁਰੰਤ ਹੱਲ ਨਹੀਂ ਕੀਤੇ ਜਾਂਦੇ ਤਾਂ ਅਗਲਾ ਵੱਡਾ ਐਕਸ਼ਨ ਪੰਜਾਬ ਸਰਕਾਰ ਦੇ ਕਿਰਤ ਮੰਤਰੀ ਦੇ ਘਰ ਦਾ ਘਿਰਾਓ ਕਰਕੇ ਵੱਡਾ ਐਕਸ਼ਨ ਕੀਤਾ ਜਾਵੇਗਾ। ਇਸ ਤੋਂ ਤੁਰੰਤ ਬਾਅਦ ਕਿਰਤ ਵਿਭਾਗ ਵੱਲੋਂ ਯੂਨੀਅਨ ਦੇ ਆਗੂਆਂ ਨਾਲ ਲੇਬਰ ਕਮਿਸ਼ਨਰ ਵੱਲੋਂ ਮੀਟਿੰਗ ਕਰਨ ਦਾ ਸੱਦਾ ਦਿੱਤਾ ਗਿਆ, ਜਿਸ ਸਬੰਧੀ ਅੱਜ ਪੰਜਾਬ ਭਰ ਤੋਂ ਆਏ ਯੂਨੀਅਨ ਆਗੂਆਂ ਦੀ ਟੀਮ ਨੇ ਕਿਰਤ ਕਮਿਸ਼ਨਰ ਸਾਹਮਣੇ ਆਪਣੀਆਂ ਮੰਗਾਂ ਨੂੰ ਰੱਖਿਆ ਅਤੇ ਉਹਨਾਂ ਨੇ ਉਸਾਰੀ ਕਿਰਤੀਆਂ ਦੀਆਂ ਮੰਗਾਂ ਨੂੰ ਜਾਇਜ਼ ਮੰਨਦਿਆਂ ਤੁਰੰਤ ਹੱਲ ਕਰਨ ਦਾ ਭਰੋਸਾ ਦਵਾਉਂਦਿਆਂ ਆਪਣੇ ਹੇਠਲੇ ਅਧਿਕਾਰੀਆਂ ਨੂੰ ਤੁਰੰਤ ਹੁਕਮ ਜਾਰੀ ਕੀਤੇ ਕਿ ਇਹਨਾਂ ਮੁਸ਼ਕਲਾਂ ਦੇ ਹੱਲ ਲਈ ਤੁਰੰਤ ਪੱਤਰ ਜਾਰੀ ਕੀਤੇ ਜਾਣ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਕੰਨਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਜਨਰਲ ਸਕੱਤਰ ਸਾਥੀ ਸੁਖਦੇਵ ਸ਼ਰਮਾ, ਏਟਕ ਦੇ ਜਥੇਬੰਦਕ ਸਕੱਤਰ ਕਾਮਰੇਡ ਅਮਰਜੀਤ ਆਸਲ, ਯੂਨੀਅਨ ਆਗੂ ਪ੍ਰਦੀਪ ਚੀਮਾ,ਭਰਪੂਰ ਬੁੱਲਾਪੁਰ, ਪਰਮਜੀਤ ਢਾਬਾਂ ਅਤੇ ਖੁਸ਼ੀਆ ਸਿੰਘ ਨੇ ਦੱਸਿਆ ਕਿ ਕਿਰਤ ਕਮਿਸ਼ਨਰ ਨਾਲ ਮੀਟਿੰਗ 'ਚ ਸਾਰਥਿਕ ਗੱਲਬਾਤ ਹੋਈ ਹੈ। ਆਗੂਆਂ ਨੇ ਦੱਸਿਆ ਕਿ ਲੇਬਰ ਕਮਿਸ਼ਨਰ ਕੋਲ ਮੁੱਖ ਤੌਰ ਤੇ ਉਸਾਰੀ ਕਿਰਤੀਆਂ ਨੂੰ ਕੰਮਕਾਜ ਕਰਾਉਣ ਲਈ ਲਗਾਤਾਰ ਸਾਈਟ ਬੰਦ ਰਹਿਣ ਬਾਰੇ ਨੋਟਿਸ ਲੈਣ ਲਈ ਕਿਹਾ ਗਿਆ ਤਾਂ ਉਹਨਾਂ ਨੇ ਤੁਰੰਤ ਐਨ ਆਈ ਸੀ ਦੇ ਅਧਿਕਾਰੀਆਂ ਨੂੰ ਇਸ ਦਾ ਹੱਲ ਕਰਨ ਜਾਂ ਫਿਰ ਕਾਰਵਾਈ ਦਾ ਸਾਹਮਣਾ ਕਰਨ ਦੇ ਆਦੇਸ਼ ਦਿੱਤੇ ਹਨ। 27 ਨੰਬਰ ਫਾਰਮ ਦੀ ਸਮੱਸਿਆ,ਬੁਢਾਪਾ ਪੈਨਸ਼ਨ, ਐਕਸ ਗ੍ਰੇਸ਼ੀਆ ਸਕੀਮ, ਉਸਾਰੀ ਕਿਰਤੀਆਂ ਦੇ ਬੱਚਿਆਂ ਨੂੰ ਵਜ਼ੀਫਾ ਭਰਨ ਵਿੱਚ ਵਿਦਿਅਕ ਸੰਸਥਾਵਾਂ ਵੱਲੋਂ ਆ ਰਹੀਆਂ ਮੁਸ਼ਕਿਲਾਂ ਤੋਂ ਇਲਾਵਾ ਓਲਡ ਪੋਰਟਲ ਕੇਸਾਂ ਅਤੇ ਲੰਬੇ ਸਮੇਂ ਤੋਂ ਲੰਬਿਤ ਪਏ ਕੇਸਾਂ ਦੇ ਨਿਪਟਾਰੇ ਬਾਰੇ ਤੁਰੰਤ ਹੱਲ ਕਰਨ ਲਈ ਕਿਹਾ ਗਿਆ, ਜਿਸ 'ਤੇ ਕਿਰਤ ਕਮਿਸ਼ਨਰ ਵੱਲੋਂ ਭਰੋਸਾ ਦਿੱਤਾ ਗਿਆ ਕਿ ਉਹਨਾਂ ਦੇ ਮਸਲੇ ਤੁਰੰਤ ਹੱਲ ਕਰਨ ਲਈ ਅਮਲ ਸ਼ੁਰੂ ਕੀਤਾ ਜਾਵੇਗਾ। ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਉਸਾਰੀ ਕਿਰਤੀਆਂ ਦੇ ਮਸਲਿਆਂ ਦੇ ਹੱਲ ਲਈ ਦਿੱਤੇ ਭਰੋਸੇ ਮਗਰੋਂ ਭਵਿੱਖੀ ਐਕਸ਼ਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰਦੇ ਹਨ। ਨਾਲ ਹੀ ਆਗੂਆਂ ਨੇ ਇਹ ਵੀ ਚੇਤਾਵਨੀ ਦਿੱਤੀ ਹੈ ਕਿ ਜੇਕਰ ਮਸਲਿਆਂ ਨੂੰ ਕੁਝ ਹੀ ਦਿਨਾਂ ਦੇ ਵਿੱਚ ਹੱਲ ਕਰਨ ਦਾ ਅਮਲ ਤੁਰੰਤ ਸ਼ੁਰੂ ਨਾ ਕੀਤਾ ਗਿਆ,ਤਾਂ ਭਵਿੱਖ ਵਿੱਚ ਵੱਡਾ ਐਕਸ਼ਨ ਦਾ ਐਲਾਨ ਕਰ ਦਿੱਤਾ ਜਾਵੇਗਾ। ਇਸ ਮੌਕੇ ਹੋਰਾਂ ਤੋਂ ਇਲਾਵਾ ਸੂਬਾਈ ਆਗੂ ਸੋਨਾ ਧੂੰਨਕੀਆਂ, ਦਸਵਿੰਦਰ ਕੌਰ, ਪਰਮਜੀਤ ਸਿੰਘ ਮੋਗਾ, ਸੁਰਿੰਦਰ ਭੈਣੀ ਅਤੇ ਰਵੀ ਦੱਤ ਵੀ ਹਾਜ਼ਰ ਸਨ।

# ਜੀ.ਐਨ.ਡੀ. ਸਕੂਲ ਦਾ 5ਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਕੋਟਕਪੂਰਾ, 11 ਅਪ੍ਰੈਲ (ਟਿੰਕੂ ਕੁਮਾਰ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਪੰਜਵੀਂ ਜਮਾਤ ਦੇ ਨਤੀਜਿਆਂ ਵਿੱਚ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਜੀਵਨਵਾਲਾ/ਘਣੀਏਵਾਲਾ ਦਾ ਨਤੀਜਾ ਬੇਹੱਦ ਸ਼ਾਨਦਾਰ ਰਿਹਾ। ਇਸ ਪ੍ਰਾਪਤੀ ਵਿੱਚ ਮੋਹਿਤ ਰਾਮ (ਪੁੱਤਰ ਕੁਲਵੰਤ ਰਾਮ) ਅਤੇ ਰੌਣਕਪ੍ਰੀਤ ਕੌਰ (ਪੁੱਤਰੀ ਗੁਰਪ੍ਰੀਤ ਸਿੰਘ) ਨੇ 100 ਫੀਸਦੀ ਅੰਕ ਪ੍ਰਾਪਤ ਕਰਕੇ ਸਭ ਤੋਂ ਉੱਚਾ ਮਕਾਮ ਹਾਸਲ ਕੀਤਾ। ਇਸ ਤੋਂ ਇਲਾਵਾ ਅਮਨਜੋਤ ਕੌਰ (ਪੁੱਤਰੀ ਸੁਖਚੈਨ ਸਿੰਘ) ਨੇ 99.4 ਫੀਸਦੀ ਅਤੇ ਕਨਿਸ਼ਕਾ ਅਰੋੜਾ (ਪੁੱਤਰੀ ਜਤਿੰਦਰ ਕੁਮਾਰ) ਨੇ 99.2 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਮੈਰਿਟ ਵਿੱਚ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੇ ਆਪਣੀ ਮਿਹਨਤ, ਲਗਨ ਅਤੇ ਅਧਿਆਪਕਾਂ ਦੀ ਰਹਿਨੁਮਾਈ ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਸਕੂਲ ਮੈਨੇਜਮੈਂਟ ਕਮੇਟੀ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਦਿਲੋਂ ਵਧਾਈ ਦਿੰਦਿਆਂ ਉਨ੍ਹਾਂ ਦੇ ਚਮਕਦੇ ਭਵਿੱਖ ਲਈ ਆਪਣੀਆਂ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ।

# ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਲਈ ਵੋਟਰ ਸੂਚੀਆਂ ਦੀ ਸੋਧ ਪ੍ਰਕਿਰਿਆ 17 ਅਪ੍ਰੈਲ ਤੋਂ 23 ਅਪ੍ਰੈਲ ਤੱਕ ਕਰਵਾਈ ਜਾਵੇਗੀ- ਜ਼ਿਲ੍ਹਾ ਚੋਣ ਅਫਸਰ



**ਸ਼੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਲੱਕੀ ਚੜੇਵਾਨ)** ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਆਉਣ ਵਾਲੀਆਂ ਨਗਰ ਨਿਗਮਾਂ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵੋਟਰ ਸੂਚੀਆਂ ਦੀ ਸੋਧ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ । ਇਹ ਜਾਣਕਾਰੀ ਸ੍ਰੀ ਅਮਿਤ ਕੁਮਾਰ ਪੰਚਾਲ ਆਈ. ਏ. ਐਸ. ਡਿਪਟੀ ਕਮਿਸ਼ਨਰ -ਕਮ-ਜ਼ਿਲ੍ਹਾ ਚੋਣ ਅਫਸਰ ਸ੍ਰੀ ਮੁਕਤਸਰ ਸਾਹਿਬ ਨੇ ਦਿੱਤੀ। ਉਹਨਾਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਤਿੰਨ ਨਗਰ ਕੌਂਸਲਾਂ ਸ੍ਰੀ ਮੁਕਤਸਰ ਸਾਹਿਬ, ਮਲੋਟ,ਗਿੱਦੜਬਾਹਾ ਅਤੇ ਨਗਰ ਪੰਚਾਇਤ ਬਰੀਵਾਲਾ ਵਿੱਚ ਭਾਰਤ ਚੋਣ ਕਮਿਸ਼ਨ ਕੋਲ ਉਪਲਬਧ ਤਾਜ਼ਾ ਵੋਟਰ ਸੂਚੀਆਂ ਦੇ ਆਧਾਰ 'ਤੇ ਅਤੇ ਲੋਕਲ ਗਵਰਨਮੈਂਟ ਵਿਭਾਗ ਵੱਲੋਂ ਅੰਤਿਮ ਕੀਤੀ ਗਈ ਹੱਦਬੰਦੀ ਨੂੰ ਧਿਆਨ ਵਿੱਚ ਰੱਖਦਿਆਂ ਨਵੀਆਂ ਸੂਚੀਆਂ ਤਿਆਰ ਕੀਤੀਆਂ ਜਾਣਗੀਆਂ। ਉਹਨਾਂ ਦੱਸਿਆ ਕਿ ਨਗਰ ਕੌਂਸਲ ਸ੍ਰੀ ਮੁਕਤਸਰ ਸਾਹਿਬ, ਮਲੋਟ,ਗਿੱਦੜਬਾਹਾ ਅਤੇ ਨਗਰ ਪੰਚਾਇਤ ਬਰੀਵਾਲਾ ਦੇ ਯੋਗ ਵੋਟਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਨਾਮ ਅਤੇ ਵੇਰਵੇ ਦੀ ਪੁਸ਼ਟੀ 15 ਅਪ੍ਰੈਲ 2026 ਨੂੰ ਜ਼ਿਲ੍ਹੇ ਦੀ ਵੈੱਬਸਾਈਟ 'ਤੇ ਜਾਰੀ ਹੋਣ ਵਾਲੀ ਡਰਾਫਟ ਵੋਟਰ ਸੂਚੀ ਵਿੱਚ ਕਰ ਲੈਣ । ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਲਈ ਕਾਨੂੰਨੀ ਤੌਰ 'ਤੇ 07 ਦਿਨਾਂ ਦੀ ਮਿਆਦ ਨਿਰਧਾਰਤ ਕੀਤੀ ਗਈ ਹੈ, ਜੋ ਕਿ 17 ਅਪ੍ਰੈਲ 2026 ਤੋਂ 23 ਅਪ੍ਰੈਲ 2026 (ਦੋਵੇਂ ਦਿਨ ਸਮੇਤ) ਤੱਕ ਰਹੇਗੀ। ਵੋਟਰ ਰਜਿਸਟਰੇਸ਼ਨ ਨੂੰ ਉਤਸ਼ਾਹਿਤ ਕਰਨ ਲਈ 20 ਅਪ੍ਰੈਲ ਅਤੇ 21 ਅਪ੍ਰੈਲ 2026 ਨੂੰ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ। ਪ੍ਰਾਪਤ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 30 ਅਪ੍ਰੈਲ 2026 ਤੱਕ ਕਰ ਦਿੱਤਾ ਜਾਵੇਗਾ, ਜਦਕਿ ਅੰਤਿਮ ਵੋਟਰ ਸੂਚੀ 05 ਮਈ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ ਅਤੇ ਇਹ ਜ਼ਿਲ੍ਹੇ ਦੀ ਵੈੱਬਸਾਈਟ 'ਤੇ ਵੀ ਉਪਲਬਧ ਹੋਵੇਗੀ। ਨਵੇਂ ਵੋਟਰਾਂ ਦੀ ਰਜਿਸਟਰੇਸ਼ਨ ਲਈ ਯੋਗਤਾ ਮਿਤੀ 23 ਅਪ੍ਰੈਲ 2026 ਨਿਰਧਾਰਤ ਕੀਤੀ ਗਈ ਹੈ। ਇਸ ਤਾਰੀਖ ਤੱਕ 18 ਸਾਲ ਦੀ ਉਮਰ ਪੂਰੀ ਕਰਨ ਵਾਲਾ ਹਰ ਵਿਅਕਤੀ ਵੋਟਰ ਵਜੋਂ ਦਰਜ ਹੋਣ ਲਈ ਯੋਗ ਹੋਵੇਗਾ। ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਲਈ ਫਾਰਮ ( ਫਾਰਮ-7,8 ਅਤੇ 9) ਸਬੰਧਿਤ ਐਸ.ਡੀ.ਐਮ.-ਕਮ-ਚੋਣਕਾਰ ਰਜਿਸਟਰੇਸ਼ਨ ਅਫਸਰ ਦੇ ਦਫਤਰ ਵਿੱਚ ਉਪਲਬੱਧ ਹੋਣਗੇ।

# ਮਾਨ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੇ ਵਿਕਾਸਮੁੱਖੀ ਕੰਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ




**ਤਪਾ ਮੰਡੀ, 11 ਅਪ੍ਰੈਲ (ਬੰਟੀ ਦੀਕਸ਼ਿਤ):** ਪੰਜਾਬ ਸਰਕਾਰ ਦੇ ਸ਼ਾਨਦਾਰ 4 ਸਾਲ ਭਗਵੰਤ ਮਾਨ ਜੀ ਦੇ ਨਾਲ ਅੱਜ ਪਿੰਡ ਨਿੰਮ ਵਾਲਾ ਮੌੜ ਵਿੱਚ ਆਯੋਜਿਤ ਜਨ ਸੰਵਾਦ ਦੌਰਾਨ ਸਤਿਕਾਰਯੋਗ ਪਿੰਡ ਵਾਸੀਆਂ ਨਾਲ ਰੁਬਰੂ ਹੋ ਕੇ ਮਾਨ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੇ ਵਿਕਾਸਮੁੱਖੀ ਕੰਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਇਸ ਮੌਕੇ ਵਿਧਾਇਕ ਲਾਭ ਸਿੰਘ ਉਗੋਕੇ ਨੇ ਕਿਹਾ ਕਿ ਸੜਕਾਂ, ਸਿੱਖਿਆ ਅਤੇ ਰੋਜ਼ਗਾਰ ਵਿੱਚ ਹੋਏ ਸੁਧਾਰਾਂ ਨਾਲ ਲੋਕਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਆਇਆ ਹੈ। ਨਸ਼ੇ ਖ਼ਿਲਾਫ਼ ਕੜੀ ਕਾਰਵਾਈ ਅਤੇ ਖੇਡ ਮੈਦਾਨਾਂ ਦੇ ਵਿਕਾਸ ਨਾਲ ਨੌਜਵਾਨਾਂ ਲਈ ਨਵੀਂ ਦਿਸ਼ਾ ਤਿਆਰ ਹੋ ਰਹੀ ਹੈ।ਬਿਜਲੀ ਅਤੇ ਤੀਰਥ ਯਾਤਰਾ ਵਰਗੀਆਂ ਮੁਫ਼ਤ ਸਹੂਲਤਾਂ ਨਾਲ ਹਰ ਵਰਗ ਨੂੰ ਰਾਹਤ ਮਿਲ ਰਹੀ ਹੈ। ਪਿੰਡ ਵਾਸੀਆਂ ਵੱਲੋਂ ਮਿਲਿਆ ਪਿਆਰ ਅਤੇ ਭਰੋਸਾ ਸਾਡੀ ਸਭ ਤੋਂ ਵੱਡੀ ਤਾਕਤ ਹੈ ਇਹ ਭਰੋਸਾ ਦਿਖਾਉਂਦਾ ਹੈ ਕਿ ਸਰਕਾਰ ਦੇ ਕੰਮ ਜਮੀਨੀ ਪੱਧਰ 'ਤੇ ਅਸਰਦਾਰ ਸਾਬਤ ਹੋ ਰਹੇ ਹਨ।



# ਸ਼੍ਰੀ ਅਕਾਲ ਤਖਤ ਸਾਹਿਬ ਦੇ ਹੁਕਮਨਾਮੇ 'ਤੇ ਟਿੱਪਣੀ ਨਿੰਦਣਯੋਗ: ਬਾਬੂ ਪ੍ਰਕਾਸ਼ ਚੰਦ ਗਰਗ

**ਭਵਾਨੀਗੜ੍ਹ, 11 ਅਪ੍ਰੈਲ (ਰਾਜ ਖੁਰਮੀ)** ਸ਼ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਸੀਨੀਅਰ ਆਗੂ ਬਾਬੂ ਪ੍ਰਕਾਸ਼ ਚੰਦ ਗਰਗ, ਸਾਬਕਾ ਮੁੱਖ ਸੰਸਦੀ ਸਕੱਤਰ, ਨੇ ਆਪਣੇ ਤਿੱਖੇ ਬਿਆਨ ਵਿੱਚ ਪੰਥਕ ਸੰਸਥਾਵਾਂ ਦੀ ਮਰਿਆਦਾ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ



ਕਾਰਵਾਈਆਂ 'ਤੇ ਗੰਭੀਰ ਚਿੰਤਾ ਜਤਾਈ ਹੈ। ਉਨ੍ਹਾਂ ਕਿਹਾ ਕਿ ਸ਼ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ 2 ਦਸੰਬਰ 2024 ਨੂੰ ਸ਼੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਪੰਜ ਸਿੰਘ ਸਾਹਿਬਾਨਾਂ ਵੱਲੋਂ ਜਾਰੀ ਹੁਕਮਨਾਮੇ ਨੂੰ ਏਜੰਸੀਆਂ ਦੀ ਸਾਜ਼ਿਸ਼ ਕਰਾਰ ਦੇਣਾ ਬਹੁਤ ਹੀ ਨਿੰਦਣਯੋਗ ਹੈ। ਗਰਗ ਨੇ ਕਿਹਾ ਕਿ ਇਹ ਬਿਆਨ ਸਿੱਖ ਧਰਮ ਦੇ ਸਭ ਤੋਂ ਉੱਚੇ ਤਖ਼ਤ ਸ਼ਰੀ ਅਕਾਲ ਤਖਤ ਸਾਹਿਬ ਦੀ ਮਾਨ-ਮਰਿਆਦਾ ਅਤੇ ਅਜਮਤ ਨੂੰ ਘਟਾਉਣ ਵਾਲਾ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਰਾਜਸੀ ਸੱਤਾ ਦੇ ਨਸ਼ੇ ਵਿੱਚ ਕੁਝ ਆਗੂ ਹਉਮੈਂ ਦੇ ਅਧੀਨ ਹੋ ਕੇ ਪੰਥ ਦੀਆਂ ਸਿਰਮੌਰ ਸੰਸਥਾਵਾਂ ਨੂੰ ਠੇਸ ਪਹੁੰਚਾ ਰਹੇ ਹਨ, ਜੋ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਖਿਲਵਾੜ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਹਰਕਤਾਂ ਨੂੰ ਪੰਥ ਕਦੇ ਵੀ ਬਰਦਾਸ਼ਤ ਨਹੀਂ ਕਰੇਗਾ।ਗਰਗ ਨੇ ਹੋਰ ਕਿਹਾ ਕਿ ਸ਼੍ਰੀ ਅਕਾਲ ਤਖਤ ਸਾਹਿਬ ਅਤੇ ਪੰਥ ਨੂੰ ਪਿੱਠ ਦਿਖਾਉਣ ਵਾਲਿਆਂ ਨੂੰ ਪੰਜਾਬ ਦੀ ਜਨਤਾ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਰਾਰਾ ਜਵਾਬ ਦੇਵੇਗੀ।ਉਨ੍ਹਾਂ ਅੰਤ ਵਿੱਚ ਅਪੀਲ ਕੀਤੀ ਕਿ ਸਾਰੇ ਪੰਥਕ ਅਤੇ ਸਮਾਜਿਕ ਆਗੂ ਸਿੱਖ ਸੰਸਥਾਵਾਂ ਦੀ ਮਰਿਆਦਾ ਨੂੰ ਕਾਇਮ ਰੱਖਣ ਲਈ ਇਕੱਠੇ ਹੋਣ ਅਤੇ ਅਜਿਹੀਆਂ ਗਤੀਵਿਧੀਆਂ ਦਾ ਡੱਟ ਕੇ ਵਿਰੋਧ ਕਰਨ।

# ਚਾਰ ਸਾਲ ਭਗਵੰਤ ਮਾਨ ਦੇ ਨਾਲ ਸੰਵਾਦ ਪ੍ਰੋਗਰਾਮ 'ਚ ਆਪ ਆਗੂਆਂ ਨੇ ਦੱਸੀਆਂ ਸਰਕਾਰ ਦੀਆਂ ਪ੍ਰਾਪਤੀਆਂ



**ਮਮਦੋਟ, 11 ਅਪ੍ਰੈਲ (ਗੁਰਪ੍ਰੀਤ ਸਿੰਘ ਸੰਧੂ)** ਭਗਵੰਤ ਮਾਨ ਸਰਕਾਰ ਦੇ ਪਿਛਲੇ ਚਾਰ ਸਾਲਾਂ ਦੀ ਕਾਰਗੁਜ਼ਾਰੀ ਅਤੇ ਪੰਜਾਬ ਦੇ ਲੋਕਾਂ ਵਾਸਤੇ ਕੀਤੇ ਕੰਮ ਅਤੇ ਚਲਾਈਆਂ ਲੋਕ ਭਲਾਈ ਸਕੀਮਾਂ ਤੋਂ ਆਮ ਲੋਕਾਂ ਨੂੰ ਜਾਣੂ ਕਰਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਆਰੰਭੇ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ ਪ੍ਰੋਗਰਾਮ ਤਹਿਤ ਕਸਬਾ ਮਮਦੋਟ ਵਿਖੇ ਆਪ ਦੇ ਸੀਨੀਅਰ ਆਗੂ ਮਨੀਸ਼ ਚੋਪੜਾ ਦੇ ਗ੍ਰਿਹਿ ਵਿਖੇ ਕਰਵਾਏ ਸੰਵਾਦ ਪ੍ਰੋਗਰਾਮ ਵਿੱਚ ਵੱਡੀ ਗਿਣਤੀ ਵਿੱਚ ਮਮਦੋਟ ਵਾਸੀਆਂ ਨੇ ਹਿੱਸਾ ਲਿਆ. ਇਸ ਸੰਵਾਦ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਦਲਜੀਤ ਸਿੰਘ ਬਾਬਾ ਉਪ ਪ੍ਰਧਾਨ ਨਗਰ ਪੰਚਾਇਤ ਮਮਦੋਟ, ਸੁਰਿੰਦਰ ਕੁਮਾਰ ਸੋਨੂ ਸੇਠੀ ਐਮਸੀ, ਹਰਪ੍ਰੀਤ ਸਿੰਘ ਸੋਢੀ ਚੇਅਰਮੈਨ ਟਰੈਂਡ ਵਿੰਗ ਹਲਕਾ ਦਿਹਾਤੀ,ਗੁਰਪ੍ਰੀਤ ਸਿੰਘ ਐਮਸੀ ਕੇਵਲ ਕ੍ਰਿਸ਼ਨ ਵਿਪਨ ਅਤੇ ਹਰਜਿੰਦਰ ਸਿੰਘ ਸਿੱਧੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦੀ ਸਹੂਲਤ ਵਾਸਤੇ ਹਰੇਕ ਘਰੇਲੂ ਖਪਤਕਾਰ ਵਾਸਤੇ ਬਿਨਾਂ ਕਿਸੇ ਭੇਦਭਾਵ ਦੇ 300 ਯੂਨਿਟ ਮਹੀਨਾ ਮੁਫਤ ਬਿਜਲੀ ਕਰ ਦੇਣ ਨਾਲ ਹੁਣ ਪੰਜਾਬ ਦੇ 90 ਪ੍ਰਤੀਸ਼ਤ ਘਰਾਂ ਨੂੰ ਜ਼ੀਰੋ ਬਿਜਲੀ ਬਿੱਲ ਆ ਰਿਹਾ ਹੈ.। ਉਹਨਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਦੇ ਨੌਜਵਾਨਾਂ ਨੂੰ ਕਰੀਬ 65 ਹਜਾਰ ਦੇ ਕਰੀਬ ਸਰਕਾਰੀ ਨੌਕਰੀਆਂ ਬਿਨਾਂ ਕਿਸੇ ਭੇਦ ਭਾਵ ਦੇ ਦਿੱਤੀਆਂ ਗਈਆਂ ਹਨ. ਉਹਨਾਂ ਕਿਹਾ ਉਹਨਾਂ ਦੱਸਿਆ ਕਿ ਪੰਜਾਬ ਦੇ ਲੋਕਾਂ ਵਾਸਤੇ ਮੁਫਤ ਕੈਸ਼ਲੈਸ ਇਲਾਜ ਦੀ ਸਹੂਲਤ ਜਿਸ ਵਿੱਚ 10 ਲੱਖ ਤੱਕ ਦਾ ਇਲਾਜ ਅਤੇ ਪੰਜਾਬ ਭਰ ਦੇ ਸਰਕਾਰੀ ਹਸਪਤਾਲਾਂ ਵਿੱਚ ਬਹੁਤ ਵੱਡੇ ਸੁਧਾਰ ਕੀਤੇ ਗਏ ਹਨ.ਉਹਨਾਂ ਦੱਸਿਆ ਕਿ ਕਿਸਾਨਾਂ ਨੂੰ ਦਿਨ ਸਮੇਂ ਰੋਜਾਨਾ ਨਿਰਵਿਘਨ ਅੱਠ ਘੰਟੇ ਖੇਤੀ ਸੈਕਟਰ ਵਾਸਤੇ ਬਿਜਲੀ ਸਪਲਾਈ ਅਤੇ ਪੰਜਾਬ ਭਰ ਦੇ ਖਾਲਿਆਂ, ਨਹਿਰਾਂ ਅਤੇ ਸੂਇਆਂ ਨੂੰ ਪੱਕਾ ਕਰਕੇ ਪੰਜਾਬ ਸਰਕਾਰ ਨੇ ਨਵੇਕਲੀ ਪਹਿਲ ਕੀਤੀ ਹੈ ਤੇ ਹੁਣ ਕਰੀਬ 40 ਹਜਾਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕੀਤਾ ਜਾ ਰਿਹਾ ਹੈ ਜਿਸ ਨਾਲ ਪਿੰਡਾਂ ਦੇ ਲੋਕਾਂ ਨੂੰ ਆਵਾਜਾਈ ਵਿੱਚ ਬਹੁਤ ਵੱਡੀ ਸਹੂਲਤ ਹੋਵੇਗੀ ਇਸ ਮੌਕੇ ਮਨੀਸ਼ ਚੋਪੜਾ ਨੇ ਸਾਰੇ ਆਏ ਹੋਏ ਆਪ ਆਗੂਆਂ ਅਤੇ ਕਸਬਾ ਵਾਸੀਆਂ ਦਾ ਧੰਨਵਾਦ ਕੀਤਾ. ਇਸ ਮੌਕੇ ਆੜਤੀਆਂ ਯੂਨੀਅਨ ਦੇ ਪ੍ਰਧਾਨ ਯਸ਼ਪਾਲ ਗਾਬਾ, ਪ੍ਰਧਾਨ ਵਿੱਕੀ ਵਿਨਾਇਕ, ਸੀਨੀਅਰ ਆਪ ਆਗੂ ਸੰਦੀਪ ਸੋਨੀ ਵਾਰਡ ਨੰਬਰ 5, ਤਰਸੇਮ ਸਿੰਘ (ਸੋਨੂ )ਛੱਪੜ,ਬਲਜੀਤ ਸਿੰਘ ਸਾਬਕਾ ਚੇਅਰਮੈਨ ਐੱਸ ਐਮ ਸੀ, , ਸੁਭਾਸ਼ ਬੱਤਾ, ਰਮਨੀਕ ਚੋਪੜ੍ਹਾ,ਦੀਪਕ ਵਿੱਜ,, ਸੁੱਚਾ ਸਿੰਘ, ਤਰਲੋਕ ਛਾਬੜਾਅਤੇ ਜਗਦੀਸ਼ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜਰ ਸਨ।

# ਮੋਗਾ ਦੀਆਂ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਸਫਾਈ ਕਰਮਚਾਰੀ ਰਾਤ 9 ਤੋਂ ਸਵੇਰੇ 6 ਵਜੇ ਤੱਕ ਨਹੀਂ ਕਰਨਗੇ ਸਾਫ-ਸਫਾਈ

## ਜ਼ਿਲ੍ਹਾ ਮੈਜਿਸਟਰੇਟ ਮੋਗਾ ਵੱਲੋਂ ਪਾਬੰਦੀ ਆਦੇਸ਼ ਜਾਰੀ

**ਮੋਗਾ, 11 ਅਪ੍ਰੈਲ (ਸਤਨਾਮ ਸਿੰਘ ਘਾਰੂ /ਰਾਜੂ ਆਹੂਜਾ)** ਜ਼ਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਸਾਗਰ ਸੇਤੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਮੋਗਾ ਵਿੱਚ ਨਗਰ ਨਿਗਮ ਮੋਗਾ



ਅਤੇ ਜ਼ਿਲ੍ਹਾ ਮੋਗਾ ਅਧੀਨ ਆਉਂਦੀਆ ਸਮੂਹ ਨਗਰ ਕੌਂਸਲਜ ਅਤੇ ਨਗਰ ਪੰਚਾਇਤਾਂ ਦੇ ਸਫਾਈ ਕਰਮਚਾਰੀਆਂ ਵੱਲੋਂ ਰਾਤ 9 ਵਜੇ ਤੋਂ ਸਵੇਰੇ 6 ਵਜੇ ਤੱਕ ਸਾਫ-ਸਫਾਈ ਦਾ ਕੰਮ ਕਰਨ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਸੁਪਰ ਸਕਸ਼ਨ ਮਸ਼ੀਨ ਰਾਹੀਂ ਕੰਮ ਕਰਨ ਵਾਲੇ ਸਫਾਈ ਕਰਮਚਾਰੀਆਂ ਤੇ ਲਾਗੂ ਨਹੀਂ ਹੋਵੇਗਾ। ਜ਼ਿਲ੍ਹਾ ਮੈਜਿਸਟਰੇਟ ਸ਼੍ਰੀ ਸਾਗਰ ਸੇਤੀਆ ਨੇ ਦੱਸਿਆ ਕਿ ਦੇ ਰਾਤ ਦੇ ਸਮੇਂ ਦੌਰਾਨ ਸਫਾਈ ਦਾ ਕੰਮ ਕਰਦੇ ਸਮੇਂ ਕੋਈ ਅਣਸੁਖਾਵੀ ਘਟਨਾ ਵਾਪਰਨ ਦਾ ਖਤਰਾ ਬਣਿਆ ਰਹਿੰਦਾ ਹੈ, ਜਿਸ ਕਾਰਨ ਜਾਨੀ ਨੁਕਸਾਨ ਹੋ ਸਕਦਾ ਹੈ। ਇਸ ਲਈ ਰਾਤ ਦੇ ਸਮੇਂ ਉਕਤ ਸਫਾਈ ਕਰਮਚਾਰੀਆਂ ਵੱਲੋਂ ਸਫਾਈ ਦਾ ਕਰਨ ਤੇ ਪਾਬੰਦੀ ਲਗਾਈ ਗਈ ਹੈ। ਇਹ ਹੁਕਮ 9 ਜੂਨ 2026 ਤੱਕ ਲਾਗੂ ਰਹੇਗਾ।

# ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਨੌਜਵਾਨਾਂ ਵਿੱਚ ਭਾਰੀ ਉਤਸ਼ਾਹ-ਵਿਸ਼ਾਲ ਭਾਰਤੀ

## ਕਾਂਗਰਸ ਪਾਰਟੀ ਵੱਲੋਂ ਵੱਖ ਵੱਖ ਵਾਰਡਾਂ ਵਿੱਚ ਮੀਟਿੰਗਾਂ ਦਾ ਦੌਰ ਸ਼ੁਰੂ

**ਸਮਰਾਲਾ 11 ਅਪ੍ਰੈਲ ਹਨੀਸ਼ ਕੋਸ਼ਲ/ ਸ਼ਾਸ਼ਵੱਤ ਦੱਤ ਅਤਰੇ**

ਅੱਜ ਸਮਰਾਲਾ ਨਗਰ ਕੌਂਸਲ ਦੀ ਮਿਆਦ ਖਤਮ ਹੋਣ ਨਾਲ ਅਤੇ ਨੇੜਲੇ ਭਵਿੱਖ ਵਿੱਚ ਨਗਰ ਕੌਂਸਲ ਦੀਆਂ ਚੋਣਾਂ ਸਬੰਧੀ ਪੰਜਾਬ ਸਰਕਾਰ ਨੇ ਤਿਆਰੀ ਖਿੱਚ ਲਈ ਹੈ, ਜਿਸਦੇ ਚੱਲਦੇ ਵੱਖ ਵੱਖ ਸਿਆਸੀ ਪਾਰਟੀਆਂ ਵੱਲੋਂ ਵੀ ਸਰਗਮੀਆਂ ਤੇਜ ਕਰ ਦਿੱਤੀਆਂ ਗਈਆਂ ਹਨ। ਅੱਜ ਕਾਂਗਰਸ ਪਾਰਟੀ ਦੇ ਸ਼ਹਿਰੀ ਸਮਰਾਲਾ ਯੂਥ ਵਿੰਗ ਦੇ ਪ੍ਰਧਾਨ ਵਿਸ਼ਾਲ ਭਾਰਤੀ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਇਸ ਵਾਰ ਕਾਂਗਰਸ ਪਾਰਟੀ ਵੱਲੋਂ ਨਗਰ ਕੌਂਸਲ ਦੀਆਂ ਵੋਟਾਂ ਵਿੱਚ ਨੌਜਵਾਨ ਚਿਹਰੇ ਖੜ੍ਹੇ ਕੀਤੇ ਜਾਣਗੇ, ਤਾਂ ਜੋ ਹਰ ਤਰ੍ਹਾਂ ਦੇ ਵਿਕਾਸ



ਦਾ ਕੰਮ ਤੇਜੀ ਨਾਲ ਹੋ ਸਕੇ। ਸਮਰਾਲਾ ਸ਼ਹਿਰ ਸਬੰਧੀ ਉਨ੍ਹਾਂ ਗੱਲਬਾਤ ਕਰਦੇ ਹੋਏ ਕਿਹਾ ਕਿ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀ ਅਗਵਾਈ ਹੇਠ ਇਹ ਚੋਣਾਂ ਕਾਂਗਰਸ ਪਾਰਟੀ ਵੱਲੋਂ ਲੜ੍ਹੀਆਂ ਜਾ ਰਹੀਆਂ ਹਨ, ਇਨ੍ਹਾਂ ਚੋਣਾਂ ਸਬੰਧੀ ਕਾਂਗਰਸ ਪਾਰਟੀ ਨੇ ਕਮੇਟੀ ਦਾ ਗਠਨ ਕਰਕੇ ਵੱਖ ਵੱਖ ਵਾਰਡਾਂ ਸਬੰਧੀ ਡਿਊਟੀਆਂ ਲਗਾ ਦਿੱਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਯੂਥ ਵਿੰਗ ਆਪਣੀ ਅਹਿਮ ਭੂਮਿਕਾ ਨਿਭਾਏਗਾ। ਇਸ ਲਈ ਕਾਂਗਰਸ ਪਾਰਟੀ ਵੱਲੋਂ ਵੀ ਨੌਜਵਾਨਾਂ ਨੂੰ ਅੱਗੇ ਲਿਆ ਕੇ ਉਨ੍ਹਾਂ ਨੂੰ ਚੋਣ ਲੜਾਈ ਜਾਵੇਗੀ, ਜੋ ਚੋਣ ਜਿੱਤ ਕੇ ਸਮਰਾਲਾ ਸ਼ਹਿਰ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਗੇ ਅਤੇ ਪਿਛਲੇ ਕਈ ਸਾਲਾਂ ਤੋਂ ਰੁਕੇ ਵਿਕਾਸ ਕੰਮਾਂ ਨੂੰ ਸ਼ੁਰੂ ਕਰਵਾ ਕੇ ਨੇਪਰੇ ਚਾੜਿਆ ਜਾਵੇਗਾ। ਉਨ੍ਹਾਂ ਕਾਂਗਰਸ ਹਾਈ ਕਮਾਂਡ ਨੂੰ ਅਪੀਲ ਕੀਤੀ ਕਿ ਉਹ ਵੀ ਨੌਜਵਾਨਾਂ ਟਿਕਟਾਂ ਦੇ ਕੇ ਅੱਗੇ ਲਿਆਉਣ ਤਾਂ ਜੋ ਸ਼ਹਿਰ ਦਾ ਵੱਧ ਤੋਂ ਵੱਧ ਵਿਕਾਸ ਹੋ ਸਕੇ। ਉਨ੍ਹਾਂ ਅੱਗੇ ਕਿਹਾ ਕਿ 2027 ਵਿੱਚ ਸਾਡੀ ਸਰਕਾਰ ਆਉਣ ਤੇ ਸਭ ਤੋਂ ਮੁੱਢਲਾ ਕੰਮ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਹੋਵੇਗਾ ਅਤੇ ਪੰਜਾਬ ਦੇ ਰੁਕੇ ਹੋਏ ਵਿਕਾਸ ਕੰਮਾਂ ਨੂੰ ਚਲਾ ਕੇ ਪੰਜਾਬ ਨੂੰ ਮੁੜ ਖੁਸ਼ਹਾਲੀ ਦੇ ਰਸਤੇ ਤੋਰਿਆ ਜਾਵੇਗਾ। ਸਮਰਾਲਾ ਨਗਰ ਕੌਂਸਲ ਦੇ 15 ਵਾਰਡਾਂ ਵਿੱਚ ਕਾਂਗਰਸ ਪਾਰਟੀ ਆਪਣੇ ਉਮੀਦਵਰ ਖੜ੍ਹੇ ਕਰੇਗੀ ਅਤੇ ਪੂਰਨ ਬਹੁਮੱਤ ਹਾਸਲ ਕਰੇਗੀ।

# ਪਾਤੜਾਂ ਵਿੱਚ ਸਾਬਕਾ ਅਧਿਕਾਰੀਆਂ ਦੀ ਮਹੀਨਾਵਾਰ ਮੀਟਿੰਗ, ਮੁੱਦਿਆਂ ਦੇ ਹੱਲ ਅਤੇ ਸਮਾਜ ਸੇਵਾ ਵੱਲ ਵਧਣ ਦਾ ਫੈਸਲਾ



**ਪਾਤੜਾਂ, 11 ਅਪ੍ਰੈਲ (ਜਸਵਿੰਦਰ ਸਿੰਘ ਪਾਰਸ)** ਪਾਤੜਾਂ ਇਲਾਕੇ ਵਿੱਚ ਵੱਖ-ਵੱਖ ਮਹਿਕਮਿਆਂ, ਖ਼ਾਸ ਕਰਕੇ ਪੁਲਿਸ ਵਿਭਾਗ ਤੋਂ ਰਿਟਾਇਰ ਹੋਏ ਸਾਬਕਾ ਅਧਿਕਾਰੀਆਂ ਦੀ ਮਹੀਨਾਵਾਰ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸਾਬਕਾ ਮੁਲਾਜ਼ਮਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਗੰਭੀਰ ਚਰਚਾ ਕੀਤੀ ਗਈ ਅਤੇ ਕਈ ਮਹੱਤਵਪੂਰਨ ਪ੍ਰਸਤਾਵ ਪਾਸ ਕੀਤੇ ਗਏ।

ਇਸ ਮੌਕੇ ਸਾਬਕਾ ਪੁਲਸ ਅਧਿਕਾਰੀਆਂ ਨੇ ਇਕਸੁਰ ਹੋ ਕੇ ਕਿਹਾ ਕਿ ਉਹ ਆਪਣੇ ਨਿੱਜੀ ਮਸਲਿਆਂ ਦੇ ਹੱਲ ਦੇ ਨਾਲ-ਨਾਲ ਸਮਾਜ ਸੇਵਾ ਦੇ ਕੰਮਾਂ ਵਿੱਚ ਵੀ ਵਧ ਚੜ੍ਹ ਕੇ ਹਿੱਸਾ ਲੈਣਗੇ। ਉਨ੍ਹਾਂ ਨੇ ਭਵਿੱਖ ਵਿੱਚ ਲੋੜਵੰਦ ਅਤੇ ਬੇਸਹਾਰਾ ਲੋਕਾਂ ਲਈ ਸਹਾਇਤਾ ਦਾ ਹੱਥ ਵਧਾਉਣ ਦਾ ਸੰਕਲਪ ਵੀ ਕੀਤਾ।

ਮੀਟਿੰਗ ਵਿੱਚ ਸਾਬਕਾ ਅਧਿਕਾਰੀ ਐਸੋਸੀਏਸ਼ਨ ਦੇ ਪ੍ਰਧਾਨ ਇੰਸਪੈਕਟਰ ਲਖਵਿੰਦਰ ਸਿੰਘ ਦੀ ਅਗਵਾਈ ਹੇਠ ਸਬ ਇੰਸਪੈਕਟਰ ਸਤਨਾਮ ਸਿੰਘ ਬਰਾਸ, ਪੰਜਾਬ ਸਿੰਘ ਜੋਗੇਵਾਲ, ਜਸਪਾਲ ਸਿੰਘ ਖੰਡੇਬਾਦ, ਚਾਂਦੀ ਰਾਮ, ਸੁਖਵਿੰਦਰ ਸਿੰਘ, ਨਿਸ਼ਾਨ ਸਿੰਘ, ਪਵਨ ਸ਼ਰਮਾ, ਕਾਕਾ ਸਿੰਘ ਕਾਨਗੜ, ਰਾਜ ਕੁਮਾਰ ਸ਼ਤਰਾਨਾ, ਕੁਲਵਿੰਦਰ ਸਿੰਘ, ਰਜਿੰਦਰ ਸਿੰਘ, ਲਖਬੀਰ ਸਿੰਘ, ਬਲਵੀਰ ਸਿੰਘ, ਦਲਵੀਰ ਸਿੰਘ, ਜਗਤਾਰ ਸਿੰਘ ਅਤੇ ਗੁਰਪ੍ਰੀਤ ਸਿੰਘ ਸਮੇਤ ਹੋਰ ਮੈਂਬਰ ਮੌਜੂਦ ਰਹੇ।

ਮੀਟਿੰਗ ਦਾ ਮਾਹੌਲ ਭਾਈਚਾਰੇ ਅਤੇ ਸਹਿਯੋਗ ਦੀ ਭਾਵਨਾ ਨਾਲ ਭਰਪੂਰ ਰਿਹਾ ਅਤੇ ਸਾਰੇ ਮੈਂਬਰਾਂ ਨੇ ਇਕਜੁੱਟ ਹੋ ਕੇ ਸਮਾਜ ਦੇ ਹਿਤ ਵਿੱਚ ਕੰਮ ਕਰਨ ਦਾ ਵਿਸ਼ਵਾਸ ਜਤਾਇਆ।

# ਰਮਨੀਤ ਕੌਰ ਨੇ ਅੱਠਵੀਂ ਦੇ ਨਤੀਜੇ 'ਚ ਮੈਰਿਟ ਹਾਸਿਲ ਕੀਤੀ



**ਭੀਖੀ, 11 ਅਪ੍ਰੈਲ (ਸੰਦੀਪ ਤਾਇਲ)** ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਅੱਠਵੀਂ ਜਮਾਤ ਦੇ ਐਲਾਨੇ ਨਤੀਜੇ ਵਿੱਚ ਸਥਾਨਕ ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਦੀ ਵਿਦਿਆਰਥਣ ਰਮਨੀਤ ਕੌਰ ਨੇ 587 ਅੰਕ ਹਾਸਿਲ ਕਰਕੇ ਜਿਥੇ ਸੂਬੇ ਵਿਚੋਂ 13ਵੀਂ ਪੁਜੀਸ਼ਨ ਹਾਸਿਲ ਕੀਤੀ ਉਥੇ ਮਾਨਸਾ ਜਿਲ੍ਹੇ ਵਿਚੋਂ ਤੀਜੇ ਸਥਾਨ 'ਤੇ ਰਹੀ। ਵਿਦਿਆਰਥਣ ਰਮਨੀਤ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਹ ਡਾਕਟਰ ਬਣ ਕੇ ਮਨੁੱਖਤਾ ਦੀ ਸੇਵਾ ਕਰਨਾ ਲੋਚਦੀ ਹੈ। ਕਲਾ ਅਤੇ ਸੱਭਿਆਚਾਰ ਵਿੱਚ ਉਸਦੀ ਵਿਸ਼ੇਸ਼ ਰੁਚੀ ਹੈ। ਇਸ ਮੌਕੇ ਉਨਾਂ ਦੀ ਮਾਤਾ ਅਧਿਆਪਕਾ ਰਜਿੰਦਰ ਕੌਰ, ਪਿਤਾ ਕੁਲਦੀਪ ਸਿੰਘ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਦੇ ਆਗੂਆਂ ਨੇ ਰਮਨੀਤ ਕੌਰ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ।

# ਗੁਰੂ ਗੋਬਿੰਦ ਸਿੰਘ ਕਾਲਜ ਆਫ ਐਜੂਕੇਸ਼ਨ ਵਿਖੇ ਐਲੂਮਨੀ ਮੀਟ ਆਯੋਜਿਤ



**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਗਿੱਦੜਬਾਹਾ ਦੇ ਗੁਰੂ ਗੋਬਿੰਦ ਸਿੰਘ ਕਾਲਜ ਆਫ ਐਜੂਕੇਸ਼ਨ ਵਿਖੇ ਐਲਮਨੀ ਮੀਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਗੁਰਮੇਲ ਸਿੰਘ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਪੁਰਾਣੇ ਵਿਦਿਆਰਥੀਆਂ ਦਾ ਸਵਾਗਤ ਕੀਤਾ। ਗਿੱਦੜਬਾਹਾ ਵਿਖੇ ਆਯੋਜਿਤ ਇਸ ਐਲੂਮਨੀ ਮੀਟ ਦੌਰਾਨ ਕਾਲਜ ਦੀ ਸਾਬਕਾ ਵਿਦਿਆਰਥਣ ਮਿਸ ਮਨਦੀਪ ਪਾਲ ਜੋ ਹੁਣ ਐਪਲ ਇੰਟਰਨੈਸ਼ਨਲ ਸਕੂਲ ਲੰਬੀ ਪ੍ਰਿੰਸੀਪਲ ਹਨ, ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਕਿਸੇ ਵੀ ਸੰਸਥਾ ਦੇ ਪੁਰਾਣੇ ਵਿਦਿਆਰਥੀ ਉਸ ਸੰਸਥਾ ਦਾ ਸਰਮਾਇਆ ਹੁੰਦੇ ਹਨ। ਉਹਨਾਂ ਕਾਲਜ ਦੇ ਪੁਰਾਣੇ ਵਿਦਿਆਰਥੀਆਂ ਨੂੰ ਕਾਲਜ ਦੇ ਨਾਲ ਹਮੇਸ਼ਾ ਲਈ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਕਵਿਤਾ, ਗੀਤ ਅਤੇ ਡਾਂਸ ਆਦਿ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਸਾਬਕਾ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਸਮਾਰੋਹ ਦੇ ਅਖੀਰ ਵਿੱਚ ਐਲੂਮਨੀ ਐਸੋਸੀਏਸ਼ਨ ਦੇ ਇੰਚਾਰਜ ਮੈਡਮ ਕੁਲਵਿੰਦਰ ਕੌਲ ਵੱਲੋਂ ਮੁੱਖ ਮਹਿਮਾਨ ਅਤੇ ਆਏ ਹੋਏ ਸਾਬਕਾ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਗਿਆ।

# ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦਾ ਅੱਠਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਸ੍ਰੀ ਅਨੰਦਪੁਰ ਸਾਹਿਬ 11 ਅਪ੍ਰੈਲ (ਸੈਣੀ ਨਿੱਕੂਵਾਲ/ ਰਾਣਾ ਹਰੀਵਾਲ)** ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ਼੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਦਾ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜਿਆਂ ਅਨੁਸਾਰ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਸਾਰੇ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਕੇ ਪਾਸ ਹੋਏ ਹਨ। ਉਹਨਾਂ ਦੱਸਿਆ ਕਿ ਸਚਿਤਪ੍ਰੀਤ ਸਿੰਘ ਨੇ ਪਹਿਲੀ, ਸਹਿਜਪ੍ਰੀਤ ਸਿੰਘ ਨੇ ਦੂਜੀ ਅਤੇ ਅਵਤਾਰ ਸਿੰਘ ਨੇ ਤੀਜੀ ਪੁਜੀਸ਼ਨ ਹਾਸਲ ਕੀਤੀ। ਉਹਨਾਂ ਸਾਰੇ ਵਿਦਿਆਰਥੀਆਂ, ਉਹਨਾਂ ਦੇ ਮਾਤਾ ਪਿਤਾ ਸਾਹਿਬਾਨ ਅਤੇ ਅਧਿਆਪਕ ਸਾਹਿਬਾਨ ਨੂੰ ਮੁਬਾਰਕਬਾਦ ਦਿੱਤੀ। ਉਹਨਾਂ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਜਿਆਦਾ ਮਿਹਨਤ ਕਰਨ ਲਈ ਵੀ ਪ੍ਰੇਰਿਆ। ਸਕੂਲ ਦੇ ਮੈਂਬਰ ਇੰਚਾਰਜ ਸਾਹਿਬਾਨ ਡਾ. ਪ੍ਰਭਜੋਤ ਕੌਰ, ਸ. ਇੰਦਰਜੀਤ ਸਿੰਘ ਅਤੇ ਡਾਇਰੈਕਟਰ ਸ. ਗੁਰਮਿੰਦਰ ਸਿੰਘ ਭੁੱਲਰ ਨੇ ਵੀ ਇਹਨਾਂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਸਕੂਲ ਦੇ ਮਿਹਨਤੀ ਅਧਿਆਪਕ ਸਾਹਿਬਾਨ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਕਲਾਸ ਇੰਚਾਰਜ ਦੀਪਾਂਜਲੀ ਸ਼ਰਮਾ ਵੀ ਹਾਜ਼ਰ ਸਨ।

# ਹੱਕੀ ਮੰਗਾਂ ਨੂੰ ਲੈ ਕੇ ਪੰਜਾਬ ਨੰਬਰਦਾਰਾ ਐਸੋਸੀਏਸ਼ਨ ਗਾਲਿਬ ਨੇ ਡੀਸੀ ਨੂੰ ਮੰਗ ਪੱਤਰ ਸੌਂਪਿਆ



**ਅੰਮ੍ਰਿਤਸਰ 11 ਅਪ੍ਰੈਲ (ਸੋਨੂ ਨਰੂਲਾ)** ਪਿਛਲੇ ਲੰਮੇ ਸਮੇਂ ਤੋਂ ਨੰਬਰਦਾਰਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰਾਂ ਵੱਲੋਂ ਅਣਗੌਲਿਆਂ ਕੀਤਾ ਜਾ ਰਿਹਾ ਹੈ। ਆਪਣੀਆਂ ਜਾਇਜ਼ ਮੰਗਾਂ ਲਾਗੂ ਕਰਵਾਉਣ ਲਈ ਅੱਜ ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਸਿੰਘ ਤੋਲਾ ਨੰਗਲ ਵੱਲੋਂ ਆਪਣੇ ਅਹੁਦੇਦਾਰ ਸਾਥੀਆਂ ਨਾਲ ਜ਼ਿਲ੍ਹੇ ਦੇ ਡੀਸੀ ਨੂੰ ਮੰਗ ਪੱਤਰ ਸੌਂਪਿਆ। ਇਸ ਮੌਕੇ ਸੁਖਵਿੰਦਰ ਸਿੰਘ ਤੋਲਾ ਨੰਗਲ, ਸੂਬਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਕੁਲਦੀਪ ਸਿੰਘ ਬੱਲ, ਜ਼ਿਲ੍ਹਾ ਸਰਪ੍ਰਸਤ ਰਾਣਾ ਪ੍ਰਤਾਪ ਸਿੰਘ ਦਿਆਲਪੁਰਾ, ਅੰਮ੍ਰਿਤਪਾਲ ਸਿੰਘ ਤਹਿਸੀਲ ਪ੍ਰਧਾਨ ਲੋਪੋਕੇ ਨੇ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮੌਜੂਦਾ ਸਮੇਂ ਦੌਰਾਨ ਨੰਬਰਦਾਰਾਂ ਨੂੰ ਦਿੱਤਾ ਜਾ ਰਿਹਾ ਮਾਣ ਭੱਤਾ ਅਤੇ ਹੋਰ ਸਹੂਲਤਾਂ ਬਹੁਤ ਹੀ ਨਾਯੋਗ ਹਨ। ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਮੰਗ ਪੱਤਰ ਰਾਹੀਂ ਗੁਹਾਰ ਲਾਉਂਦਿਆਂ ਕਿਹਾ ਕਿ ਨੰਬਰਦਾਰਾਂ ਦੇ ਮਾਣ ਭੱਤੇ ਵਿਚ ਵਾਧਾ ਕੀਤਾ ਜਾਵੇ, ਸੂਬੇ ਅੰਦਰ ਟੋਲ ਟੈਕਸ ਤੇ ਛੋਟ ਦਿੱਤੀ ਜਾਵੇ, ਮੌਤ ਤੋਂ ਬਾਅਦ ਸਰਬਰਾਹ ਨੰਬਰਦਾਰੀ ਕਰ ਰਹੇ ਨੰਬਰਦਾਰ ਦੇ ਪੁੱਤਰ ਨੂੰ ਬਿਨਾ ਕਿਸੇ ਸ਼ਰਤ ਨੰਬਰਦਾਰ ਬਣਾਇਆ ਜਾਵੇ, 2007 ਨੋਟੀਫ਼ਿਕੇਸ਼ਨ ਅਨੁਸਾਰ ਨੰਬਰਦਾਰਾਂ ਨੂੰ ਤਹਿਸੀਲ ਪੱਧਰ ਤੇ ਕਮਰੇ ਦਿੱਤੇ ਜਾਣ। ਇਸ ਮੌਕੇ ਰਾਜਪਾਲ ਸਿੰਘ ਕਲੇਰ ਤਹਿਸੀਲ ਪ੍ਰਧਾਨ ਅਜਨਾਲਾ, ਕਲਦੀਪ ਸਿੰਘ ਭੁੱਲਰ, ਰੂੜ ਸਿੰਘ ਚੱਕ ਕਮਾਲ ਖਾਂ, ਕੰਵਰਬਲਬੀਰ ਸਿੰਘ ਕੁਹਾਲਾ, ਜਗਜੀਤ ਸਿੰਘ ਚਵਿਡਾ, ਬਲਬੀਰ ਸਿੰਘ ਚਵਿੰਡਾ ਆਦਿ ਹਾਜ਼ਰ ਸਨ।

# ਸੇਂਟ ਸਹਾਰਾ ਕਾਲਜ ਆਫ ਐਜੂਕੇਸ਼ਨ ਦਾ ਬੀ.ਐਡ. ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ

**ਸ੍ਰੀ ਮੁਕਤਸਰ ਸਾਹਿਬ 11 ਅਪ੍ਰੈਲ (ਮਾਲਵਾ ਬਾਣੀ)** ਸਥਾਨਿਕ ਸੇਂਟ ਸਹਾਰਾ ਗਰੁੱਪ ਆਫ ਇੰਸਟੀਚਿਊਟਸ ਅਧੀਨ ਫਿਰੋਜਪੁਰ ਰੋਡ ਉਪਰ ਸਥਿਤ ਸੇਂਟ ਸਹਾਰਾ ਕਾਲਜ ਆਫ ਐਜੂਕੇਸ਼ਨ ਦਾ ਬੀ.ਐਡ. ਦਾ ਸ਼ੈਸ਼ਨ 2024-26 ਦੇ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਇਹ ਨਤੀਜਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਮਿਤੀ 10 ਅਪ੍ਰੈਲ 2026 ਨੂੰ ਐਲਾਨਿਆ ਗਿਆ। ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਮੈਡਮ ਊਸ਼ਾ ਰਾਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨਤੀਜੇ ਵਿਚ 100% ਵਿਦਿਆਰਥੀ ਮੈਰਿਟ ਵਿਚ ਆਏ ਹਨ ਅਤੇ ਉਹਨਾਂ ਦੇ ਅੰਕ 85% ਤੋਂ ਵੱਧ ਹਨ। ਮੈਡਮ ਊਸ਼ਾ ਰਾਣੀ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਨਤੀਜੇ ਵਿਚ ਗੁਰਵਿੰਦਰ ਸਿੰਘ, ਜਸਦੀਪ ਕੌਰ, ਕੁਨਿਕਾ, ਨਵਕਿਰਨ ਕੌਰ, ਸ਼ੀਨਮ ਰਾਣੀ ਅਤੇ ਸਿਫਤ ਅਰੋੜਾ ਨੇ 268/300 (89.33%) ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅਰਜੁਨ, ਖੁਸ਼ਵੀਰ ਕੌਰ, ਪ੍ਰਾਨਿਕਾ, ਤਨੂ ਅਤੇ ਸੁਖਵੀਰ ਕੌਰ ਨੇ 267/300 (89%) ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਖੁਸ਼ਪ੍ਰੀਤ ਕੌਰ, ਹਰਪ੍ਰੀਤ ਕੌਰ, ਮੰਜੋਲਿਕਾ, ਰਮਨਦੀਪ ਕੌਰ, ਸ਼ੁਬਰਾ, ਹਰਪ੍ਰੀਤ ਕੌਰ 266/300 (88.67%) ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਮੈਡਮ ਊਸ਼ਾ ਰਾਣੀ ਨੇ ਇਸ ਨਤੀਜੇ ਲਈ ਸਾਰੇ ਸਟਾਫ ਦੀ ਮਿਹਨਤ ਅਤੇ ਲਗਨ ਦੀ ਸ਼ਲਾਘਾ ਕੀਤੀ। ਕਾਲਜ ਦੇ ਚੇਅਰਮੈਨ ਡਾ. ਨਰੇਸ਼ ਪਰੂਥੀ, ਡਾਇਰੈਕਟਰ ਡਾ. ਸਪਨਾ ਪਰੂਥੀ ਅਤੇ ਜਰਨਲ ਸਕੱਤਰ ਸ਼੍ਰੀ ਰਾਕੇਸ਼ ਪਰੂਥੀ ਨੇ ਕਾਰਜਕਾਰੀ ਪ੍ਰਿੰਸੀਪਲ ਮੈਡਮ ਊਸ਼ਾ ਰਾਣੀ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਾਲਜ ਦੇ ਸੁਨਿਹਰੀ ਭਵਿੱਖ ਦੀ ਕਾਮਨਾ ਕੀਤੀ।

# ਐੱਸ.ਡੀ.ਐਮ ਆਯੂਸ਼ ਗੋਇਲ ਵਲੋਂ ਗੈਸ ਏਜੰਸੀ ਦੀ ਅਚਨਚੇਤ ਚੈਕਿੰਗ, ਲੋਕਾਂ ਨੂੰ ਗੈਸ ਸਪਲਾਈ ਦੀ ਦਿੱਕਤ ਨਾ ਆਉਣ ਦੇਣ ਦੀ ਕੀਤੀ ਹਦਾਇਤ



**ਤਪਾ ਮੰਡੀ, 11 ਅਪ੍ਰੈਲ(ਬੰਟੀ ਦੀਕਸ਼ਿਤ, ਮੇਸੀ ਤਪਾ):** ਉਪ ਮੰਡਲ ਮੈਜਿਸਟਰੇਟ ਤਪਾ ਸ੍ਰੀ ਆਯੂਸ਼ ਗੋਇਲ ਆਈ ਏ ਐੱਸ ਵਲੋਂ ਇਲਾਕਾ ਵਾਸੀਆਂ ਤੋਂ ਪ੍ਰਾਪਤ ਸ਼ਿਕਾਇਤਾਂ ਦੇ ਮੱਦੇਨਜ਼ਰ ਗੈਸ ਏਜੰਸੀ, ਢਿੱਲਵਾਂ ਰੋਡ ਤਪਾ ਦੀ ਅਚਨਚੇਤ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਮੌਕੇ 'ਤੇ ਮੌਜੂਦ ਲੋਕਾਂ ਤੋਂ ਪੁਛਗਿੱਛ ਕੀਤੀ ਗਈ ਅਤੇ ਪੇਸ਼ ਆਉਣ ਵਾਲੀਆਂ ਮੁਸ਼ਕਿਲਾਂ ਬਾਰੇ ਜਾਣਿਆ।ਇਸ ਮੌਕੇ ਮੌਜੂਦ ਲੋਕਾਂ ਨੇ ਦੱਸਿਆ ਕਿ ਉਹਨਾਂ ਨੂੰ ਕੁਝ ਦਿਨਾਂ ਤੋਂ ਗੈਸ ਦੀ ਕਿੱਲਤ ਆ ਰਹੀ ਹੈ।ਇਸ ਮੌਕੇ ਗੈਸ ਏਜੰਸੀ ਦੇ ਮਾਲਕ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਲੋਕਾਂ ਨੂੰ ਖੱਜਲ ਖੁਆਰ ਨਾ ਹੋਣ ਦਿੱਤਾ ਜਾਵੇ ਅਤੇ ਘਰੇਲੂ ਗੈਸ ਸਿਲੰਡਰਾਂ ਦੀ ਡਿਲਵਰੀ ਸਮੇਂ ਸਿਰ ਕੀਤੀ ਜਾਵੇ।ਇਸ ਤੋਂ ਇਲਾਵਾ ਉਪ ਮੰਡਲ ਮੈਜਿਸਟਰੇਟ ਸ੍ਰੀ ਆਯੂਸ਼ ਗੋਇਲ ਵਲੋਂ ਬਾਬਾ ਫੂਲ ਸਰਕਾਰੀ ਬਿਰਧ ਘਰ ਤਪਾ ਦਾ ਵੀ ਦੌਰਾ ਕੀਤਾ ਗਿਆ।ਓਹਨਾਂ ਬਿਰਧ ਘਰ ਰਹਿ ਰਹੇ ਬਜ਼ੁਰਗਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਉਹਨਾਂ ਬਜ਼ੁਰਗਾਂ ਲਈ ਸਾਰੇ ਪ੍ਰਬੰਧਾਂ ਜਿਵੇਂ ਕਿ ਖਾਣਾ, ਸਾਫ-ਸਫਾਈ, ਦਵਾਈਆਂ ਅਤੇ ਹੋਰ ਸਹੂਲਤਾਂ ਨੂੰ ਘੋਖਿਆ ਅਤੇ ਬਜ਼ੁਰਗਾਂ ਨਾਲ ਗੱਲਬਾਤ ਕਰਕੇ ਓਹਨਾਂ ਦਾ ਹਾਲ ਜਾਣਿਆ।ਇਸ ਮੌਕੇ ਬਜ਼ੁਰਗਾਂ ਨੇ ਪ੍ਰਬੰਧਾਂ 'ਤੇ ਤਸੱਲੀ ਜਤਾਈ ਅਤੇ ਕਿਹਾ ਕਿ ਉਹਨਾਂ ਨੂੰ ਇਥੇ ਘਰ ਵਰਗਾ ਮਾਹੌਲ ਦਿੱਤਾ ਜਾ ਰਿਹਾ ਹੈ।ਇਸ ਮੌਕੇ ਸ੍ਰੀ ਆਯੂਸ਼ ਗੋਇਲ ਨੇ ਕਿਹਾ ਕਿ ਬਜ਼ੁਰਗ ਸਾਡਾ ਸਰਮਾਇਆ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਤਰਜੀਹ ਹੈ ਕਿ ਬਜ਼ੁਰਗਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਉਣ ਦਿੱਤੀ ਜਾਵੇ।

# ਮੁੱਖ ਮੰਤਰੀ ਕਿਕਲੀ ਪਾਉਣ ਦੀ ਬਜਾਏ ਕਿਸਾਨਾਂ ਨੂੰ ਗੜੇਮਾਰੀ ਦਾ ਮੁਆਵਜਾ ਦੇਵੇ- ਦਲਜੀਤ ਮਿਆਦੀਆਂ



**ਅੰਮ੍ਰਿਤਸਰ. 11 ਅਪ੍ਰੈਲ (ਸੋਨੂ ਨਰੂਲਾ)** ਪੰਜਾਬ ਦੇ ਕਿਸਾਨਾਂ ਦੇ ਚਿਹਰੇ ਮੌਸਮੀ ਬਰਸਾਤ ਤੇ ਗੜੇਮਾਰੀ ਕਾਰਨ ਬਰਬਾਦ ਹੋਈਆਂ ਫਸਲਾਂ ਕਾਰਨ ਚਿਹਰੇ ਮੁਰਝਾਏ ਹੋ ਰਹੇ ਹਨ ਪਰ ਦੂਜੇ ਪਾਸੇ ਪੰਜਾਬ ਦਾ ਮੁੱਖ ਮੰਤਰੀ ਭਗਵੰਤ ਮਾਨ ਇਹਨਾਂ ਕਿਸਾਨਾਂ ਦੇ ਦਰਦ ਨੂੰ ਅਤੇ ਖਰਾਬ ਹੋਈਆਂ ਫਸਲਾਂ ਦਾ ਮੁਆਵਜ਼ਾ ਦੇਣ ਦੀ ਬਜਾਏ ਕਿਕਲੀਆਂ ਪਾ ਰਿਹਾ ਹੈ ਜੋ ਕਿ ਬਹੁਤ ਹੀ ਸ਼ਰਮਨਾਕ ਗੱਲ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਰਾਜਾਸਾਂਸੀ ਤੋਂ ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਦਲਜੀਤ ਸਿੰਘ ਮਿਆਦੀਆਂ ਨੇ ਆਪਣੇ ਵਿਚਾਰਾਂ ਦੌਰਾਨ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਨੂੰ ਜਿੱਥੇ ਜਲਦ ਹੀ ਇਹਨਾਂ ਕਿਸਾਨਾਂ ਨੂੰ ਮੁਆਵਜਾ ਰਾਸ਼ੀ ਮੁਹਈਆ ਕਰਨੀ ਚਾਹੀਦੀ ਹੈ ਤਾਂ ਜੋ ਕਿਸਾਨ ਆਪਣੀਆਂ ਲੋੜਾਂ ਨੂੰ ਜਲਦ ਪੂਰੀਆਂ ਕਰ ਸਕਣ ਕਿਉਂਕਿ ਪਿਛਲੇ ਸਮੇਂ ਤੋਂ ਕਿਸਾਨਾਂ ਨੂੰ ਵੱਡੀ ਮਾਰਦਾ ਸਾਹਮਣਾ ਕਰਨਾ ਪੈ ਰਿਹਾ ਹੈ ਸਾਉਣੀ ਦੀ ਫਸਲ ਜੋ ਕਿ ਹੜਾਂ ਕਾਰਨ ਪੂਰੀ ਤਰ੍ਹਾਂ ਬਰਬਾਦ ਹੋ ਚੁੱਕੀ ਸੀ ਉਸ ਮਾਰ ਤੋਂ ਬਾਅਦ ਇੱਥੋਂ ਦੇ ਕਿਸਾਨ ਅਜੇ ਪੂਰੀ ਤਰ੍ਹਾਂ ਆਪਣੇ ਪੈਰਾਂ ਸਿਰ ਖੜੇ ਨਹੀਂ ਹੋਏ ਸਨ ਕਿ ਹੁਣ ਹਾੜੀ ਦੀ ਫਸਲ ਦੌਰਾਨ ਹੋਈ ਬੇਮੌਸਮੀ ਬਰਸਾਤ ਅਤੇ ਗੜੇ ਮਾਰੀ ਕਾਰਨ ਕਿਸਾਨਾਂ ਦੀਆਂ ਫਸਲਾਂ ਨੂੰ ਭਾਰੀ ਨੁਕਸਾਨ ਪੁੱਜਾ ਹੈ। ਪਰ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਇਹਨਾਂ ਕਿਸਾਨਾਂ ਦੀ ਸਾਰ ਲੈਣ ਦੀ ਬਜਾਏ ਪੰਜਾਬ ਦਾ ਪੈਸਾ ਪੂਰੀ ਤਰਹਾਂ ਕੇਜਰੀਵਾਲ ਅਤੇ ਉਹਨਾਂ ਦੇ ਲੀਡਰਾਂ ਤੇ ਲੁਟਾ ਰਹੀ ਹੈ। ਮਿਆਦੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਜਿਹਾ ਨਿਕੰਮਾ ਮੁੱਖ ਮੰਤਰੀ ਹੈ ਕਿ ਜਿਸ ਨੇ ਅੱਜ ਤੱਕ ਬਾਰਡਰ ਦੇ ਕਿਸਾਨਾਂ ਅਤੇ ਲੋਕਾਂ ਦੀ ਸਾਰ ਨਹੀਂ ਲਈ ਕਿ ਕਿਸ ਤਰ੍ਹਾਂ ਇਹ ਕਿਸਾਨ ਆਪਣੀ ਹੱਡ ਤੋੜਵੀ ਮਿਹਨਤ ਕਰਦੇ ਹਨ ਪਰ ਫਿਰ ਵੀ ਉਹਨਾਂ ਨੂੰ ਉਹਨਾਂ ਦੀਆਂ ਫਸਲਾਂ ਦਾ ਸਹੀ ਮੁੱਲ ਨਹੀਂ ਮਿਲਦਾ। ਉਹਨਾਂ ਕਿਹਾ ਕਿ ਇੱਕ ਪੰਜਾਬੀ ਹੋਣ ਦੇ ਨਾਤੇ ਇੰਨਾ ਕਿਸਾਨਾਂ ਦੇ ਦੁੱਖ ਨੂੰ ਸਮਝੇ ਤੇ ਗੜੇਮਾਰੀ ਕਾਰਨ ਤਬਾਹ ਹੋਈਆਂ ਫਸਲਾਂ ਦੀ ਜਲਦ ਮੁਆਵਜਾ ਰਾਸੀ ਜਾਰੀ ਕਰੇ।

# ਸ਼੍ਰੀ ਅਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ, ਮਾਤਾ ਚਿੰਤਪੁਰਣੀ ਅਤੇ ਡੇਰਾ ਨਕੋਦਰ ਦੇ ਦਰਸ਼ਨਾਂ ਲਈ 57ਵੀਂ ਬੱਸ ਰਵਾਨਾ



**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਗਿੱਦੜਬਾਹਾ ਦੀ ਧਾਰਮਿਕ ਸੰਸਥਾ ਜੈ ਮਾਤਾ ਚਿੰਤਪੁਰਣੀ, ਜੈ ਮਾਂ ਜਵਾਲਾ ਜੀ ਬੱਸ ਸੇਵਾ ਸੰਘ ਗਿੱਦੜਬਾਹਾ ਵੱਲੋਂ ਹਰ ਵਾਰ ਦੀ ਤਰਾਂ ਇਸ ਵਾਰ ਵੀ 57ਵੀਂ ਬੱਸ ਨੂੰ ਸ਼੍ਰੀ ਅਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ, ਮਾਤਾ ਚਿੰਤਪੁਰਣੀ ਅਤੇ ਡੇਰਾ ਨਕੋਦਰ ਦੇ ਦਰਸ਼ਾਂ ਲਈ ਸੰਸਥਾ ਦੇ ਪ੍ਰਧਾਨ ਡਾ. ਅਨਿਲ ਗਰਗ ਦੀ ਅਗਵਾਈ ਵਿਚ ਰਵਾਨਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਅਨਿਲ ਗਰਗ ਨੇ ਦੱਸਿਆ ਕਿ ਬੱਸ ਨੂੰ ਨਾਇਬ ਤਹਿਸੀਲਦਾਰ ਦਵਿੰਦਰ ਕਲੇਰ ਵਲੋਂ ਸਥਾਨਕ ਡੇਰਾ ਬਾਬਾ ਗੰਗਾ ਰਾਮ ਜੀ ਤੋਂ ਹਰੀ ਝੰਡੀ ਵਿਖਾ ਕੇ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ। ਉਨਾਂ ਨੇ ਦੱਸਿਆ ਕਿ ਉਕਤ ਬੱਸ ਵਿਚ ਲਗਭਗ 59 ਸ਼ਰਧਾਲੂਆਂ ਦਾ ਜੱਥਾ ਧਾਰਮਿਕ ਸਥਾਨਾਂ ਦੇ ਦਰਸ਼ਨਾ ਲਈ ਰਵਾਨਾ ਹੋਇਆ। ਉਨਾਂ ਨੇ ਦੱਸਿਆ ਕਿ ਵਾਪਸੀ ਸਮੇਂ ਸ਼ਰਧਾਲੂਆਂ ਨੂੰ ਡੇਰਾ ਨਕੋਦਰ ਦੇ ਦਰਸ਼ਨ ਕਰਵਾਏ ਜਾਣਗੇ ਅਤੇ ਸ਼ਾਮ ਸਮੇਂ ਮੋਗਾ ਵਿਖੇ ਸਥਿਤ ਚਿੰਤਪੁਰਣੀ ਮੰਦਿਰ ਵਿਖੇ ਸ਼ਰਧਾਲੂਆਂ ਦੇ ਲਈ ਬ੍ਰੈਡ, ਪਕੌੜੇ ਅਤੇ ਚਾਹ ਦੇ ਲੰਗਰ ਦਾ ਪ੍ਰਬੰਧ ਕੀਤਾ ਜਾਵੇਗਾ। ਉਨਾਂ ਨੇ ਦੱਸਿਆ ਕਿ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਗਏ ਸ਼ਰਧਾਲੂਆਂ ਲਈ ਸੰਸਥਾ ਵਲੋਂ ਰਹਿਣ ਅਤੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਂਦਾ ਹੈ। ਇਸ ਮੌਕੇ ਹੈਪੀ ਬਾਂਸਲ, ਵਿੱਕੀ ਸ਼ਰਮਾ, ਉਮੀ ਯਾਦਵ, ਅੰਕੁਸ਼ ਗਰਗ, ਛਿੰਦਾ ਮੈਡੀਕਲ, ਕਪਿਲ ਗੋਇਲ, ਬਲਜੀਤ, ਨਰੇਸ਼ ਕਟਾਰੀਆ, ਸੁਖਮੰਦਰ ਦੇਦ, ਬਿੰਦਾ ਗਰਗ, ਦਵਿੰਦਰ ਕਲੇਰ, ਬਿੰਦਰ ਚੰਨੂ ਵਾਲੇ, ਜਗਸੀਰ ਬਾਬਾ ਚੰਨੂ ਵਾਲੇ, ਨਰੇਸ਼ ਚੰਨੂ ਵਾਲੇ, ਪ੍ਰਵੀਨ ਕੁਮਾਰ, ਅਮਰ ਕੁਮਾਰ, ਸੁਰਜੀਤ ਸਿੰਘ ਰਾਹੀ ਟੇਲਰ ਮਾਸਟਰ, ਪੰਮਾ ਟੇਲਰ ਮਾਸਟਰ, ਤੁਸ਼ਾਰ, ਕਾਲਾ, ਕਾਕਾ, ਰਾਮੂ, ਅਮਨ ਹਲਵਾਈ, ਜਗਸੀਰ ਚੇਲਾ, ਗੁਰਮੇਲ ਕੰਡਕਟਰ, ਛਿੰਦਾ ਡਰਾਈਵਰ ਆਦੀ ਹਾਜ਼ਰ ਸਨ।

# ਰੈਸਲਰ ਰਾਜਵੀਰ ਕੌਰ ਨੇ ਜਿੱਤਿਆ ਚਾਂਦੀ ਦਾ ਤਮਗਾ

**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਆਨੰਦ ਭਾਰਤੀ ਕੁਸ਼ਤੀ ਮਹਾਸੰਘ ਵੱਲੋਂ ਭਿਲਾਈ (ਛਤੀਸਗੜ੍ਹ) ਵਿਖੇ ਆਯੋਜਿਤ ਕੀਤੀ ਗਈ ਨੈਸ਼ਨਲ ਰੈਸਲਿੰਗ ਚੈਂਪੀਅਨਸ਼ਿਪ 2026 ਵਿਚ ਗਿੱਦੜਬਾਹਾ ਦੀ ਰੈਸਲਰ ਰਾਜਵੀਰ ਕੌਰ ਨੇ ਚਾਂਦੀ ਦਾ ਤਮਗਾ ਹਾਸਲ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਰਾਜਵੀਰ ਕੌਰ ਦੇ ਕੋਚ ਨੀਰਜ ਸ਼ਰਮਾਂ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿਚ 28 ਰਾਜਾਂ ਦੇ ਕਰੀਬ 1200 ਰੈਸਲਰਜ (ਮਰਦ ਅਤੇ ਔਰਤਾਂ) ਨੇ ਭਾਗ ਲਿਆ। ਰੈਸਲਿੰਗ ਅੰਡਰ-20 ਦੇ 72 ਕਿਲੋ ਭਾਰ ਵਰਗ ਵਿਚ ਪੰਜਾਬ ਰਾਜ ਦੀ ਪ੍ਰਤੀਨਿਧਤਾ ਕਰਦੇ ਹੋਏ ਰਾਜਵੀਰ ਕੌਰ ਨੇ ਸਿਲਵਰ ਮੈਡਲ ਜਿੱਤ ਕੇ ਪੰਜਾਬ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਅਤੇ ਗਿੱਦੜਬਾਹਾ ਦਾ ਨਾਮ ਰੌਸ਼ਨ ਕੀਤਾ ਹੈ। ਉਨ੍ਹਾਂ ਰਾਜਵੀਰ ਕੌਰ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੰਦੇ ਹੋਏ ਭਵਿੱਖ ਦੇ ਮੁਕਾਬਲਿਆਂ ਲਈ ਸੁਭਕਾਮਨਾਵਾਂ ਦਿੱਤੀਆਂ।



# ਸਰਕਾਰੀ ਹਾਈ ਸਕੂਲ ਰੜ੍ਹ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਨੇ ਜ਼ਿਲ੍ਹੇ 'ਚੋਂ ਹਾਸਲ ਕੀਤਾ ਦੂਜਾ ਸਥਾਨ

## ਖੁਸ਼ਪ੍ਰੀਤ ਕੌਰ ਨੇ ਸਧਾਰਨ ਪਰਿਵਾਰ ਵਿੱਚ ਹੁੰਦਿਆਂ ਵੀ ਪੜ੍ਹਾਈ ਦੀ ਸਿਖ਼ਰ ਨੂੰ ਛੂਹਿਆ- ਬਲਦੇਵ ਸਿੰਘ ਰੜ੍ਹ



**ਮਾਨਸਾ, 11 ਅਪ੍ਰੈਲ (ਗੋਪਾਲ ਅਕਲੀਆ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨ ਅੱਠਵੀਂ ਕਲਾਸ ਦੇ ਨਤੀਜਿਆਂ ਵਿੱਚ ਜ਼ਿਲ੍ਹੇ ਦੇ ਪਿੰਡ ਰੜ੍ਹ ਦੇ ਸਰਕਾਰੀ ਹਾਈ ਸਕੂਲ ਦੀ ਵਿਦਿਆਰਥਣ ਖੁਸ਼ਪ੍ਰੀਤ ਕੌਰ ਪੁੱਤਰੀ ਗੁਰਜੀਤ ਸਿੰਘ ਨੇ 98 ਫੀਸਦੀ ਅੰਕ ਲੈਕੇ ਜ਼ਿਲ੍ਹੇ ਵਿਚੋਂ ਦੂਜਾ ਸਥਾਨ ਹਾਸਲ ਕੀਤਾ ਹੈ। ਉਨ੍ਹਾ ਇਸ ਪ੍ਰਾਪਤੀ ਨਾਲ ਜਿਲ੍ਹੇ ਦੇ ਨਾਲ ਨਾਲ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਜਿੱਥੇ ਖੁਸ਼ਪ੍ਰੀਤ ਕੌਰ ਜਿਲ੍ਹੇ ਵਿੱਚ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਬਲਦੇਵ ਸਿੰਘ ਰੜ੍ਹ, ਨੌਜਾਵਨ ਆਗੂ ਲਾਡੀ ਸਿੰਘ ਤੇ ਕਾਲਾ ਸਿੰਘ ਵਲੋਂ ਖੁਸ਼ਪ੍ਰੀਤ ਕੌਰ ਦਾ ਘਰ ਪੁੱਜ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਬਲਦੇਵ ਸਿੰਘ ਰੜ੍ਹ ਨੇ ਕਿਹਾ ਕਿ ਖੁਸ਼ਪ੍ਰੀਤ ਕੌਰ ਨੇ ਸਧਾਰਨ ਪਰਿਵਾਰ ਵਿੱਚ ਹੁੰਦਿਆਂ ਪੜ੍ਹਾਈ ਦੀ ਸਿਖ਼ਰ ਨੂੰ ਛੂਹਿਆ ਗਿਆ ਹੈ ਅਤੇ ਉਸਦੀ ਹੌਸਲਾ ਅਫ਼ਜਾਈ ਕਰਨੀ ਲਾਜ਼ਮੀ ਹੈ ਤਾਂ ਜੋ ਅੱਗੇ ਜਾਕੇ ਉਚ ਪੱਧਰੀ ਪੜ੍ਹਾਈ ਦੌਰਾਨ ਹੋਰ ਚੰਗੀਆਂ ਪ੍ਰਾਪਤੀਆਂ ਕਰੇ। ਉਨ੍ਹਾਂ ਇਸ ਪ੍ਰਾਪਤੀ ਲਈ ਸਕੂਲ ਸਟਾਫ਼ ਨੂੰ ਵਧਾਈ ਦਿੱਤੀ।

# ਭਵਾਨੀਗੜ੍ਹ 'ਚ 13 ਅਪ੍ਰੈਲ ਨੂੰ ਬਹਾਵਲਪੁਰ ਦਿਵਸ ਧੂਮਧਾਮ ਨਾਲ ਮਨਾਇਆ ਜਾਵੇਗਾ



**ਭਵਾਨੀਗੜ੍ਹ, 11 ਅਪ੍ਰੈਲ (ਰਾਜ ਖੁਰਮੀ)** ਸਥਾਨਕ ਬਹਾਵਲਪੁਰ ਸਭਾ ਭਵਾਨੀਗੜ੍ਹ ਵੱਲੋਂ 13 ਅਪ੍ਰੈਲ ਨੂੰ ਬਹਾਵਲਪੁਰ ਭਵਨ ਵਿਖੇ ਬਹਾਵਲਪੁਰ ਦਿਵਸ ਬੜੀ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬਹਾਵਲਪੁਰ ਯੂਥ ਵਿੰਗ ਦੇ ਪ੍ਰਧਾਨ ਰਜਿੰਦਰ ਕੁਮਾਰ ਸੁਖੀਜਾ ਨੇ ਦੱਸਿਆ ਕਿ ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਿਰਕਤ ਕਰਨਗੀਆਂ।ਉਨ੍ਹਾਂ ਦੱਸਿਆ ਕਿ ਇਸ ਮੌਕੇ ਮੁੱਖ ਮਹਿਮਾਨ ਵਜੋਂ ਜਗਦੀਸ਼ ਸਿੰਘ ਜੱਗਾ (ਚੇਅਰਮੈਨ, ਨੈਸ਼ਨਲ ਬਹਾਵਲਪੁਰ ਮਹਾਂ ਸੰਘ, ਰਾਜਪੁਰਾ) ਅਤੇ ਸੁਨੀਲ ਪੋਪਲੀ (ਰਾਸ਼ਟਰੀ ਪ੍ਰਧਾਨ, ਮਹਾਰਾਸ਼ਟਰ) ਖਾਸ ਤੌਰ 'ਤੇ ਪਹੁੰਚ ਰਹੇ ਹਨ। ਇਸ ਤੋਂ ਇਲਾਵਾ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਸੰਗਰੂਰ ਇੰਚਾਰਜ਼ ਅਰਵਿੰਦ ਖੰਨਾ, ਸਾਬਕਾ ਕੈਬਨਿਟ ਮੰਤਰੀ ਵਿਜੈ ਇੰਦਰ ਸਿੰਗਲਾ ਅਤੇ ਸਾਬਕਾ ਸੰਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ ਵੀ ਸਮਾਗਮ ਵਿੱਚ ਹਾਜ਼ਰੀ ਲਗਵਾਉਣਗੇ। ਸੁਖੀਜਾ ਨੇ ਦੱਸਿਆ ਕਿ ਸ਼ਾਮ 5 ਵਜੇ ਤੋਂ 7 ਵਜੇ ਤੱਕ ਕੀਰਤਨ ਦਾ ਆਯੋਜਨ ਕੀਤਾ ਜਾਵੇਗਾ ਅਤੇ ਇਸ ਤੋਂ ਬਾਅਦ 7 ਵਜੇ ਇਨਾਮ ਵੰਡ ਸਮਾਰੋਹ ਹੋਵੇਗਾ, ਜਿਸ ਦੌਰਾਨ ਵੱਖ-ਵੱਖ ਵਿਦਿਆਕ ਖੇਤਰਾਂ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਸ ਦੌਰਾਨ ਸੰਗਤਾਂ ਨੂੰ ਪਹੁੰਚਣ ਦੀ ਅਪੀਲ ਕੀਤੀ ਅਤੇ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਪਾਸੀ ਲਾਲ, ਨਰੇਸ਼ ਕੁਮਾਰ, ਰਜਿੰਦਰ ਕੁਮਾਰ, ਰਾਮ ਸੱਚਦੇਵਾ, ਲਛਮਣ ਦਾਸ ਸੱਚਦੇਵਾ, ਧਰਮਪਾਲ ਅਹੂਜਾ, ਰਵਿੰਦਰ ਕੁਮਾਰ, ਜੋਨੀ ਕਾਲੜਾ ਸਮੇਤ ਹੋਰ ਆਗੂ ਵੀ ਹਾਜ਼ਰ ਸਨ।

ਮੁਦਰਕ, ਪ੍ਰਕਾਸ਼ਕ ਅਤੇ ਸਵਾਮੀ ਰਵੀਨਾ ਰਾਣੀ ਨੇ ਪੁਸ਼ਪਕ ਪ੍ਰਿੰਟਰ, ਚੱਕ ਰੋਡ ਨੇੜੇ ਖਾਲਸਾ ਸਕੂਲ, ਸ੍ਰੀ ਮੁਕਤਸਰ ਸਾਹਿਬ ਤੋਂ ਛਪਵਾ ਕੇ ਮਾਲਵਾ ਬਾਣੀ ਦਫਤਰ, ਖੱਡੀਆਂ ਵਾਲੀ ਗਲੀ, ਹਾਊਸ ਨੰਬਰ 1740 , ਸ੍ਰੀ ਮੁਕਤਸਰ ਸਾਹਿਬ ਤੋਂ ਪ੍ਰਕਾਸ਼ਿਤ ਕੀਤਾ। ਸੰਪਾਦਕ ਰਵੀਨਾ ਰਾਣੀ
Rni.PUNPUN/2022/85964

# ਖੁਸ਼ਪ੍ਰੀਤ ਕੌਰ ਸਮਾਓ ਨੇ ਬਲਾਕ ਸੰਮਤੀ ਚੇਅਰਮੈਨ ਤੇ ਰਾਜਦੀਪ ਕੌਰ ਵਾਈਸ ਨੇ ਚੇਅਰਮੈਨ ਵਜੋਂ ਸੰਭਾਲਿਆ ਅਹੁਦਾ

## 'ਆਪ' ਦਾ ਮੁੱਖ ਮਕਸਦ ਅਤੇ ਮਨੋਰਥ ਸਿਰਫ ਵਿਕਾਸ ਅਤੇ ਪ੍ਰਗਤੀ ਨੂੰ ਸਿਖ਼ਰਾਂ 'ਤੇ ਲੈਕੇ ਜਾਣਾ- ਵਿਧਾਇਕ ਵਿਜੈ ਸਿੰਗਲਾ



**ਮਾਨਸਾ, 11 ਅਪ੍ਰੈਲ (ਗੋਪਾਲ ਅਕਲੀਆ)** ਪਿਛਲੇ ਦਿਨੀਂ ਚੋਣ ਕਰਕੇ ਸੱਤਾਧਾਰੀ ਆਮ ਆਦਮੀ ਪਾਰਟੀ ਵੱਲੋਂ ਬਲਾਕ ਸੰਮਤੀ ਮਾਨਸਾ ਦੀਆਂ ਚੁਣੀਆਂ ਚੇਅਰਪਰਸ਼ਨ ਨੇ ਖੁਸ਼ਪ੍ਰੀਤ ਕੌਰ ਅਤੇ ਉਪ-ਚੇਅਰਪਰਸ਼ਨ ਰਾਜਦੀਪ ਕੌਰ ਨੇ ਅੱਜ ਆਪਣਾ ਅਹੁਦਾ ਸੰਭਾਲ ਲਿਆ ਹੈ। ਉਨ੍ਹਾਂ ਨੇ ਅੱਜ ਵਿਧਾਇਕ ਡਾ. ਵਿਜੈ ਸਿੰਗਲਾ, ਬਲਾਕ ਸਮਿਤੀ ਦੇ ਪਾਰਟੀ ਮੈਂਬਰਾਂ ਅਤੇ ਆਪ ਆਗੂਆਂ ਦੀ ਹਾਜ਼ਰੀ ਵਿੱਚ ਖੁਸ਼ੀ ਨਾਲ ਲੱਡੂ ਵੰਡਣ ਉਪਰੰਤ ਇਹ ਅਹੁਦੇ ਸੰਭਾਲੇ।

ਜ਼ਿਕਰਯੋਗ ਹੈ ਕਿ ਪਿਛਲੀ ਦਿਨੀਂ ਜਦੋਂ ਆਮ ਆਦਮੀ ਪਾਰਟੀ ਵੱਲੋਂ ਉਕਤ ਦੋਵੇਂ ਉਮੀਦਵਾਰਾਂ ਨੂੰ ਖੁਸ਼ਪ੍ਰੀਤ ਕੌਰ ਚੇਅਰਪਰਸ਼ਨ ਅਤੇ ਰਾਜਦੀਪ ਕੌਰ ਉਪ-ਚੇਅਰਪਰਸ਼ਨ ਵਜੋਂ ਚੁਣੇ ਗਏ ਤਾਂ ਇਸ ਨੂੰ ਲੈਕੇ ਹੰਗਾਮਾ ਹੋਇਆ। ਸ੍ਰੋਮਣੀ ਅਕਾਲੀ ਦਲ ਨੇ ਸੱਤਾਧਾਰੀ ਆਮ ਆਦਮੀ ਪਾਰਟੀ 'ਤੇ ਧੱਕੇਸ਼ਾਹੀ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਅਕਾਲੀ ਦਲ ਕੋਲ ਬਹੁਮਤ ਹੋਣ ਦੇ ਬਾਵਜੂਦ ਆਮ ਆਦਮੀ ਪਾਰਟੀ ਨੇ ਆਪਣੇ ਚੇਅਰਪਰਸ਼ਨ ਚੁਣੇ ਹਨ। ਅੱਜ ਚੇਅਰਪਰਸ਼ਨ ਖੁਸਪ੍ਰੀਤ ਕੌਰ ਅਤੇ ਉਪ ਚੇਅਰਪਰਸ਼ਨ ਰਾਜਦੀਪ ਕੌਰ ਨੇ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਉਹ ਵਿਕਾਸ,ਤਰੱਕੀ ਅਤੇ ਮਿਲਕੇ ਕੰਮ ਕਰਨ ਨੂੰ ਤਰਜ਼ੀਹ ਦੇਣਗੇ ਅਤੇ ਕਿਸੇ ਵੀ ਮੈਂਬਰਾਂ ਨਾਲ ਉਨ੍ਹਾਂ ਵੱਲੋਂ ਕੋਈ ਵਿਰੋਧ, ਪੱਖਪਾਤ ਨਹੀਂ ਕੀਤਾ ਜਾਵੇਗਾ। ਵਿਧਾਇਕ ਡਾ. ਵਿਜੈ ਸਿੰਗਲਾ ਨੇ ਕਿਹਾ ਕਿ 'ਆਪ' ਦਾ ਮੁੱਖ ਮਕਸਦ ਅਤੇ ਮਨੋਰਥ ਸਿਰਫ਼ ਵਿਕਾਸ ਅਤੇ ਪ੍ਰਗਤੀ ਨੂੰ ਸਿਖ਼ਰਾਂ 'ਤੇ ਲੈਕ ਜਾਣਾ ਹੈ। ਉਨ੍ਹਾਂ ਕਿਹਾ ਕਿ ਜੋ ਵੀ ਬਲਾਕ ਸਮਿਤੀ ਦੇ ਅਧੀਨ ਪਿੰਡਾਂ ਆਦਿ ਦੇ ਕੰਮ ਆਉਣਗੇ, ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਇਕਸਾਰ ਵਿਕਾਸ ਵਜੋਂ ਕਰਵਾਇਆ ਜਾਵੇਗਾ। ਉਧਰ ਸ੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਅਰੋੜਾ ਨੇ ਦੱਸਿਆ ਕਿ ਚੋਣ ਦੌਰਾਨ ਸੱਤਾਧਾਰੀ ਪਾਰਟੀ ਵੱਲੋਂ ਧੱਕੇਸ਼ਾਹੀ ਕਰਨ ਦੇ ਵਿਰੁੱਧ ਉਨ੍ਹਾਂ ਨੇ ਹਾਈਕੋਰਟ ਵਿੱਚ ਪਟੀਸ਼ਨ ਦਾਖ਼ਲ ਕੀਤੀ ਸੀ, ਜੋ ਕਿਸੇ ਕਾਰਨ ਖਾਰਜ ਹੋ ਗਈ। ਉਨ੍ਹਾਂ ਦੱਸਿਆ ਕਿ ਹੁਣ ਉਨ੍ਹਾਂ ਵੱਲੋਂ ਚੋਣ ਕਮਿਸ਼ਨਰ ਨੂੰ ਅਪੀਲ ਭੇਜੀ ਹੈ। ਇਸ ਮੌਕੇ ਬਲਾਕ ਪ੍ਰਧਾਨ ਪੰਚਾਇਤ ਯੂਨੀਅਨ ਸਰਪੰਚ ਡਾ. ਤਜਿੰਦਰ ਸਿੰਘ ਸਮਾਓ ਆਦਿ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਰਕਰ ਹਾਜ਼ਰ ਸਨ।

# ਮਮਦੋਟ ਦੀ ਅਨਾਜ਼ ਮੰਡੀ ਵਿੱਚ ਕਣਕ ਦੀ ਫ਼ਸਲ ਦੀ ਆਮਦ ਹੋਈ ਸ਼ੁਰੂ, ਸਰਕਾਰ ਵੱਲੋਂ ਖ਼ਰੀਦ ਦੇ ਸਾਰੇ ਪ੍ਰਬੰਧ ਮੁਕੰਮਲ : ਸੰਧੂ





**ਮਮਦੋਟ 11 ਅਪ੍ਰੈਲ (ਗੁਰਪ੍ਰੀਤ ਸਿੰਘ ਸੰਧੂ)** ਇਸ ਵਾਰ ਫਰਵਰੀ ਮਹੀਨੇ ਵਿੱਚ ਉੱਚ ਤਾਪਮਾਨ ਅਤੇ ਮਾਰਚ ਅਤੇ ਅਪ੍ਰੈਲ ਦੇ ਮਹੀਨੇ ਵਿੱਚ ਬੇਮੌਸਮੀ ਬਾਰਿਸ਼ ਦੀ ਬੁੱਕਲ ਵਿੱਚ ਪੱਕ ਕੇ ਤਿਆਰ ਹੋਈ ਕਣਕ ਦੀ ਫ਼ਸਲ ਮਮਦੋਟ ਦੀ ਮੁੱਖ ਅਨਾਜ਼ ਮੰਡੀ ਅਤੇ ਇਸ ਦੇ ਅਧੀਨ ਆਉਂਦੇ ਖ਼ਰੀਦ ਕੇਂਦਰਾ ਵਿੱਚ ਕਣਕ ਦੀ ਫ਼ਸਲ ਆਮਦ ਸ਼ੁਰੂ ਹੋ ਜਾਣ ਕਰਕੇ ਮੰਡੀਆ ਵਿੱਚ ਰੌਣਕਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ ਮੰਡੀ ਬੋਰਡ ਦੇ ਵੱਲੋਂ ਕੀਤੇ ਗਏ ਪ੍ਰਬੰਧਾ ਦੇ ਸਬੰਧੀ ਜਦੋਂ ਮਾਰਕੀਟ ਕਮੇਟੀ ਦੇ ਸੈਕਟਰੀ ਬਿੱਕਰਮਜੀਤ ਸਿੰਘ ਸੰਧੂ ਨਾਲ ਗੱਲਬਾਤ ਕੀਤੀ ਗਈ ਤਾ ਉਹਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪੰਜਾਬ ਮੰਡੀ ਬੋਰਡ ਦੇ ਨਿਰਦੇਸ਼ਾਂ ਦੇ ਤਹਿਤ ਮੰਡੀਆ ਵਿੱਚ ਫ਼ਸਲ ਵੇਚਣ ਆਏ ਕਿਸਾਨਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਮਮਦੋਟ ਦੀ ਮੁੱਖ ਅਨਾਜ਼ ਮੰਡੀ ਅਤੇ ਇਸਦੇ ਅਧੀਨ ਆਉਂਦੇ ਸਾਰੇ ਖ਼ਰੀਦ ਵਿੱਚ ਸਾਫ ਸਫਾਈ, ਪੀਣ ਵਾਲੇ ਸਾਫ ਪਾਣੀ, ਲਾਈਟਾਂ ਸਮੇਤ ਹੋਰ ਸਾਰੇ ਢੁੱਕਵੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਉਹਨਾਂ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿਸਾਨ ਨਮੀ ਰਹਿਤ ਹੀ ਪੱਕੀ ਕਣਕ ਮੰਡੀ ਵਿੱਚ ਲੈ ਕੇ ਆਉਣ ਉਹਨਾਂ ਨੇ ਕਿਹਾ ਕਿਸਾਨਾਂ ਆੜ੍ਹਤੀਆਂ, ਅਤੇ ਮੰਡੀ ਵਿੱਚ ਕੰਮ ਕਰਦੇ ਮਜਦੂਰਾਂ ਨੂੰ ਕੋਈ ਵੀ ਮੁਸ਼ਕਿਲ ਆਉਂਦੀ ਹੈ ਤਾ ਉਹ ਮਾਰਕੀਟ ਕਮੇਟੀ ਮਮਦੋਟ ਦੇ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਇਸ ਮੌਕੇ ਸੰਦੀਪ ਸਿੰਘ ਮੰਡੀ ਸੁਪਰਵਾਜ਼ਿਰ, ਸੰਜੈ ਗੁਪਤਾ ਟੈਲੀ ਓਪਰੇਟਰ, ਕੁਲਦੀਪ ਸਿੰਘ, ਪੂਰਨ ਸਿੰਘ, ਨਵਦੀਪ ਸਿੰਘ ਮਾਰਕੀਟ ਕਮੇਟੀ ਦੇ ਮੁਲਾਜਮ ਆਦਿ ਵੀ ਹਾਜ਼ਿਰ ਸਨ।

# 'ਦ ਗਲੈਡੀਓਲਸ ਸਕੂਲ' ਵੱਲੋਂ 'ਸਿੱਖਿਆ ਵਿੱਚ ਕਲਾ ਏਕੀਕਰਨ' 'ਤੇ ਇੱਕ ਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਆਯੋਜਿਤ







**ਸ਼੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਮਾਲਵਾ ਬਾਣੀ)** ਸ਼੍ਰੀ ਮੁਕਤਸਰ ਸਾਹਿਬ ਦੇ 'ਦ ਗਲੈਡੀਓਲਸ ਸਕੂਲ' ਵੱਲੋਂ ਸੀਬੀਐਸਈ ਸੈਂਟਰ ਆਫ਼ ਐਕਸੀਲੈਂਸ (COE), ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਹੇਠ 'ਸਿੱਖਿਆ ਵਿੱਚ ਕਲਾ ਏਕੀਕਰਨ' 'ਤੇ ਇੱਕ ਰੋਜ਼ਾ ਸਮਰੱਥਾ ਨਿਰਮਾਣ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਉਦੇਸ਼ ਅਧਿਆਪਕਾਂ ਨੂੰ ਰਚਨਾਤਮਕ ਅਤੇ ਅਨੁਭਵੀ ਸਿੱਖਣ ਤਕਨੀਕਾਂ ਨਾਲ ਪਾਠ ਯੋਜਨਾਵਾਂ ਤਿਆਰ ਕਰਨ ਲਈ ਸਿਖਿਅਤ ਕਰਨਾ ਸੀ। ਇਸ ਵਿਸ਼ੇਸ਼ ਸੈਮੀਨਾਰ ਵਿੱਚ 60 ਅਧਿਆਪਕਾਂ ਨੇ ਭਾਗ ਲਿਆ, ਜਿਸ ਵਿੱਚ ਦੋ ਉੱਘੇ ਰਿਸੋਰਸ ਪਰਸਨ – ਪ੍ਰਸ਼ਾਂਤ ਦਿਵੇਦੀ (ਪੀਜੀਟੀ ਗਣਿਤ, ਡੀਏਵੀ ਐਡਵਰਡ ਗੰਜ, ਮਲੋਟ) ਅਤੇ ਨਵਦੀਪ ਸਿੰਘ (ਪੀਜੀਟੀ ਅੰਗਰੇਜ਼ੀ, ਡੀਪੀਐਸ ਅਬੋਹਰ) ਨੇ ਸ਼ਿਰਕਤ ਕੀਤੀ। ਦੋਵਾਂ ਮਾਹਿਰਾਂ ਨੇ ਕਲਾਸਰੂਮ ਦੀ ਸਿੱਖਿਆ ਨੂੰ ਵਧੇਰੇ ਰੋਚਕ ਅਤੇ ਪ੍ਰਭਾਵਸ਼ਾਲੀ ਬਣਾਉਣ ਲਈ ਕੀਮਤੀ ਵਿਚਾਰ ਅਤੇ ਵਿਹਾਰਕ ਪਹੁੰਚ ਸਾਂਝੀ ਕੀਤੀ। ਵਰਕਸ਼ਾਪ ਬਹੁਤ ਹੀ ਲਾਹੇਵੰਦ ਰਹੀ, ਜਿਸ ਨੇ ਅਧਿਆਪਕਾਂ ਨੂੰ ਨਵੀਨਤਾਕਾਰੀ ਵਿਚਾਰਾਂ ਅਤੇ ਵਿਹਾਰਕ ਸਾਧਨਾਂ ਨਾਲ ਲੈਸ ਕੀਤਾ ਤਾਂ ਜੋ ਉਹ ਆਪਣੀ ਅਧਿਆਪਨ ਵਿਧੀ ਵਿੱਚ ਸੁਧਾਰ ਕਰ ਸਕਣ। ਸਮੁੱਚਾ ਪ੍ਰੋਗਰਾਮ NEP 2020 ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਅਤੇ ਅਧਿਆਪਕਾਂ ਦੇ ਗਿਆਨ ਵਿੱਚ ਵਾਧਾ ਕਰਨ ਵਾਲਾ ਸੀ। ਪ੍ਰਿੰਸੀਪਲ ਸ਼੍ਰੀਮਤੀ ਸੰਦੀਪ ਕੌਰ ਨੇ ਪ੍ਰਬੰਧਕਾਂ ਅਤੇ ਰਿਸੋਰਸ ਪਰਸਨਾਂ ਦਾ ਉਹਨਾਂ ਦੇ ਕੀਮਤੀ ਯਤਨਾਂ ਲਈ ਧੰਨਵਾਦ ਕੀਤਾ ਅਤੇ ਸੀਬੀਐਸਈ 50-ਘੰਟੇ ਦੇ ਸਿਖਲਾਈ ਆਦੇਸ਼ ਨੂੰ ਪੂਰਾ ਕਰਨ ਲਈ ਨਿਯਮਤ CBP (ਕੈਪੈਸਿਟੀ ਬਿਲਡਿੰਗ ਪ੍ਰੋਗਰਾਮ) ਪ੍ਰਤੀ ਸਕੂਲ ਦੀ ਵਚਨਬੱਧਤਾ ਨੂੰ ਦੁਹਰਾਇਆ।

# ਕਿਸਾਨ ਮੰਡੀਆਂ 'ਚ ਸੁੱਕੀ ਕਣਕ ਹੀ ਲੈਕੇ ਆਉਣ, ਕਣਕ ਦੀ ਇੱਕ ਹਫਤਾ ਰੁਕਕੇ ਕਟਾਈ ਕਰਨ-ਪ੍ਰਧਾਨ ਆੜ੍ਹਤੀਆਂ ਐਸੋ.ਸੁਰੇਸ਼ ਕੁਮਾਰ ਕਾਲਾ ਤਾਜੋ





**ਤਪਾ ਮੰਡੀ, 11 ਅਪ੍ਰੈਲ (ਮੇਸੀ ਤਪਾ, ਬੰਟੀ ਦੀਕਸ਼ਿਤ):** ਬੀਤੇ ਦਿਨੀਂ ਖੇਤਾਂ ਵਿੱਚ ਖੜੀ ਕਣਕ ਦੇ ਦਾਣੇ ਬੇਮੌਸਮੀ ਬਰਸਾਤ ਕਾਰਨ ਭਿੱਜ ਗਏ ਹਨ, ਜਿਸ ਨਾਲ ਫਸਲ ਵਿੱਚ ਨਮੀ ਦੀ ਮਾਤਰਾ ਵੱਧ ਗਈ ਹੈ। ਇਸ ਹਾਲਤ ਨੂੰ ਦੇਖਦਿਆਂ ਕੁਝ ਕਿਸਾਨ ਕਣਕ ਦੀ ਤੁਰੰਤ ਕਟਾਈ ਕਰਨ ਦੀ ਸੋਚ ਰਹੇ ਹਨ। ਇਸ ਸੰਬੰਧੀ ਆੜਤੀਆ ਐਸੋਸੀਏਸ਼ਨ ਤਪਾ ਦੇ ਪ੍ਰਧਾਨ ਸੁਰੇਸ਼ ਕੁਮਾਰ ਕਾਲਾ ਤਾਜੋ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਮੇਂ ਮੌਸਮ ਪੂਰੀ ਤਰ੍ਹਾਂ ਅਸਥਿਰ ਹੈ ਅਤੇ ਖੇਤਾਂ ਵਿੱਚ ਖੜੀ ਕਣਕ ਵਿੱਚ ਨਮੀ ਦੀ ਮਾਤਰਾ ਲਗਭਗ 15 ਪ੍ਰਤੀਸ਼ਤ ਤੋਂ ਵੱਧ ਤੱਕ ਪਹੁੰਚ ਚੁੱਕੀ ਹੈ। ਉਹਨਾਂ ਨੇ ਕਿਹਾ ਕਿ ਸਰਕਾਰੀ ਮਾਪਦੰਡਾਂ ਅਨੁਸਾਰ ਖਰੀਦ ਏਜੰਸੀਆਂ ਸਿਰਫ਼ 12 ਪ੍ਰਤੀਸ਼ਤ ਨਮੀ ਵਾਲੀ ਕਣਕ ਹੀ ਖਰੀਦਦੀਆਂ ਹਨ।ਇਸ ਤੋਂ ਵੱਧ ਨਮੀ ਵਾਲੀ ਕਣਕ ਨੂੰ ਮੰਡੀ ਵਿੱਚ ਰੱਖਣ ਨਾਲ ਨਾ ਸਿਰਫ਼ ਉਸ ਦੀ ਕੁਆਲਿਟੀ ਖਰਾਬ ਹੁੰਦੀ ਹੈ, ਸਗੋਂ ਕਿਸਾਨਾਂ ਨੂੰ ਵੀ ਆਰਥਿਕ ਨੁਕਸਾਨ ਝੇਲਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਜੇ ਕਿਸਾਨ ਇਸ ਸਮੇਂ ਕਣਕ ਦੀ ਕਟਾਈ ਕਰਕੇ ਮੰਡੀ ਵਿੱਚ ਲਿਆਉਂਦੇ ਹਨ, ਤਾਂ ਬਰਸਾਤ ਕਾਰਨ ਨਮੀ ਵਾਲੀ ਕਣਕ ਮੰਡੀ ਵਿੱਚ ਹੋਰ ਵੀ ਜ਼ਿਆਦਾ ਕੁਆਲਿਟੀ ਖਰਾਬ ਹੋ ਸਕਦੀ ਹੈ।ਇਸ ਨਾਲ ਨਾ ਕੇਵਲ ਫਸਲ ਦੀ ਕੀਮਤ ਘਟਦੀ ਹੈ, ਸਗੋਂ ਖਰੀਦ ਏਜੰਸੀਆਂ ਨਾਲ ਵਿਵਾਦ ਪੈਦਾ ਹੋਣ ਦੀ ਸੰਭਾਵਨਾ ਵੀ ਬਣਦੀ ਹੈ।ਆੜ੍ਹਤੀਆਂ ਐਸੋ.ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਘੱਟੋ-ਘੱਟ ਇੱਕ ਹਫ਼ਤਾ ਰੁਕ ਕੇ ਹੀ ਕਣਕ ਦੀ ਕਟਾਈ ਕਰਨ, ਤਾਂ ਜੋ ਕਣਕ ਦੀ ਨਮੀ ਕੁਦਰਤੀ ਤੌਰ 'ਤੇ ਘੱਟ ਹੋ ਸਕੇ ਅਤੇ ਫਸਲ ਦੀ ਗੁਣਵੱਤਾ ਬਰਕਰਾਰ ਰਹੇ। ਉਹਨਾਂ ਕਿਸਾਨਾਂ ਨੂੰ ਇਹ ਵੀ ਸਲਾਹ ਦਿੱਤੀ ਕਿ ਜਦ ਤੱਕ ਮੌਸਮ ਪੂਰੀ ਤਰ੍ਹਾਂ ਸਾਫ਼ ਨਾ ਹੋ ਜਾਵੇ, ਤਦ ਤੱਕ ਕਣਕ ਨੂੰ ਮੰਡੀ ਵਿੱਚ ਨਾ ਲਿਆਉਣ।ਇਸ ਨਾਲ ਨਾ ਸਿਰਫ਼ ਫਸਲ ਦੀ ਸੁਰੱਖਿਆ ਹੋਵੇਗੀ, ਸਗੋਂ ਮੰਡੀ ਪ੍ਰਬੰਧਨ ਵੀ ਸੁਚੱਜੇ ਤਰੀਕੇ ਨਾਲ ਹੋ ਸਕੇਗਾ।ਅੰਤ ਵਿੱਚ, ਆੜਤੀਆ ਐਸੋਸੀਏਸ਼ਨ ਵੱਲੋਂ ਕਿਸਾਨਾਂ ਨੂੰ ਬਾਰ-ਬਾਰ ਅਪੀਲ ਕੀਤੀ ਗਈ ਹੈ ਕਿ ਉਹ ਸਬਰ ਨਾਲ ਕੰਮ ਲੈਣ ਅਤੇ ਜਲਦਬਾਜ਼ੀ ਵਿੱਚ ਕਟਾਈ ਕਰਨ ਤੋਂ ਗੁਰੇਜ਼ ਕਰਨ, ਤਾਂ ਜੋ ਉਹਨਾਂ ਦੀ ਮਿਹਨਤ ਦੀ ਕਮਾਈ ਬਚ ਸਕੇ ਅਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਨਾ ਝੇਲਣਾ ਪਵੇ।

# ਡੀਏਵੀ ਵੈਸ਼ ਸੀਨੀਅਰ ਸੈਕੰਡਰੀ ਸਕੂਲ ਦਾ ਅੱਠਵੀ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ



**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬੀਤੇ ਦਿਨੀ ਐਲਾਨੇ ਗਏ ਅੱਠਵੀਂ ਜਮਾਤ ਦੇ ਨਤੀਜੇ ਦੌਰਾਨ ਡੀਏਵੀ ਵੈਸ਼ ਸੀਨੀਅਰ ਸੈਕੰਡਰੀ ਸਕੂਲ ਗਿੱਦੜਬਾਹਾ ਦਾ ਨਤੀਜਾ 100 ਫੀਸਦੀ ਰਿਹਾ। ਸਕੂਲ ਦੀ ਪ੍ਰਿੰਸੀਪਲ ਮੀਨੂ ਸ਼ਰਮਾ ਨੇ ਦੱਸਿਆ ਕਿ ਸਕੂਲ ਦੇ ਵਿਦਿਆਰਥੀ ਵੰਸ਼ ਨੇ 96.6 ਫੀਸਦੀ ਅੰਕ ਪ੍ਰਾਪਤ ਕਰਦੇ ਪਹਿਲਾ, ਊਸ਼ਾ ਨੇ 94.5 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਅਤੇ ਪ੍ਰਭਜੋਤ ਕੌਰ ਨੇ 91.6 ਫੀਸਦੀ ਅੰਕ ਪ੍ਰਾਪਤ ਕਰਦੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਪ੍ਰਿੰ. ਮੀਨੂੰ ਸ਼ਰਮਾ ਅਤੇ ਸਕੂਲ ਦੀ ਮੈਨੇਜਮੈਂਟ ਕਮੇਟੀ ਨੇ ਪਹਿਲੇ ਸਥਾਨ ਹਾਸਲ ਕਰਨ ਵਾਲੇ ਅਤੇ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਭਵਿੱਖ ਲਈ ਸੁਭਕਾਮਨਾਵਾਂ ਦਿੱਤੀਆਂ।

# ਅੱਠਵੀਂ ਦੇ ਐਲਾਨੇ ਨਤੀਜੇ ਵਿੱਚ ਸ਼੍ਰੀ ਤਾਰਾ ਚੰਦ ਵਿਦਿਆ ਮੰਦਿਰ ਦੇ ਵਿਦਿਆਰਥੀਆਂ ਦਾ ਮਾਣਮੱਤਾ ਪ੍ਰਦਰਸ਼ਨ



**ਭੀਖੀ, 11 ਅਪ੍ਰੈਲ (ਸੰਦੀਪ ਤਾਇਲ)** ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਸਥਾਨਕ ਸ਼੍ਰੀ ਤਾਰਾ ਚੰਦ ਵਿਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਰਾਜ ਪੱਧਰੀ ਮੈਰਿਟ ਵਿੱਚ ਸਥਾਨ ਹਾਸਿਲ ਕੀਤਾ। ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਰਿਪੰਦਰ ਪਟਿਆਲ ਨੇ ਦੱਸਿਆ ਕਿ ਘੋਸ਼ਿਤ ਨਤੀਜੇ ਵਿੱਚ ਵਿਦਿਆਰਥਣ ਵੰਸ਼ਿਕਾ ਨੇ 597 ਅੰਕ ਪ੍ਰਾਪਤ ਕਰਕੇ ਸੂਬੇ ਵਿੱਚੋਂ ਤੀਜਾ ਸਥਾਨ ਹਾਸਿਲ ਕੀਤਾ ਹੈ ਜਦੋਂ ਕਿ ਜੋਬਨਪ੍ਰੀਤ ਕੌਰ ਨੇ 594 ਅੰਕ ਪ੍ਰਾਪਤ ਕਰਕੇ ਸੂਬੇ ਵਿਚੋਂ ਛੇਵਾਂ ਸਥਾਨ ਅਤੇ ਵਿਦਿਆਰਥਣ ਨਵਨੀਤ ਕੌਰ ਨੇ 586 ਅੰਕ ਪ੍ਰਾਪਤ ਕਰਕੇ ਸੂਬੇ ਵਿੱਚੋਂ 14ਵਾਂ ਸਥਾਨ ਹਾਸਿਲ ਕੀਤਾ। ਵਿਦਿਆਰਥਣਾਂ ਦੀ ਇਸ ਮਾਣਮੱਤੀ ਉਪਲਬਧੀ 'ਤੇ ਸਕੂਲ ਪ੍ਰਬੰਧਕ ਕਮੇਟੀ ਅਤੇ ਸਟਾਫ ਵਲੋਂ ਉਨਾਂ ਦਾ ਸਨਮਾਨ ਕੀਤਾ ਗਿਆ। ਪ੍ਰਿੰਸੀਪਲ ਨੇ ਦੱਸਿਆ ਕਿ ਅੱਠਵੀਂ 'ਚ ਕੁੱਲ 54 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ ਜਿੰਨਾਂ ਵਿਚੋਂ 20 ਵਿਦਿਆਰਥੀਆਂ ਨੇ 90 ਫੀਸਦੀ, 7 ਵਿਦਿਆਰਥੀਆਂ ਨੇ 80 ਫੀਸਦੀ ਅਤੇ 18 ਵਿਦਿਆਰਥੀਆਂ ਨੇ 70 ਫੀਸਦੀ ਅੰਕ ਪ੍ਰਾਪਤ ਕਰਕੇ ਸੰਸਥਾ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਸਨਮਾਨ ਸਮਾਰੋਹ ਦੌਰਾਨ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬ੍ਰਿਜ ਲਾਲ, ਪ੍ਰਬੰਧਕ ਸਤੀਸ਼ ਕੁਮਾਰ, ਵਾਇਸ ਪ੍ਰਧਾਨ ਐਡਵੋਕੇਟ ਮਨੌਜ ਕੁਮਾਰ ਰੌਕੀ, ਐਡਵੋਕੇਟ ਗਗਨਦੀਪ ਸਿੰਘ ਅਤੇ ਡਾ. ਗੌਰਵ ਗਰਗ ਨੇ ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਉਨਾਂ ਦੇ ਸੁਨਿਹਰੇ ਭਵਿੱਖ ਦੀ ਕਾਮਨਾ ਕੀਤੀ।

# ਸੰਤ ਬਾਬਾ ਗੁਰਮੁਖ ਸਿੰਘ ਪਬਲਿਕ ਸਕੂਲ ਦਾ ਨਤੀਜਾ ਰਿਹਾ ਸੌ ਫੀਸਦੀ





**ਸ਼੍ਰੀ ਮੁਕਤਸਰ ਸਾਹਿਬ, 11 ਅਪ੍ਰੈਲ (ਮਾਲਵਾ ਬਾਣੀ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨ ਕੀਤੇ ਗਏ ਅੱਠਵੀਂ ਜਮਾਤ ਦੇ ਨਤੀਜੇ' ਚ ਸ਼ਹਿਰ ਦੇ ਮਲੋਟ ਰੋਡ ਨਾਕਾ ਨੰ. 4'ਤੇ ਸਥਿਤ ਸੰਤ ਬਾਬਾ ਗੁਰੂ ਗੁਰਮੁੱਖ ਸਿੰਘ ਪਬਲਿਕ ਸਕਲ ਦਾ ਨਤੀਜਾ ਸ਼ਾਨਦਾਰ ਰਿਹਾ ।ਮੁੱਖ ਅਧਿਆਪਕ ਨੇ ਦੱਸਿਆ ਕਿ ਐਲਾਨੇ ਗਏ ਨਤੀਜੇ ਅਨੁਸਾਰ ਸਿਵਮ ਨਾਗਪਾਲ 92.5% ਨੰਬਰ ਪ੍ਰਾਪਤ ਕਰਕੇ ਪਹਿਲਾ, ਅਭੀਜੋਤ ਸਿੰਘ ਨੇ 90% ਨੰਬਰ ਪ੍ਰਾਪਤ ਕਰਕੇ ਦੁਸਰਾ ਅਤੇ ਸਾਹਿਲ ਕੁਮਾਰ ਨੇ 85.33% ਨੰਬਰ. ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਗੀਆ ਨੇ 84.33% ਫੀਸਦੀ ਅਤੇ ਹਰਜੋਤ ਕੌਰ ਨੇ 84% ਫੀਸ ਦੀ ਨੰਬਰ ਪ੍ਰਾਪਤ ਕੀਤੇ ਬਾਕੀ ਵਿਦਿਆਰਥੀਆਂ ਨੇਂ ਵੀ ਚੰਗੇ ਨੰਬਰ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ। ਸਕੂਲ ਦੇ ਚੇਅਰਮੈਨ ਬਾਬਾ ਜਸਵਿੰਦਰ ਸਿੰਘ, ਮੈਨੇਜਿੰਗ ਡਾਇਰੈਕਟਰ ਸੁਖਰਾਜ ਕੌਰ ਪ੍ਰਿੰਸੀਪਲ ਸੁਨੀਤਾ ਵਾਈਸ ਪ੍ਰਿੰਸੀਪਲ ਪਰਵੀਨ ਅਤੇ ਸਾਰੇ ਸਟਾਫ ਵੱਲੋ ਹੋਣਹਾਰ ਬੱਚਿਆਂ ਨੂੰ ਵਧਾਈ ਦਿੰਦਿਆਂ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

# ਜ਼ਿਲ੍ਹਾ ਸ਼ਤਰੰਜ ਚੈਂਪੀਅਨਸ਼ਿਪ 19 ਅਪ੍ਰੈਲ ਨੂੰ ਭਵਾਨੀਗੜ੍ਹ 'ਚ

**ਭਵਾਨੀਗੜ੍ਹ, 11 ਅਪ੍ਰੈਲ (ਰਾਜ ਖੁਰਮੀ):** ਜ਼ਿਲ੍ਹਾ ਸ਼ਤਰੰਜ ਐਸੋਸੀਏਸ਼ਨ ਸੰਗਰੂਰ (ਰਜਿ.) ਵੱਲੋਂ ਪੰਜਾਬ ਸਟੇਟ ਸ਼ਤਰੰਜ ਐਸੋਸੀਏਸ਼ਨ ਦੇ ਦਿਸ਼ਾ-ਨਿਰਦੇਸ਼ਾਂ ਹੇਠ 'ਸੰਗਰੂਰ ਜ਼ਿਲ੍ਹਾ ਸ਼ਤਰੰਜ ਚੈਂਪੀਅਨਸ਼ਿਪ 2026' ਦਾ ਆਯੋਜਨ 19 ਅਪ੍ਰੈਲ 2026 ਨੂੰ ਗੁਰੂ ਨਾਨਕ ਪਬਲਿਕ ਸਕੂਲ, ਭਵਾਨੀਗੜ੍ਹ ਵਿਖੇ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਪ੍ਰਧਾਨ ਸ਼੍ਰੀ ਨਵੀਨ ਕੁਮਾਰ ਅਤੇ ਜਨਰਲ ਸਕੱਤਰ ਸ੍ਰੀਮਤੀ ਸੁਖਵੀਰ ਕੌਰ ਨੇ ਦੱਸਿਆ ਕਿ ਟੂਰਨਾਮੈਂਟ ਵਿੱਚ ਅੰਡਰ-7, ਅੰਡਰ-9, ਅੰਡਰ-11, ਅੰਡਰ-13 ਅਤੇ 1700 ਤੋਂ ਘੱਟ ਰੇਟਿੰਗ ਵਾਲੇ ਐਮੇਚਿਓਰ ਖਿਡਾਰੀਆਂ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਲਈ ਐਂਟਰੀ ਫੀਸ 700 ਰੁਪਏ ਨਿਰਧਾਰਿਤ ਕੀਤੀ ਗਈ ਹੈ।ਉਨ੍ਹਾਂ ਹੋਰ ਸਪੱਸ਼ਟ ਕੀਤਾ ਕਿ ਨਵੇਂ ਨਿਯਮਾਂ ਅਨੁਸਾਰ ਰਾਜ ਪੱਧਰੀ ਟੂਰਨਾਮੈਂਟਾਂ ਵਿੱਚ ਹਿੱਸਾ ਲੈਣ ਲਈ ਜ਼ਿਲ੍ਹਾ ਪੱਧਰ ਦੇ ਇਸ ਮੁਕਾਬਲੇ ਵਿੱਚ ਭਾਗ ਲੈਣਾ ਲਾਜ਼ਮੀ ਹੈ। ਜਿਹੜੇ ਖਿਡਾਰੀ ਇਸ ਚੈਂਪੀਅਨਸ਼ਿਪ ਵਿੱਚ ਹਾਜ਼ਰ ਨਹੀਂ ਹੋਣਗੇ, ਉਨ੍ਹਾਂ ਦੇ ਨਾਮ ਸਟੇਟ ਪੱਧਰ ਲਈ ਸਿਫਾਰਸ਼ ਨਹੀਂ ਕੀਤੇ ਜਾਣਗੇ।ਟੂਰਨਾਮੈਂਟ ਵਿੱਚ ਜੇਤੂ ਖਿਡਾਰੀਆਂ ਲਈ ਖਾਸ ਇਨਾਮਾਂ ਦਾ ਪ੍ਰਬੰਧ ਕੀਤਾ ਗਿਆ ਹੈ। ਪਹਿਲੇ ਤਿੰਨ ਸਥਾਨਾਂ ਲਈ ਟਰਾਫੀਆਂ ਅਤੇ ਚੌਥੇ ਤੋਂ ਦਸਵੇਂ ਸਥਾਨ ਤੱਕ ਮੈਡਲ ਦਿੱਤੇ ਜਾਣਗੇ। ਇਸ ਤੋਂ ਇਲਾਵਾ ਹਰ ਵਰਗ ਵਿੱਚ ਪਹਿਲੇ ਦੋ ਸਥਾਨ ਹਾਸਲ ਕਰਨ ਵਾਲੇ ਖਿਡਾਰੀਆਂ ਦੀ ਸਟੇਟ ਟੂਰਨਾਮੈਂਟ ਦੀ ਫੀਸ ਵੀ ਐਸੋਸੀਏਸ਼ਨ ਵੱਲੋਂ ਭਰੀ ਜਾਵੇਗੀ। ਰਜਿਸਟਰੇਸ਼ਨ ਅਤੇ ਹੋਰ ਜਾਣਕਾਰੀ ਲਈ ਚੀਫ਼ ਆਰਬੀਟਰ ਹਰਪ੍ਰੀਤ ਨਾਲ ਮੋਬਾਈਲ ਨੰਬਰ 84376-00644 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਆਈ.ਜੀ., ਕਮਿਸ਼ਨਰ ਫਰੀਦਕੋਟ ਅਤੇ ਐਸਐਸਪੀ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਹੋਏ ਨਤਮਸਤਕ



**ਕੋਟਕਪੂਰਾ, 11 ਅਪ੍ਰੈਲ (ਟਿੰਕੂ ਕੁਮਾਰ)** ਬਾਬਾ ਸ਼ੇਖ ਫਰੀਦ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਨਗਰੀ ਵਿਖੇ ਆਈ.ਜੀ., ਫਰੀਦਕੋਟ ਸ੍ਰੀਮਤੀ ਨਿਲਾਂਬਰੀ ਜਗਦਲੇ, ਕਮਿਸ਼ਨਰ ਫਰੀਦਕੋਟ ਸ੍ਰੀਮਤੀ ਕਮਲਪ੍ਰੀਤ ਕੌਰ ਬਰਾੜ ਅਤੇ ਐੱਸ.ਐੱਸ.ਪੀ. ਫਰੀਦਕੋਟ ਸ਼੍ਰੀਮਤੀ ਡਾ. ਪ੍ਰਗਿਆ ਜੈਨ ਟਿੱਲਾ ਬਾਬਾ ਫ਼ਰੀਦ ਜੀ ਵਿਖੇ ਬਾਬਾ ਫਰੀਦ ਜੀ ਦਾ ਅਸ਼ੀਰਵਾਦ ਲੈਣ ਲਈ ਪਹੁੰਚੇ। ਟਿੱਲਾ ਬਾਬਾ ਫਰੀਦ ਵਿਖੇ ਪੁਹੰਚਣ ਤੇ ਬਾਬਾ ਫਰੀਦ ਸੰਸਥਾਵਾਂ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਵੱਲੋਂ ਉਹਨਾਂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ। ਹੈੱਡ ਗ੍ਰੰਥੀ ਵੱਲੋਂ ਸਿਰੋਪਾਉ ਪਾ ਕੇ ਅਤੇ ਬਾਬਾ ਫਰੀਦ ਸੰਸਥਾਵਾਂ ਵੱਲੋਂ ਸੁਰਿੰਦਰ ਸਿੰਘ ਰੋਮਾਣਾ, ਡਾ. ਗੁਰਇੰਦਰ ਮੋਹਨ ਸਿੰਘ ਅਤੇ ਨਰਿੰਦਰਪਾਲ ਸਿੰਘ ਬਰਾੜ ਨੇ ਬਾਬਾ ਫ਼ਰੀਦ ਸੰਸਥਾਵਾਂ ਦੇ ਸੰਸਥਾਪਕ ਸਵ. ਇੰਦਰਜੀਤ ਸਿੰਘ ਖ਼ਾਲਸਾ ਜੀ ਦੀਆਂ ਬਾਬਾ ਫ਼ਰੀਦ ਜੀ ਦੀ ਜੀਵਨੀ ਤੇ ਲਿਖਤ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਗਿਆ। ਸ੍ਰੀਮਤੀ ਨਿਲਾਂਬਰੀ ਜਗਦਲੇ, ਸ੍ਰੀਮਤੀ ਕਮਲਪ੍ਰੀਤ ਕੌਰ ਬਰਾੜ ਅਤੇ ਸ਼੍ਰੀਮਤੀ ਡਾ. ਪ੍ਰਗਿਆ ਜੈਨ ਨੇ ਸੇਖੋਂ ਸਾਹਿਬ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਬਾਬਾ ਫਰੀਦ ਜੀ ਦੇ ਇਸ ਪਾਵਨ ਅਸਥਾਨ ਤੇ ਆ ਕੇ ਬਹੁਤ ਹੀ ਖੁਸ਼ੀ ਮਹਿਸੂਸ ਕਰ ਰਹੇ ਹਨ ਤੇ ਉਹ ਬਹੁਤ ਹੀ ਖੁਸ਼ਕਿਸਮਤ ਹਨ ਕਿ ਉਹਨਾਂ ਨੂੰ ਬਾਬਾ ਫਰੀਦ ਜੀ ਦਾ ਅਸ਼ੀਰਵਾਦ ਲੈਣ ਦਾ ਮੌਕਾ ਮਿਲਿਆ ਹੈ।

# ਸਰਕਾਰੀ ਕੰਨਿਆ ਸਕੂਲ ਮਾਛੀਵਾੜਾ ਦੀ ਵਿਦਿਆਰਥਣ ਗੁਰਲੀਨ ਕੌਰ ਨੇ ਮੈਰਿਟ ਵਿਚ ਆਕੇ ਚਮਕਾਇਆ ਸਕੂਲ ਦਾ ਨਾਮ



**ਮਾਛੀਵਾੜਾ ਸਾਹਿਬ 11 ਅਪ੍ਰੈਲ (ਮਾਸਟਰ ਸਤੀਸ਼ ਕੁਮਾਰ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਅੱਠਵੀਂ ਜਮਾਤ ਬੋਰਡ ਦਾ ਨਤੀਜਾ ਐਲਾਨਿਆ ਗਿਆ , ਜਿਸ ਵਿੱਚ ਪੀ. ਐਮ. ਸ਼੍ਰੀ. ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਾਛੀਵਾੜਾ ਸਾਹਿਬ ਦਾ ਅੱਠਵੀਂ ਜਮਾਤ ਨਤੀਜਾ 100% ਰਿਹਾ। ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਕਾਰਜਕਾਰੀ ਪ੍ਰਿੰਸੀਪਲ ਮੈਡਮ ਹਰਦੀਪ ਕੌਰ ਨੇ ਦੱਸਿਆ ਕਿ ਪਹਿਲਾ ਸਥਾਨ ਗੁਰਲੀਨ ਕੌਰ /ਜਗਤਾਰ ਸਿੰਘ 584/600 (97.33%) ਨੇ ਪ੍ਰਾਪਤ ਕੀਤਾ, ਨਾਲ ਹੀ ਆਪਣਾ ਨਾਮ ਮੈਰਿਟ ਸੂਚੀ ਵਿੱਚ ਵੀ ਦਰਜ ਕਰਵਾਇਆ। ਇਸੇ ਤਰ੍ਹਾਂ ਪੂਜਾ ਕੁਮਾਰੀ /ਕੱਨਈਆ 522 /600(87%) ਦੂਸਰਾ ਸਥਾਨ ਤੇ ਖੁਸ਼ਪ੍ਰੀਤ ਕੌਰ/ਨਿਰਮਲ ਸਿੰਘ 516/600 (86%)ਅੰਕ ਲੈ ਕੇ ਤੀਸਰੇ ਸਥਾਨ ਹਾਸਿਲ ਕੀਤਾ। ਗੁਰਲੀਨ ਕੌਰ ਦਾ ਮੈਰਿਟ ਦੇ ਵਿੱਚ ਆਉਣਾ ਪਰਿਵਾਰ, ਸਕੂਲ ਅਤੇ ਇਲਾਕੇ ਲਈ ਬਹੁਤ ਹੀ ਬਹੁਤ ਮਾਣ ਵਾਲੀ ਗੱਲ ਹੈ, ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਹਰਦੀਪ ਕੌਰ ਜੀ ਵੱਲੋਂ ਵਿਦਿਆਰਥੀਆਂ ਨੂੰ ਬਹੁਤ ਮੁਬਾਰਕਬਾਦ ਦਿੱਤੀ ਗਈ, ਜਿਨਾਂ ਨੇ ਇੰਨੇ ਚੰਗੇ ਅੰਕ ਹਾਸਲ ਕੀਤੇ, ਇਸ ਦੇ ਨਾਲ ਹੀ ਸਮੂਹ ਅਧਿਆਪਕ ਸਾਹਿਬਾਨ ਦਾ ਵੀ ਧੰਨਵਾਦ ਕੀਤਾ ਗਿਆ, ਜਿਨਾਂ ਦੀ ਮਿਹਨਤ ਦੇ ਸਦਕਾ ਵਿਦਿਆਰਥੀਆਂ ਨੇ ਇਹ ਅੰਕ ਹਾਸਿਲ ਕੀਤੇ ਹਨ। ਪ੍ਰਿੰਸੀਪਲ ਸਾਹਿਬ ਨੇ ਬੱਚਿਆਂ ਨੂੰ ਉਤਸਾਹਿਤ ਕਰਦੇ ਹੋਏ ਕਿਹਾ ਕਿ ਉਹਨਾਂ ਨੂੰ ਭਵਿੱਖ ਵਿੱਚ ਵੀ ਹੋਰ ਮਿਹਨਤ ਕਰਕੇ ਚੰਗੇ ਅੰਕ ਹਾਸਿਲ ਕਰਨੇ ਚਾਹੀਦੇ ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬੀ ਹਾਸਿਲ ਕਰਨੀ ਚਾਹੀਦੀ ਹੈ।

# ਹੋਮਿਓਪੈਥੀ ਦੇ ਜਨਮਦਾਤਾ ਡਾ. ਹੈਨੀਮਨ ਦਾ ਜਨਮ ਦਿਹਾੜਾ ਮਨਾਇਆ



**ਤਪਾ ਮੰਡੀ, 11 ਅਪ੍ਰੈਲ (ਬੰਟੀ ਦੀਕਸ਼ਿਤ, ਮੇਸੀ ਤਪਾ):** ਡਾਕਟਰਜ ਐਸੋਸੀਏਸ਼ਨ ਤਪਾ ਵੱਲੋਂ ਹੋਮਿਓਪੈਥੀ ਦੇ ਜਨਮਦਾਤਾ ਡਾਕਟਰ ਹੈਨੀਮਨ ਦਾ ਜਨਮਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਹ ਸਮਾਗਮ ਹੋਮਿਊਪੈਥੀ ਡਾ.ਸੁਰੇਸ਼ ਕਾਂਤ ਸ਼ਰਮਾ ਦੀ ਕਲੀਨਿਕ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਐਸੋਸੀਏਸ਼ਨ ਦੇ ਡਾਕਟਰਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਡਾ.ਸੁਰੇਸ਼ ਕਾਂਤ ਸ਼ਰਮਾ ਨੇ ਡਾ.ਹੈਨੀਮਨ ਦੇ ਜੀਵਨ ਅਤੇ ਉਨ੍ਹਾਂ ਦੇ ਯੋਗਦਾਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਨੇ ਦੱਸਿਆ ਕਿ ਡਾ.ਹੈਨੀਮਨ ਨੇ ਹੋਮਿਓਪੈਥੀ ਦੀ ਖੋਜ ਕਰਕੇ ਦੁਨੀਆ ਨੂੰ ਇੱਕ ਵਿਲੱਖਣ ਅਤੇ ਪ੍ਰਭਾਵਸ਼ਾਲੀ ਇਲਾਜ ਪ੍ਰਣਾਲੀ ਦਿੱਤੀ, ਜੋ ਅੱਜ ਵੀ ਲੱਖਾਂ ਲੋਕਾਂ ਲਈ ਲਾਭਦਾਇਕ ਸਾਬਤ ਹੋ ਰਹੀ ਹੈ। ਸਮਾਗਮ ਦੌਰਾਨ ਸਾਰੇ ਡਾਕਟਰਾਂ ਨੇ ਡਾ.ਹੈਨੀਮਨ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਹੋਮਿਓਪੈਥੀ ਦੇ ਪ੍ਰਚਾਰ-ਪ੍ਰਸਾਰ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਕਲੀਨਿਕ ਵਿੱਚ ਖਾਸ ਤੌਰ 'ਤੇ ਸਜਾਵਟ ਕੀਤੀ ਗਈ ਅਤੇ ਸਮੂਹ ਡਾਕਟਰਾਂ ਵੱਲੋਂ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਡਾ.ਰਾਜ ਕੁਮਾਰ ਸ਼ਰਮ, ਡਾ.ਨਰੇਸ਼ ਬਾਂਸਲ, ਡਾ.ਅਮਿੱਤ ਕੁਮਾਰ, ਡਾ.ਬਾਲ ਚੰਦ ਬਾਂਸਲ, ਡਾ.ਮਦਨ ਲਾਲ ਸ਼ਰਮਾ, ਡਾ.ਟਵਿੰਕਲ ਬਾਂਸਲ, ਡਾ.ਮੁਨੀਸ਼ ਗਰਗ, ਡਾ.ਜਗਸੀਰ ਸਿੰਗਲਾ, ਡਾ.ਪ੍ਰਮੋਦ ਮਿੱਤਲ, ਡਾ.ਧਰਮਿੰਦਰ ਸਿੰਘ, ਡਾ.ਰਾਕੇਸ਼ ਕੁਮਾਰ, ਡਾ.ਜੇ.ਕੇ ਸਿੰਗਲਾ ਆਦਿ ਹਾਜਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਅਤੇ ਵਰਕਰਾਂ ਨੇ ਪ੍ਰੇਮ ਕੁਮਾਰ ਅਰੋੜਾ ਦਾ ਕੀਤਾ ਸਨਮਾਨ



**ਭੀਖੀ, 11 ਅਪ੍ਰੈਲ (ਸੰਦੀਪ ਤਾਇਲ)** ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋ ਹਲਕਾ ਮਾਨਸਾ ਤੋਂ 2027 ਵਿਧਾਨ ਸਭਾ ਚੋਣਾਂ ਲਈ ਐਲਾਨੇ ਗਏ ਉਮੀਦਵਾਰ ਪ੍ਰੇਮ ਕੁਮਾਰ ਅਰੋੜਾ ਦਾ ਅਕਾਲੀ ਆਗੂਆਂ ਵਲੋਂ ਸਨਮਾਨ ਕੀਤਾ ਗਿਆ। ਨਗਰ ਪੰਚਾਇਤ ਭੀਖੀ ਦੇ ਸਾਬਕਾ ਪ੍ਰਧਾਨ ਹਰਪ੍ਰੀਤ ਸਿੰਘ ਚਹਿਲ ਦੇ ਦਫਤਰ ਵਿਖੇ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਉਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਪ੍ਰੇਮ ਕੁਮਾਰ ਅਰੋੜਾ ਨੇ ਇਲਾਕੇ ਦੇ ਅਕਾਲੀ ਆਗੂਆਂ ਅਤੇ ਵਰਕਰਾਂ ਨਾਲ ਮਿਲ ਕੇ ਵਿਧਾਨ ਸਭਾ ਚੋਣਾਂ ਦੀ ਰਣਨੀਤੀ ਤਿਆਰ ਕਰਨ ਲਈ ਵੀ ਵਿਚਾਰ ਵਟਾਂਦਰਾ ਕੀਤਾ। ਉਨਾਂ ਕਿਹਾ ਕਿ ਸੂਬੇ ਲੋਕ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਅੱਕ ਚੁੱਕੇ ਹਨ ਅਤੇ ਸੂਬੇ ਦਾ ਹਰ ਵਰਗ ਸੱਤਾਧਾਰੀ ਧਿਰ ਤੋਂ ਨਿਰਾਸ਼ ਹੈ। ਸਾਬਕਾ ਪ੍ਰਧਾਨ ਹਰਪ੍ਰੀਤ ਸਿੰਘ ਚਹਿਲ ਨੇ ਕਿਹਾ ਕਿ ਉਹ ਪ੍ਰੇਮ ਕੁਮਾਰ ਅਰੋੜਾ ਨੂੰ ਜਿਤਾਉਣ ਲਈ ਪੂਰੀ ਤਰਾ ਸਮਰਪਿਤ ਹਨ ਅਤੇ ਇਹ ਸੀਟ ਜਿਤਾ ਕੇ ਪਾਰਟੀ ਦੀ ਝੋਲੀ ਪਾਉਣਗੇ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਮਜੀਤ ਕੌਰ ਸਮਾਓ, ਠੇਕੇਦਾਰ ਮਜੀਠਾ ਸਿੰਘ, ਵਿਜੇ ਕੁਮਾਰ ਗਰਗ, ਕੁਲਸ਼ੇਰ ਸਿੰਘ ਰੂਬਲ, ਜਸਵੀਰ ਸਿੰਘ ਸਮਾਉਂ, ਜਿੱਪੀ ਮਿੱਤਲ, ਨਰਿੰਦਰ ਮਿੱਤਲ, ਹਰਦੇਵ ਸਿੰਘ ਮਿਸ਼ਰੇਕਾ, ਰਛਪਾਲ ਟੈਨੀ, ਹਰਦੀਪ ਸਿੰਘ ਨੰਬਰਦਾਰ, ਬਾਬਾ ਗੋਰਾ ਸਿੰਘ ਸਮਾਓ, ਗ੍ਰੰਥੀ ਨਿਰਮਲ ਸਿੰਘ ਹਾਜਰ ਸਨ। ਇਸ ਤੋਂ ਇਲਾਵਾ ਅਕਾਲੀ ਆਗੂ ਹਰਵਿੰਦਰ ਸਿੰਘ ਧਲੇਵਾਂ ਨੇ ਵੀ ਪ੍ਰੇਮ ਕੁਮਾਰ ਅਰੋੜਾ ਦਾ ਮੂੰਹ ਮਿੱਠਾ ਕਰਵਾ ਕੇ ਉਨਾਂ ਨੂੰ ਵਧਾਈ ਦਿੱਤੀ।

# ਬਾਘਲਾ ਪਰਿਵਾਰ ਨੂੰ ਸਦਮਾ, ਦਰਸ਼ਨ ਲਾਲ ਬਾਘਲਾ ਦਾ ਦੇਹਾਂਤ



**ਗਿੱਦੜਬਾਹਾ, 11 ਅਪ੍ਰੈਲ (ਕੁਲਭੂਸ਼ਨ ਗਰਗ)** – ਗਿੱਦੜਬਾਹਾ ਦੇ ਰਹਿਣ ਵਾਲੇ ਧਰਮਿੰਦਰ ਬਾਘਲਾ ਟੋਨਾ ਤੇ ਸੁਨੀਲ ਬਾਘਲਾ ਸੋਨੀ ਦੇ ਪਿਤਾ ਅਤੇ ਪ੍ਰੋਫੈਸਰ ਜਸਵਿੰਦਰ ਬਾਘਲਾ ਤੇ ਪੰਚਾਇਤ ਸਕੱਤਰ ਦਵਿੰਦਰ ਬਾਘਲਾ ਦੇ ਚਾਚਾ ਦਰਸ਼ਨ ਲਾਲ ਬਾਘਲਾ (ਭੂੰਦੜ ਵਾਲੇ) ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ। ਸਵ. ਦਰਸ਼ਨ ਲਾਲ ਬਾਘਲਾ ਦੀ ਬੇਵਕਤੀ ਮੌਤ ਤੇ ਗਿੱਦੜਬਾਹਾ ਦੀਆਂ ਸਮੂਹ ਸਮਾਜਿਕ ਸੰਸੰਥਾਵਾਂ, ਵਪਾਰਕ ਅਦਾਰਿਆਂ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਬਾਘਲਾ ਪਰਿਵਾਰ ਨਾਲ ਡੂੰਘੇ ਦੁੱਖ ਦਾ ਇਜਹਾਰ ਕੀਤਾ ਹੈ। ਸਵ. ਦਰਸ਼ਨ ਲਾਲ ਬਾਘਲਾ ਦੇ ਨਮਿੱਤ ਪਾਠ ਦਾ ਭੋਗ ਅਤੇ ਅੰਮਿਤ ਅਰਦਾਸ ਗੁਰਦੁਆਰਾ ਬਾਬਾ ਭੂੰਦੜ ਸਾਹਿਬ ਪਿੰਡ ਭੂੰਦੜ ਵਿਖੇ 17 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ 12:30 ਵਜੇ ਹੋਵੇਗੀ।

# ਮਿੰਨੀ ਕਹਾਣੀ- ਇਨਸਾਫ


ਦਿਆਲ ਖੋਤੀ ਰੇਹੜੀ ਤੇ ਸੀਮਿੰਟ ਲੈ ਕੇ ਗਲੀ ਵਿੱਚ ਕਿਸੇ ਦੇ ਘਰ ਆਇਆ ਤਾਂ ਵੇਖਿਆ ਗਲੀ ਵਿੱਚ ਇਕ ਕਾਰ ਖੜੀ ਹੈ। ਦਿਆਲ ਨੇ ਬੜੀ ਮੁਸ਼ਕਲ ਨਾਲ ਰੇਹੜੀ ਕਾਰ ਦੇ ਕੋਲੋ ਦੀ ਲੰਘਾਈ । ਰੇਹੜੀ ਦਾ ਪਿਛਲਾ ਪਾਸਾ ਥੋੜਾ ਅਜਿਹਾ ਕਾਰ ਨਾਲ ਘੱਸਰ ਗਿਆ । ਦਿਆਲ, ਮਿੱਠੂ ਸੇਠ ਦੇ ਘਰ ਸੀਮਿੰਟ ਲਾਉਣ ਲੱਗ ਪਿਆ । ਕਿਸੇ ਨੇ ਗੁਰਦਿਆਲ ਥਾਣੇਦਾਰ ਨੂੰ ਦੱਸਿਆ ਕਿ ਤੇਰੀ ਕਾਰ ਨਾਲ ਖੋਤੀ ਰੇਹੜੀ ਲੈ ਰਗੜ ਮਾਰ ਦਿੱਤੀ ਹੈ ।

ਸੇਵਾ ਮੁਕਤ ਥਾਣੇਦਾਰ ਗੁੱਸੇ ਵਿੱਚ ਲੋਹਾ ਲਾਖਾ ਹੁੰਦਾ ਦਿਆਲ ਨੂੰ ਗਾਲਾਂ ਕੱਢਣ ਲੱਗ ਪਿਆ । "ਸਰਦਾਰ ਜੀ! ਗਲਤੀ ਹੋ ਗਈ, ਮਾਫ ਕਰ ਦਿਉ ।"ਦਿਆਲ ਨੇ ਤਰਲਾਂ ਕੀਤਾ । ਥਾਣੇਦਾਰ ਹੋਰ ਗੁੱਸੇ ਵਿੱਚ ਆ ਕੇ ਦਿਆਲ ਦੇ ਗੱਲ ਪੈ ਗਿਆ ਤੇ ਦੋ ਥੱਪੜ ਵੀ ਜੜ ਦਿੱਤੇ । ਮਿੱਠੂ ਸੇਠ ਅਤੇ ਉਸ ਦੇ ਪਰਿਵਾਰ ਨੇ ਬੜੀ ਮੁਸ਼ਕਲ ਨਾਲ ਦਿਆਲ ਨੂੰ ਛੁਡਾਇਆ । ਥਾਣੇਦਾਰ ਦੇ ਮੁੰਡੇ ਕਾਰ ਦਾ ਨੁਕਸਾਨ ਦੇਖ ਕੇ ਦਿਆਲ ਕੋਲ ਪਹੁੰਚ ਗਏ । ਕਾਰ ਦੇ ਨੁਕਸਾਨ ਦੇ ਪੈਸੇ ਮੰਗਣ ਲੱਗ ਪਏ । ਗੱਲ ਵੱਧਦੀ ਵੇਖ ਦਿਆਲ ਨੇ ਰੇਹੜੀ ਯੂਨੀਅਨ ਦੇ ਪ੍ਰਧਾਨ ਅਤੇ ਆਪਣੇ ਮੁੰਡਿਆਂ ਨੂੰ ਫੋਨ ਕਰ ਦਿੱਤਾ ।

ਰੇਹੜੀ ਯੂਨੀਅਨ ਦਾ ਪ੍ਰਧਾਨ ਤਿੰਨ ਸਾਥੀਆਂ ਨਾਲ ਪਹੁੰਚ ਗਿਆ । ਦਿਆਲ ਦੇ ਮੁੰਡੇ ਵੀ ਪਹੁੰਚ ਗਏ । ਗਲੀ ਵਿੱਚ ਬਹੁਤ ਰੌਲਾ ਪੈ ਰਿਹਾ ਸੀ । ਰੌਲਾ ਸੁਣ ਕੇ ਮਾਸਟਰ ਪਿਆਰਾ ਸਿੰਘ ਵੀ ਬਾਹਰ ਆ ਗਿਆ । ਮਾਸਟਰ ਜੀ ਨੇ ਆਪਣੀ ਸਿਆਣਪ ਨਾਲ ਸਭ ਨੂੰ ਚੁੱਪ ਕਰਵਾਕੇ ਉਹਨਾਂ ਤੋਂ ਸਾਰੀ ਗੱਲ ਸੁਣੀ । ਖਾਲੀ ਪਲਾਟ ਵਿੱਚ ਲੈ ਗਿਆ । ਥਾਣੇਦਾਰ ਦਾ ਮੁੰਡਾ ਬੋਲਿਆ ਕਿ ਮਾਸਟਰ ਜੀ, ਇਸ ਨੇ ਰੇਹੜੀ ਨਾਲ ਸਾਡੀ ਕਾਰ ਤੇ ਰਗੜ ਮਾਰੀ ਹੈ । ਸਾਨੂੰ ਕਾਰ ਦੇ ਨੁਕਸਾਨ ਦਾ ਖਰਚਾ ਲੈ ਕੇ ਦਿਉ । ਪ੍ਰਧਾਨ ਬੋਲਿਆ, ਕਾਹਦਾ ਖਰਚਾ, ਸਾਡੇ ਬੰਦੇ ਦੇ ਐਸ ਖੱਚ ਬੰਦੇ (ਥਾਣੇਦਾਰ ਵੱਲ ਇਸ਼ਾਰਾ ਕਰਕੇ) ਨੇ ਚਪੇੜਾਂ ਮਾਰੀਆਂ ਹਨ । ਮਾਸਟਰ ਨੇ ਸਭ ਨੂੰ ਚੁੱਪ ਕਰਵਾ ਕੇ ਦਿਆਲ ਨੂੰ ਪੁੱਛਿਆ, ਹਾਂ ਭਾਈ ! ਤੂੰ ਦੱਸ ਕਿ ਗੱਲ ਹੋਈ ਹੈ ?

ਬਾਈ ਜੀ, ਮੈਂ ਰੇਹੜੀ ਤੇ ਸੀਮਿੰਟ ਲੈ ਕੇ ਬਾਊ ਜੀ ਦੇ ਘਰ ਆ ਰਿਹਾ ਸੀ । ਰਸਤੇ ਵਿੱਚ ਕਾਰ ਖੜੀ ਸੀ । ਮੈਂ ਬਹੁਤ ਦਰਵਾਜ਼ਾ ਖੜਕਾਇਆ ਪਰ ਕਿਸੇ ਨੇ ਦਰਵਾਜ਼ਾ ਨਹੀਂ ਖੋਲਿਆ । ਮੈਂ ਬੜੀ ਮੁਸ਼ਕਲ ਨਾਲ ਰੇਹੜੀ ਲੰਘਾਈ । ਰੇਹੜੀ ਦਾ ਪਿਛਲਾ ਪਾਸਾ ਕਾਰ ਨਾਲ ਥੋੜਾ ਜਿਹਾ ਲੱਗ ਗਿਆ । ਸਰਦਾਰ ਜੀ ਨੇ ਬਾਹਰ ਆ ਕੇ ਮੈਨੂੰ ਗਾਲ੍ਹਾਂ ਕੱਢੀਆਂ ਅਤੇ ਚਪੇੜਾਂ ਵੀ ਮਾਰੀਆਂ । ਮੈਂ ਤਾਂ ਸਰਦਾਰ ਜੀ ਤੋਂ ਹੱਥ ਜੋੜਕੇ ਮਾਫੀ ਮੰਗ ਰਿਹਾ ਸੀ । ਹੁਣ ਪੈਸੇ ਮੰਗਦੇ ਹਨ । ਰੇਹੜੀ ਵਾਲੇ ਦਾ ਮੁੰਡਾ ਝੱਟ ਬੋਲਿਆ । ਅਸੀਂ ਪੈਸੇ ਦੇ ਦਿੰਦੇ ਹਾਂ । ਪਰ ਜਿੰਨੀਆਂ ਚਪੇੜਾਂ ਬਾਪੂ ਦੇ ਮਾਰੀਆਂ ਹਨ । ਉਸ ਤੋਂ ਵੱਧ ਚਪੇੜਾਂ ਸਰਦਾਰ ਦੇ ਮਾਰਾਂਗੇ । ਮੁੰਡੇ ਦੇ ਗੱਲ ਸੁਣ ਸਭ ਚੁੱਪ ਕਰ ਗਏ । ਹਾਂ ਬਾਈ ਜੀ, ਕਰੋ ਇੰਨਸਾਫ ।

ਹਾਂ ਬਾਈ ਗੁਰਦਿਆਲ ਸਿਹਾਂ, ਤੁਸੀ ਦੱਸੋ ਕੀ ਚਾਹੁੰਦੇ ਹੋ ? ਮਾਸਟਰ ਦੀ ਗੱਲ ਸੁਣ ਥਾਣੇਦਾਰ ਅਤੇ ਉਸ ਦੇ ਮੁੰਡੇ ਸਿਰ ਝੁਕਾਈ ਘਰ ਵੱਲ ਨੂੰ ਚੱਲ ਪਏ ।



ਤਿਲਕ ਨਗਰ
ਸ਼੍ਰੀ ਮੁਕਤਸਰ ਸਾਹਿਬ ।
8837726702

# ਆਪਣੀ ਕਹਿਣੀ 'ਤੇ ਕਰਨੀ ਦੇ ਮਾਲਿਕ ਕੇਵਲ ਸਿੰਘ ਢਿੱਲੋਂ ਦੀ ਲੋਕਪ੍ਰਿਅਤਾ ਜਿਲ੍ਹਾ ਬਰਨਾਲਾ ਦੀ ਜਨਤਾ ਵਿੱਚ ਅੱਜ ਵੀ ਹੈ ਕਾਇਮ





**ਤਪਾ ਮੰਡੀ, 11 ਅਪ੍ਰੈਲ (ਬੰਟੀ ਦੀਕਸ਼ਿਤ):** ਸੂਬੇ ਦੀ ਸਿਆਸਤ ਵਿੱਚ ਕਈ ਆਗੂ ਆਏ ਅਤੇ ਗਏ, ਪਰ ਕੁਝ ਅਜਿਹੇ ਵੀ ਹਨ ਜਿਨ੍ਹਾਂ ਨੇ ਆਪਣੇ ਹਲਕੇ ਵਿੱਚ ਨਹੀ ਬਲਕਿ ਨਾਲ ਦੇ ਹਲਕਿਆਂ ਚ ਵਿਕਾਸ ਕਾਰਜ ਕਰਵਾਏ ਅਤੇ ਆਮ ਜਨਤਾ ਦੇ ਕੰਮ ਕਰਵਾਏ ਅਤੇ ਲੋਕਾਂ ਦੇ ਦਿਲਾਂ ਵਿੱਚ ਖਾਸ ਥਾਂ ਬਣਾਈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਰਨਾਲਾ ਜਿਲ੍ਹਾ ਦੇ ਭਾਜਪਾ ਦੇ ਜਰਨਲ ਸਕੱਤਰ ਪੰਡਿਤ ਸੋਮ ਨਾਥ ਨੇ ਕੀਤਾ ਉਨਾਂ ਅੱਗੇ ਕਿਹਾ ਕਿ ਜਿਲ੍ਹਾ ਬਰਨਾਲਾ ਦੀ ਸਿਆਸਤ ਵਿੱਚ ਸਾਬਕਾ ਵਿਧਾਇਕ ਕੇਵਲ ਸਿੰਘ ਢਿੱਲੋਂ ਦਾ ਨਾਮ ਅਜਿਹੇ ਹੀ ਆਗੂਆਂ ਵਿੱਚ ਸ਼ਾਮਿਲ ਹੈ।ਜਿਲ੍ਹਾ ਬਰਨਾਲਾ ਦੀ ਜਨਤਾਂ ਵਿੱਚ ਇਹ ਗੱਲ ਅੱਜ ਵੀ ਆਮ ਸੁਣਨ ਨੂੰ ਮਿਲਦੀ ਹੈ ਕਿ ਕੇਵਲ ਸਿੰਘ ਢਿੱਲੋਂ ਉਹ ਆਗੂ ਹਨ ਜਿਨ੍ਹਾਂ ਨੇ ਸਿਰਫ਼ ਕਹਿਣੀਆਂ ਹੀ ਨਹੀਂ ਕੀਤੀਆਂ, ਸਗੋਂ ਕਰ ਕੇ ਵੀ ਵਿਖਾਇਆ ਹੈ।ਇਲਾਕੇ ਦੇ ਬਜ਼ੁਰਗ ਅਤੇ ਸਿਆਸੀ ਮਾਹਿਰ ਅਕਸਰ ਕਹਿੰਦੇ ਸੁਣੇ ਹਨ ਕਿ ਜੇਕਰ ਕੇਵਲ ਸਿੰਘ ਢਿੱਲੋਂ ਨੇ ਉਸ ਵੇਲੇ ਬਰਨਾਲਾ ਨੂੰ ਜ਼ਿਲ੍ਹਾ ਬਣਾਉਣ ਲਈ ਜ਼ੋਰ ਨਾ ਲਗਾਇਆ ਹੁੰਦਾ ਤਾਂ ਅੱਜ ਵੀ ਬਰਨਾਲਾ ਦੇ ਲੋਕਾਂ ਨੂੰ ਛੋਟੇ-ਛੋਟੇ ਕੰਮਾਂ ਲਈ ਸੰਗਰੂਰ ਜਾ ਕੇ ਧੱਕੇ ਖਾਣੇ ਪੈਂਦੇ।ਜਦੋਂ ਬਰਨਾਲਾ ਸੰਗਰੂਰ ਜ਼ਿਲ੍ਹੇ ਦਾ ਹਿੱਸਾ ਹੁੰਦਾ ਸੀ, ਉਸ ਵੇਲੇ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਕੰਮਾਂ ਲਈ ਦੂਰ ਜਾਣਾ ਪੈਂਦਾ ਸੀ, ਜਿਸ ਕਾਰਨ ਲੋਕਾਂ ਨੂੰ ਕਾਫ਼ੀ ਦਿਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਬਰਨਾਲਾ ਨੂੰ ਜ਼ਿਲ੍ਹਾ ਬਣਾਉਣ ਦੀ ਮੰਗ ਕਾਫੀ ਲੰਬੇ ਸਮੇਂ ਤੋਂ ਚੱਲ ਰਹੀ ਸੀ, ਪਰ ਇਸ ਮੰਗ ਨੂੰ ਅਸਲ ਰੂਪ ਦੇਣ ਲਈ ਜਿਸ ਤਰ੍ਹਾਂ ਕੇਵਲ ਸਿੰਘ ਢਿੱਲੋਂ ਨੇ ਕੋਸ਼ਿਸ਼ਾਂ ਕੀਤੀਆਂ, ਉਹ ਲੋਕ ਅੱਜ ਵੀ ਯਾਦ ਕਰਦੇ ਹਨ।ਉਸ ਵੇਲੇ ਬਰਨਾਲਾ ਨੂੰ ਜਿਲ੍ਹਾ ਬਣਾਉਣ ਨਾਲ ਨਾ ਸਿਰਫ਼ ਪ੍ਰਸ਼ਾਸਨਿਕ ਪੱਧਰ ਦੇ ਕੰਮ ਵੀ ਲੋਕਾਂ ਦੇ ਬਰਨਾਲਾ ਚ ਹੀ ਹੋਣ ਲੱਗ ਪਏ। ਬਰਨਾਲਾ ਦੇ ਜਿਲ੍ਹਾ ਬਣਨ ਨਾਲ ਜ਼ਿਲ੍ਹੇ ਦੀ ਜਨਤਾਂ ਨੂੰ ਸੁੱਖ ਸਹੂਲਤਾਂ ਮਿਲਣ ਲੱਗ ਪਈਆਂ। ਲੋਕਾਂ ਦਾ ਕਹਿਣਾ ਹੈ ਕਿ ਕੇਵਲ ਸਿੰਘ ਢਿੱਲੋਂ ਦਾ ਸੁਭਾਉ ਵੀ ਬਹੁਤ ਹੀ ਸਧਾਰਨ ਅਤੇ ਮਿਲਣਸਾਰ ਹੈ। ਢਿੱਲੋ ਲੋਕਾਂ ਦੇ ਦੁੱਖ-ਸੁੱਖ ਵਿੱਚ ਹਮੇਸ਼ਾਂ ਸ਼ਾਮਲ ਰਹਿੰਦੇ ਹਨ ਅਤੇ ਆਮ ਆਦਮੀ ਦੀ ਗੱਲ ਨੂੰ ਗੰਭੀਰਤਾ ਨਾਲ ਸੁਣਦੇ ਹਨ। ਇਹੀ ਕਾਰਨ ਹੈ ਕਿ ਉਨਾਂ ਨੂੰ ਸਿਰਫ਼ ਇੱਕ ਸਿਆਸਤਦਾਨ ਹੀ ਨਹੀਂ, ਸਗੋਂ ਲੋਕਾਂ ਦਾ ਆਗੂ ਮੰਨਿਆ ਜਾਂਦਾ ਹੈ। ਬਰਨਾਲਾ ਦੇ ਕਈ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਵਿੱਚ ਕੇਵਲ ਸਿੰਘ ਢਿੱਲੋ ਦੇ ਨੇਕ, ਇਮਾਨਦਾਰ ਅਤੇ ਨਰਮ ਦਿਲ ਇਨਸਾਨ ਹੋਣ ਦੀ ਚਰਚਾ ਆਮ ਚਲਦੀ ਰਹਿੰਦੀ ਹੈ। ਕਈ ਬਜ਼ੁਰਗ ਦੱਸਦੇ ਹਨ ਕਿ ਜਦੋਂ ਵੀ ਇਲਾਕੇ ਵਿੱਚ ਕੋਈ ਵੱਡਾ ਮਸਲਾ ਹੁੰਦਾ ਹੈ ਤਾਂ ਕੇਵਲ ਸਿੰਘ ਢਿੱਲੋਂ ਅੱਗੇ ਆ ਕੇ ਉਸ ਦਾ ਹੱਲ ਕੱਢਣ ਦੀ ਕੋਸ਼ਿਸ਼ ਕਰਦੇ ਹਨ। ਲੋਕਾਂ ਨਾਲ ਉਨਾਂ ਦਾ ਸਿੱਧਾ ਸੰਪਰਕ ਹੀ ਉਨਾਂ ਦੀ ਸਭ ਤੋਂ ਵੱਡੀ ਤਾਕਤ ਸੀ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਕਿਸੇ ਵੀ ਆਗੂ ਦੀ ਅਸਲੀ ਪਹਿਚਾਣ ਉਸ ਦੇ ਕੰਮਾਂ ਅਤੇ ਜਨਤਾਂ ਲਈ ਹਰ ਸਮੇਂ ਹਾਜ਼ਰ ਰਹਿਣ ਨਾਲ ਹੁੰਦੀ ਹੈ ਅਤੇ ਕੇਵਲ ਸਿੰਘ ਢਿੱਲੋਂ ਨੇ ਆਪਣੇ ਕਾਰਜਕਾਲ ਦੌਰਾਨ ਬਰਨਾਲਾ ਲਈ ਕਈ ਅਜਿਹੇ ਕੰਮ ਕੀਤੇ ਹਨ ਜਿਨ੍ਹਾਂ ਦਾ ਲਾਭ ਲੋਕਾਂ ਨੂੰ ਅੱਜ ਵੀ ਮਿਲ ਰਿਹਾ ਹੈ।ਵਰਤਮਾਨ ਚ ਭਾਵੇਂ ਸਿਆਸਤ ਵਿੱਚ ਕਈ ਨਵੇਂ ਚਿਹਰੇ ਆ ਗਏ ਹਨ, ਪਰ ਬਰਨਾਲਾ ਦੀ ਸਿਆਸਤ ਵਿੱਚ ਕੇਵਲ ਸਿੰਘ ਢਿੱਲੋਂ ਦਾ ਨਾਮ ਅਜੇ ਵੀ ਮਾਣ ਨਾਲ ਲਿਆ ਜਾਂਦਾ ਹੈ। ਜਨਤਾਂ ਦਾ ਕਹਿਣਾ ਹੈ ਕਿ ਅਸਲ ਆਗੂ ਉਹੀ ਹੁੰਦਾ ਹੈ ਜੋ ਆਪਣੇ ਹਲਕਾ ਬਰਨਾਲਾ ਅਤੇ ਨਾਲ ਲੱਗਦੇ ਇਲਾਕੇ ਲਈ ਕੰਮ ਕਰੇ ਅਤੇ ਜਨਤਾਂ ਦੀਆਂ ਉਮੀਦਾਂ 'ਤੇ ਖਰਾ ਉਤਰੇ। ਇਸੇ ਲਈ ਬਰਨਾਲਾ ਦੇ ਲੋਕ ਅੱਜ ਵੀ ਕਹਿ ਦਿੰਦੇ ਹਨ ਕਿ ਕਹਿਣੀ 'ਤੇ ਕਰਨੀ ਦੇ ਮਾਲਿਕ ਕੇਵਲ ਸਿੰਘ ਢਿੱਲੋਂ ਵਰਗੇ ਆਗੂ ਕਦੇ-ਕਦੇ ਸੰਸਾਰ 'ਚ ਪੈਦਾ ਹੁੰਦੇ ਹਨ ਜਿਨ੍ਹਾਂ ਦੇ ਕੰਮ ਸਾਲਾਂ ਬਾਅਦ ਵੀ ਜਨਤਾਂ ਦੀ ਯਾਦ ਵਿੱਚ ਜੀਉਂਦੇ ਰਹਿੰਦੇ ਹਨ।

# ਅੱਠਵੀਂ ਜਮਾਤ ਦੇ ਨਤੀਜਿਆਂ ਵਿੱਚ ਹਰਜਸ ਸਕੂਲ ਝੜੌਦੀ ਦੇ ਵਿਦਿਆਰਥੀ ਛਾਏ

**ਜਸਮੀਤ ਨੇ ਪਹਿਲਾ, ਜਸ਼ਨ ਨੇ ਦੂਜਾ ਤੇ ਸਹਿਜ ਨੇ ਮੱਲਿਆ ਤੀਜਾ ਸਥਾਨ, ਸਾਰੇ ਵਿਦਿਆਰਥੀ ਚੰਗੇ ਅੰਕ ਲੈਕੇ ਹੋਏ ਪਾਸ**



**ਮਾਛੀਵਾੜਾ ਸਾਹਿਬ 11 ਅਪ੍ਰੈਲ (ਮਾਸਟਰ ਸਤੀਸ਼ ਕੁਮਾਰ)** ਬਲਾਕ ਮਾਛੀਵਾੜਾ ਨਜ਼ਦੀਕੀ ਪਿੰਡ ਝੜੌਦੀ ਵਿਖੇ ਸਥਿਤ ਸਿਰਮੌਰ ਵਿਦਿਆਕ ਸੰਸਥਾ ਹਰਜਸ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਾ ਨਤੀਜਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਾਨਦਾਰ ਰਿਹਾ। ਸਕੂਲ ਪ੍ਰਿੰਸੀਪਲ ਮੈਡਮ ਜਸਵਿੰਦਰ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਾਲ 41 ਵਿਦਿਆਰਥੀਆਂ ਨੇ ਅੱਠਵੀਂ ਜਮਾਤ ਦੇ ਇਮਤਿਹਾਨ ਦਿੱਤੇ ਜਿਨਾਂ ਨੇ ਚੰਗੇ ਅੰਕ ਪ੍ਰਾਪਤ ਕਰਦਿਆਂ ਸਕੂਲ, ਮਾਪਿਆਂ ਅਤੇ ਆਪਣੇ ਅਧਿਆਪਕਾਂ ਦਾ ਨਾਮ ਰੋਸ਼ਨ ਕੀਤਾ ਹੈ। ਜਮਾਤ ਅੱਠਵੀਂ ਦੀ ਵਿਦਿਆਰਥਣ ਜਸਮੀਤ ਕੌਰ ਨੇ 574/600 (95.66%)ਅੰਕ ਪ੍ਰਾਪਤ ਕਰਦਿਆਂ ਪਹਿਲਾ ਸਥਾਨ ਪ੍ਰਾਪਤ ਕੀਤਾ, ਅਤੇ ਜਸ਼ਨਦੀਪ ਕੌਰ ਨੇ 560/600(93.33%) ਅੰਕ ਪ੍ਰਾਪਤ ਕਰਕੇ ਦੂਸਰਾ ਸਥਾਨ ਲਿਆ ਜਦਕਿ ਸਹਿਜਪ੍ਰੀਤ ਕੌਰ ਨੇ 522/600(87%) ਅੰਕ ਪ੍ਰਾਪਤ ਕਰਕੇ ਜਮਾਤ ਵਿੱਚੋਂ ਤੀਸਰਾ ਸਥਾਨ ਹਾਸਿਲ ਕੀਤਾ। ਗੁਰਲੀਨ ਕੌਰ ਨੇ 520/600 ਅੰਕ ਲੈਂਦਿਆਂ ਚੌਥਾ ਸਥਾਨ ਹਾਸਿਲ ਕੀਤਾ ਅਤੇ ਯਾਦਵੀ ਸ਼ਰਮਾ ਨੇ 509/600 ਅੰਕ ਪ੍ਰਾਪਤ ਕਰਕੇ ਜਮਾਤ ਵਿੱਚੋਂ ਪੰਜਵਾਂ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਜਮਾਤ ਦੇ ਸਾਰੇ ਵਿਦਿਆਰਥੀ ਚੰਗੇ ਅੰਕ ਪ੍ਰਾਪਤ ਕਰਦਿਆਂ ਪਾਸ ਹੋਏ। ਸਕੂਲ ਪ੍ਰਬੰਧਕ ਪਰਮਜੀਤ ਸਿੰਘ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਤੇ ਉਹਨਾਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਮੈਂਬਰਾਂ ਨੂੰ ਵਧਾਈ ਦਿੰਦਿਆਂ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮਾਸਟਰ ਸਤੀਸ਼ ਕੁਮਾਰ, ਨਵੀਨ ਸ਼ਰਮਾ, ਹਰਮੀਤ ਕੌਰ, ਮੈਡਮ ਵੰਦਨਾ, ਰਾਜਵਿੰਦਰ ਕੌਰ , ਗੁਰਮੀਤ ਕੌਰ, ਸੰਸਾਰਦੀਪ ਕੌਰ, ਰਾਕੇਸ਼ ਰਾਣੀ, ਮੈਡਮ ਜੋਤੀ, ਸੁਮਨ ਸ਼ਰਮਾ, ਨਵਦੀਪ ਕਟਾਰੀਆ, ਸੁਖਦੇਵ ਸਿੰਘ, ਹਰਸ਼ਪ੍ਰੀਤ ਕੌਰ, ਸੀਮਾਂ ਸ਼ਰਮਾ, ਹਰਪ੍ਰੀਤ ਕੌਰ, ਸਿਮਰਨ ਕਟਾਰੀਆ, ਮਨਪ੍ਰੀਤ ਕੌਰ, ਜਸਮੀਤ ਕੌਰ, ਸੁਮਨਦੀਪ ਕੌਰ, ਸੁਮਨਪ੍ਰੀਤ ਕੌਰ, ਪੂਜਾ ਰਾਣੀ, ਹਰਪ੍ਰੀਤ ਕੌਰ, ਬਲਜੀਤ ਕੌਰ, ਜਸ਼ਨਦੀਪ ਕੌਰ ਵੀ ਮੌਜੂਦ ਸਨ।

# ਖਾ ਕੋਟ ਈਸੇ ਖਾਂ ਵੱਲੋਂ ਖੂਨਦਾਨ ਕੈਂਪ ਅੱਜ ਲੱਗੇਗਾ

**ਕੋਟ ਈਸੇ ਖਾਂ (ਅਰੋੜਾ)** ਭਾਰਤ ਵਿਕਾਸ ਪਰਿਸ਼ਦ ਕੋਟ ਈਸੇ ਖਾਂ ਸ਼ਾਖਾ ਦੇ ਪ੍ਰਧਾਨ ਅਮਰਜੀਤ ਸ਼ਰਮਾ ਅਤੇ ਬਾਕੀ ਅਹੁਦੇਦਾਰਾਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਭਾਰਤ ਵਿਕਾਸ ਪਰਿਸ਼ਦ ਸ਼ਾਖਾਂ ਕੋਟ ਈਸੇ ਖਾਂ ਵੱਲੋਂ ਅੱਜ 12 ਅਪ੍ਰੈਲ ਨੂੰ ਖੂਨਦਾਨ ਕੈਂਪ ਸ਼੍ਰੀ ਬਜਰੰਗ ਭਵਨ ਮੰਦਰ, ਨੇੜੇ ਗਊਸ਼ਾਲਾ ਕੋਟ ਈਸੇ ਖਾਂ ਵਿਖੇ ਲਗਾਇਆ ਜਾ ਰਿਹਾ ਹੈ ਅਤੇ ਇਹ ਕੈਂਪ ਸਵੇਰੇ 9830 ਵਜੇ ਤੋਂ ਸ਼ਾਮ 3 ਵਜੇ ਤੱਕ ਚੱਲੇਗਾ।ਉਨ੍ਹਾ ਕਿਹਾ ਕਿ ਹਰੇਕ ਤੰਦਰੁਸਤ ਇਨਸਾਨ ਨੂੰ ਖੂਨਦਾਨ ਕਰਨਾ ਚਾਹੀਦਾ ਹੈ ਕਿਉਕਿ ਖੂਨਦਾਨ ਕਰਨ ਨਾਲ ਇਨਸਾਨ ਕਈ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ ਅਤੇ ਤੰਦਰੁਸਤ ਰਹਿੰਦਾ ਹੈ ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਵਿੱਚ ਪਹੁੰਚ ਕੇ ਖੂਨਦਾਨ ਕਰੋ। ਇਸ ਮੌਕੇ ਸੈਕਟਰੀ ਅਸ਼ੋਕ ਕੁਮਾਰ, ਕੈਸ਼ੀਅਰ ਅਰੁਣ ਸ਼ਰਮਾ, ਜਸਵੰਤ ਸਿੰਘ ਬਲੱਡ ਇੰਚਾਰਜ਼, ਅਕਾਸ਼ਦੀਪ ਸ਼ਰਮਾ ਵਾਤਾਵਰਣ ਪ੍ਰੇਮੀ ਆਦਿ ਹਾਜ਼ਰ ਸਨ।



# ਅੱਠਵੀਂ ਦੇ ਨਤੀਜਿਆਂ ਵਿੱਚ ਸਰਵਹਿਤਕਾਰੀ ਸਕੂਲ ਦੀ ਨੂਰਦੀਪ ਕੌਰ ਨੇ ਜ਼ਿਲ੍ਹੇ ਵਿੱਚੋਂ ਕੀਤਾ ਪਹਿਲਾ ਸਥਾਨ ਹਾਸਿਲ



**ਤਪਾ ਮੰਡੀ, 11 ਅਪ੍ਰੈਲ (ਮੇਸੀ ਤਪਾ, ਬੰਟੀ ਦੀਕਸ਼ਿਤ):** ਸਥਾਨਕ ਸਰਵਹਿਤਕਾਰੀ ਵਿੱਦਿਆ ਮੰਦਿਰ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਨੂਰਦੀਪ ਕੌਰ ਨੇ 600 ਅੰਕਾਂ ਵਿੱਚੋਂ 585 ਅੰਕ ਲੈ ਕੇ ਪੰਜਾਬ ਵਿੱਚੋਂ 15ਵਾਂ ਅਤੇ ਜਿਲੇ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ ਹੈ। ਅੱਜ ਸਕੂਲ ਵਿਖੇ ਉਹਨਾਂ ਦਾ ਵਿਸ਼ੇਸ਼ ਤੌਰ ਤੇ ਸਕੂਲ ਦੇ ਸਮੁੱਚੇ ਸਟਾਫ ਅਤੇ ਪ੍ਰਬੰਧਕੀ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਮੂੰਹ ਮਿੱਠਾ ਵੀ ਕਰਵਾਇਆ ਗਿਆ।ਸਕੂਲ ਦੀ ਪ੍ਰਿੰਸੀਪਲ ਮੈਡਮ ਅਨੁਪਮ ਸ਼ਰਮਾ, ਕਲਾਸ ਇੰਚਾਰਜ ਕ੍ਰਿਸ਼ਨਾ ਦੇਵੀ, ਗੁਰਮੀਤ ਕੌਰ, ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਰਜਿੰਦਰ ਗਰਗ, ਮੈਨੇਜਰ ਡਾਕਟਰ ਅਮਿਤ ਕੁਮਾਰ ਹੋਰਾਂ ਤੋਂ ਇਲਾਵਾ ਸਤਪਾਲ ਗੋਇਲ, ਸੁਭਾਸ਼ ਗੁਪਤਾ, ਤਰਸੇਮ ਗਰਗ, ਰਕੇਸ਼ ਗੋਇਲ, ਰਿੰਕੂ ਸਿੰਗਲਾ ਹੋਰਾਂ ਨੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸਕੂਲ ਦੀ ਵਿਦਿਆਰਥਣ ਨੂਰਦੀਪ ਕੌਰ ਅਤੇ ਉਹਨਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਵਿੱਚ ਇਸ ਤੋਂ ਵੀ ਵਧੀਆ ਅੰਕ ਹਾਸਲ ਕਰਨ ਦੀ ਕਾਮਨਾ ਕੀਤੀ। ਇਸ ਮੌਕੇ ਇਹਨਾਂ ਦੇ ਪਿਤਾ ਚਮਕੌਰ ਸਿੰਘ ਤੋਂ ਇਲਾਵਾ ਹੋਰ ਪਰਿਵਾਰਿਕ ਮੈਂਬਰ ਵੀ ਹਾਜ਼ਰ ਸਨ।

# ਮਿਲੇਨੀਅਮ ਸਕੂਲ ਵੱਲੋਂ 'ਗਤੀਵਿਧੀ-ਅਧਾਰਤ ਸਿੱਖਿਆ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਦਾ ਆਯੋਜਨ



**ਕੋਟਕਪੂਰਾ, 11 ਅਪ੍ਰੈਲ (ਟਿੰਕੂ ਕੁਮਾਰ)** ਇੰਟਰਨੈਸ਼ਨਲ ਮਿਲੇਨੀਅਮ ਸਕੂਲ ਪੰਜਗਰਾਈਂ ਖੁਰਦ ਵੱਲੋਂ ਆਪਣੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ 'ਗਤੀਵਿਧੀ-ਅਧਾਰਤ ਸਿੱਖਿਆ' 'ਤੇ ਵਿਸ਼ੇਸ਼ ਜ਼ੋਰ ਦੇਣ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ। ਇਸ ਮੌਕਬੋਲਦਿਆਂ ਸਕੂਲ ਦੇ ਚੇਅਰਮੈਨ ਵਾਸੂ ਸ਼ਰਮਾ, ਚੇਅਰਪਰਸਨ ਰਕਸ਼ੰਦਾ ਸ਼ਰਮਾ, ਡਾਇਰੈਕਟਰ ਸੀਮਾ ਸ਼ਰਮਾ, ਡੀਨ ਅਤੇ ਅਕਾਦਮਿਕ ਡਾਇਰੈਕਟਰ ਵਿਨੋਦ ਵਰਮਾ, ਅਤੇ ਪ੍ਰਿੰਸੀਪਲ ਨੀਲਮ ਵਰਮਾ ਨੇ ਕਿਹਾ ਕਿ, ਸਿੱਖਿਆ ਨੂੰ ਦਿਲਚਸਪ ਅਤੇ ਪ੍ਰਭਾਵਸ਼ਾਲੀ ਬਣਾਉਣ ਦੇ ਯਤਨ ਵਿੱਚ, ਸਕੂਲ ਵੱਖ-ਵੱਖ ਗਤੀਵਿਧੀਆਂ ਰਾਹੀਂ ਸਿੱਖਿਆ ਦੇ ਰਿਹਾ ਹੈ। ਇਸ ਪ੍ਰਣਾਲੀ ਦੇ ਤਹਿਤ, ਵਿਦਿਆਰਥੀਆਂ ਨੂੰ ਵਿਹਾਰਕ ਅਨੁਭਵਾਂ, ਸਮੂਹ ਗਤੀਵਿਧੀਆਂ, ਪ੍ਰੋਜੈਕਟ ਵਰਕ ਅਤੇ ਇੰਟਰਐਕਟਿਵ ਸੈਸ਼ਨਾਂ ਰਾਹੀਂ ਸਿਖਾਇਆ ਜਾਂਦਾ ਹੈ, ਜਿਸ ਨਾਲ ਉਨ੍ਹਾਂ ਦੀ ਆਲੋਚਨਾਤਮਕ ਸੋਚਣ ਦੀ ਯੋਗਤਾ, ਆਤਮ-ਵਿਸ਼ਵਾਸ ਅਤੇ ਰਚਨਾਤਮਕਤਾ ਵਿੱਚ ਵਾਧਾ ਹੁੰਦਾ ਹੈ। ਸਕੂਲ ਪ੍ਰਸ਼ਾਸਨ ਦੇ ਅਨੁਸਾਰ, ਗਤੀਵਿਧੀ-ਅਧਾਰਤ ਸਿੱਖਿਆ ਵਿਦਿਆਰਥੀਆਂ ਨੂੰ ਨਾ ਸਿਰਫ਼ ਕਿਤਾਬੀ ਗਿਆਨ, ਸਗੋਂ ਮਹੱਤਵਪੂਰਨ ਜੀਵਨ ਹੁਨਰ ਵੀ ਪ੍ਰਾਪਤ ਕਰਨ ਦੇ ਯੋਗ ਬਣਾਉਂਦੀ ਹੈ। ਇਸ ਪਹੁੰਚ ਰਾਹੀਂ, ਉਹ ਭਵਿੱਖ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਹੁੰਦੇ ਹਨ। ਇਸ ਮੌਕੇ ਸਕੂਲ ਦੇ ਅਧਿਆਪਕਾਂ ਨੇ ਟਿੱਪਣੀ ਕੀਤੀ ਕਿ ਇਸ ਕਿਸਮ ਦੀ ਸਿੱਖਿਆ ਪ੍ਰਣਾਲੀ ਬੱਚਿਆਂ ਵਿੱਚ ਸਿੱਖਣ ਵਿੱਚ ਵਧੇਰੇ ਦਿਲਚਸਪੀ ਪੈਦਾ ਕਰਦੀ ਹੈ ਅਤੇ ਉਨ੍ਹਾਂ ਨੂੰ ਨਵੀਨਤਾਕਾਰੀ ਵਿਚਾਰਾਂ ਨਾਲ ਅੱਗੇ ਵਧਣ ਲਈ ਉਤਸ਼ਾਹਿਤ ਕਰਦੀ ਹੈ। ਸਕੂਲ ਨੇ ਭਵਿੱਖ ਵਿੱਚ ਨਵੀਆਂ ਤਕਨੀਕਾਂ ਦੀ ਵਰਤੋਂ ਕਰਕੇ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਜਾਰੀ ਰੱਖਣ ਦਾ ਵਾਅਦਾ ਕੀਤਾ।

# ਪਾਥਵੇਜ਼ ਗਲੋਬਲ ਸਕੂਲ ਨੇ ਦਸਤਾਰ ਮੁਕਾਬਲਿਆਂ ਵਿੱਚ ਮਾਰੀਆਂ ਮੱਲਾਂ




**ਕੋਟ ਈਸੇ ਖਾਂ 11 ਅਪ੍ਰੈਲ (ਅਰੋੜਾ)**- ਪਾਥਵੇਅਜ ਗਲੋਬਲ ਸਕੂਲ ਕੋਟ ਈਸੇ ਖਾਂ ਜੋ ਇਲਾਕੇ ਦਾ ਨਾਮਵਾਰ ਆਈ ਸੀ ਐਸ ਈ ਦਿੱਲੀ ਬੋਰਡ ਤੋ ਮਾਨਤਾ ਪ੍ਰਾਪਤ ਸਕੂਲ ਹੈ ਅਤੇ ਆਪਣੇ ਬੱਚਿਆ ਨੂੰ ਵਰਲਡ ਕਲਾਸ ਦੀ ਐਜੂਕੇਸ਼ਨ ਦੇ ਰਿਹਾ ਹੈ ਵਿਖੇ ਸੈਸ਼ਨ 2026-27 ਦੇ ਦੌਰਾਨ ਦਸਤਾਰ ਮੁਕਾਬਲਿਆਂ ਵਿੱਚ ਸ਼ਾਨਦਾਰ ਮੱਲਾਂ ਮਾਰੀਆਂ ਅਤੇ ਪੁਜੀਸ਼ਨ ਹਾਸਿਲ ਕੀਤੀਆਂ। ਇਹ ਮੁਕਾਬਲੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਸੇਵਾ ਸੋਸਾਇਟੀ ਪਿੰਡ ਲੁਹਾਰਾ ਜ਼ਿਲਾ ਮੋਗਾ ਕਰਵਾਏ ਗਏ ਸਨ। ਇਨਾ ਮੁਕਾਬਲਿਆਂ ਵਿੱਚ ਮੋਗਾ ਜ਼ਿਲ੍ਹਾ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਖੁੱਲੇ ਤੌਰ ਤੇ ਵੱਧ ਚੜ ਕੇ ਹਿੱਸਾ ਲਿਆ।ਪਾਥਵੇਜ਼ ਗਲੋਬਲ ਸਕੂਲ ਦੇ 18 ਵਿਦਿਆਰਥੀਆਂ ਨੇ ਆਪਣੀ ਦਸਤਾਰ ਬੰਦੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਦਿਖਾਇਆ। 2 ਬੱਚਿਆਂ ਨੇ ਤੀਜਾ ਅਤੇ ਪੰਜਵਾਂ ਸਥਾਨ ਪ੍ਰਾਪਤ ਕੀਤਾ ਜਿਨਾਂ ਵਿੱਚ ਬਲਰਾਜ ਸਿੰਘ ਸੱਤਵੀਂ ਕਲਾਸ ਨੇ ਤੀਜਾ ਸਥਾਨ ਅਤੇ ਜਸ਼ਨਪ੍ਰੀਤ ਸਿੰਘ ਦਸਵੀਂ ਕਲਾਸ ਨੇ ਪੰਜਵਾਂ ਸਥਾਨ ਪ੍ਰਾਪਤ ਕਰਕੇ ਆਪਣੀ ਸ਼ਾਨਦਾਰ ਕਲਾ ਦਾ ਪ੍ਰਦਰਸ਼ਨ ਕੀਤਾ। ਪੁਜੀਸ਼ਨ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ ਅਤੇ ਨਗਦ ਇਨਾਮ ਭੇਟ ਕੀਤੇ ਗਏ ਅਤੇ ਸਰਟੀਫਿਕੇਟ ਦੇ ਕੇ ਬੱਚਿਆਂ ਦਾ ਹੌਸਲਾ ਫਜਾਈ ਕੀਤਾ ਗਿਆ। ਪਾਥਵੇਜ਼ ਗਲੋਬਲ ਸਕੂਲ ਦੁਆਰਾ ਬੱਚਿਆਂ ਵਿੱਚ ਧਾਰਮਿਕ ਸਿੱਖਿਆ ਦੇ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਹਰ ਸਾਲ ਇਸ ਤਰਹਾਂ ਦੇ ਮੁਕਾਬਲੇ ਕਰਵਾਏ ਜਾਂਦੇ ਹਨ। ਇਨਾ ਮੁਕਾਬਲਿਆਂ ਦੁਆਰਾ ਵਿਦਿਆਰਥੀਆਂ ਦਾ ਧਾਰਮਿਕ ਅਤੇ ਸਰਬਪੱਖੀ ਵਿਕਾਸ ਹੁੰਦਾ ਹੈ। ਪਾਥਵੇਜ਼ ਦੇ ਇਨਾਂ ਯਤਨਾ ਸਦਕਾ ਹੀ ਪਾਥਵੇਜ਼ ਲੋਕਾਂ ਦੀ ਪਹਿਲੀ ਪਸੰਦ ਬਣ ਕੇ ਸਾਹਮਣੇ ਆ ਰਿਹਾ ਹੈ। ਇਸ ਮੌਕੇ ਸਕੂਲ ਦੇ ਕਮੇਟੀ ਮੈਂਬਰ ਮਾਨਯੋਗ ਚੇਅਰਮੈਨ ਸੁਰਜੀਤ ਸਿੰਘ ਸਿੱਧੂ ਪ੍ਰਧਾਨ ਡਾ ਅਨਿਲਜੀਤ ਕੰਬੋਜ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ, ਚਾਹਤ ਕੰਬੋਜ, ਸਤਨਾਮ ਸਿੰਘ ਸੌਂਦ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲਰ , ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਅਤੇ ਮਾਨਯੋਗ ਪ੍ਰਿੰਸੀਪਲ ਡਾਕਟਰ ਅਰਵਿੰਦ ਕੁਮਾਰ ਸ਼ਰਮਾ, ਮਿਊਜਿਕ ਟੀਚਰ ਗੁਰਕਮਲ ਸਿੰਘ ਨੇ ਇਨਾ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਉਨਾਂ ਦਾ ਹੌਸਲਾ ਅਫਜਾਈ ਕੀਤਾ।

# ਡਰੀਮਲੈਂਡ ਸਕੂਲ ਦੀਆਂ ਅੱਠਵੀਂ ਜਮਾਤ ਦੀਆਂ ਤਿੰਨ ਵਿਦਿਆਰਥਣਾਂ ਪੰਜਾਬ ਮੈਰਿਟ ਸੂਚੀ ਵਿੱਚ : ਸ਼ਰਮਾ




**ਕੋਟਕਪੂਰਾ, 11 ਅਪ੍ਰੈਲ (ਟਿੰਕੂ ਕੁਮਾਰ)** ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਅੱਠਵੀਂ ਜਮਾਤ ਦੇ ਨਤੀਜੇ ਵਿੱਚ ਡਰੀਮਲੈਂਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੀਆਂ ਤਿੰਨ ਵਿਦਿਆਰਥਣਾਂ ਨੇ ਪੰਜਾਬ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਜੀ ਨੇ ਵਿਦਿਆਰਥਣਾਂ ਨੂੰ ਸਨਮਾਨਿਤ ਕਰਦੇ ਹੋਏ ਦੱਸਿਆ ਕਿ ਸਿਮਰਪ੍ਰੀਤ ਕੌਰ ਸਪੁੱਤਰੀ ਮਨਜੀਤ ਸਿੰਘ ਨੇ 586/600 (97.66 ਫੀਸਦੀ) ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 14ਵਾਂ ਸਥਾਨ, ਰਾਵੀਆ ਸਪੁੱਤਰੀ ਰਾਜਨ ਨੇ 585/600 (97.50 ਫੀਸਦੀ) ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 15ਵਾਂ ਸਥਾਨ ਅਤੇ ਸਿਮਰਨਜੀਤ ਕੌਰ ਸਪੁੱਤਰੀ ਉਡੀਕ ਸਿੰਘ ਨੇ 584/600 (97.33 ਫੀਸਦੀ) ਅੰਕ ਪ੍ਰਾਪਤ ਕਰਕੇ ਪੰਜਾਬ ਵਿੱਚੋਂ 16ਵਾਂ ਸਥਾਨ ਹਾਸਿਲ ਕਰਕੇ ਸੰਸਥਾ, ਜ਼ਿਲ੍ਹੇ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਮੈਡਮ ਨਵਪ੍ਰੀਤ ਸ਼ਰਮਾ ਨੇ ਕਿਹਾ ਕਿ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਨਾਲ ਸੰਸਥਾ, ਅਧਿਆਪਕਾਂ, ਮਾਪਿਆਂ ਅਤੇ ਇਲਾਕੇ ਦਾ ਨਾਮ ਰੋਸ਼ਨ ਹੋਇਆ ਹੈ ਅਤੇ ਉਨ੍ਹਾਂ ਨੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਪ੍ਰਾਪਤੀ 'ਤੇ ਡੀ.ਈ.ਓ (ਐਸਿੱ) ਸ੍ਰੀਮਤੀ ਅੰਜਨਾ ਕੌਸ਼ਲ, ਜ਼ਿਲ੍ਹਾ ਖੇਤਰੀ ਡਿਪੂ ਪੰਜਾਬ ਸਕੂਲ ਸਿੱਖਿਆ ਬੋਰਡ ਫਰੀਦਕੋਟ ਦੇ ਮੈਨੇਜਰ ਸ੍ਰੀਮਤੀ ਮਨਦੀਪ ਕੌਰ ਅਤੇ ਡਿਪਟੀ ਮੈਨੇਜਰ ਬਲਰਾਜ ਸਿੰਘ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਸੰਸਥਾ, ਮਾਪਿਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਪ੍ਰਾਪਤੀ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ। ਇਸ ਮੌਕੇ ਮੈਡਮਰਾਜਵਿੰਦਰ ਕੌਰ, ਪ੍ਰਦੀਪ ਕੁਮਾਰ, ਜਸਪ੍ਰੀਤ ਕੌਰ, ਜੋਤੀ ਕਟਾਰੀਆ, ਪੂਜਾ ਰਾਣੀ, ਅੰਕਿਤ ਸਮੇਤ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦੀ ਯਾਦ 'ਚ ਕਰਵਾਇਆ ਕਬੱਡੀ ਕੱਪ







**ਅੰਮ੍ਰਿਤਸਰ, 11 ਅਪ੍ਰੈਲ (ਸੋਨੂ ਨਰੂਲਾ)** ਕੈਨੇਡਾ ਦੀ ਧਰਤੀ ਤੇ ਆਪਣੀ ਜਾਨ ਵਾਰਨ ਵਾਲੇ ਸ਼ਹੀਦ ਭਾਈ ਮੇਵਾ ਸਿੰਘ ਲੋਪੋਕੇ ਦੀ ਯਾਦ ਵਿੱਚ ਪਹਿਲਾ ਕਬੱਡੀ ਕੱਪ 11 ਅਪ੍ਰੈਲ ਸ਼ਹੀਦ ਭਾਈ ਮੇਵਾ ਸਿੰਘ ਸਟੇਡੀਅਮ ਲੋਪੋਕੇ ਵਿਖੇ ਹਲਕਾ ਇੰਚਾਰਜ ਮੈਡਮ ਸੋਨੀਆ ਮਾਨ ਦੀ ਅਗਵਾਈ ਹੇਠ ਬੜੇ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸੂਬੇ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਮੰਤਰੀ ਪੰਜਾਬ ਹਰਭਜਨ ਸਿੰਘ ਈਟੀਓ, ਆਮ ਆਦਮੀ ਪਾਰਟੀ ਦੇ ਬੁਲਾਰੇ ਕੁਲਦੀਪ ਸਿੰਘ ਧਾਲੀਵਾਲ ਨੇ ਪਹੁੰਚ ਕੇਕਬੱਡੀ ਕੱਪ ਦਾ ਉਦਘਾਟਨ ਕੀਤਾ। ਇਸ ਮੌਕੇ ਇੰਟਰਨੈਸ਼ਨਲ ਕਬੱਡੀ ਦੀ ਟੀਮਾਂ ਅਨੰਦਪੁਰ ਸਾਹਿਬ ਕਬੱਡੀ ਕਲੱਬ, ਬੀੜ ਸਾਹਿਬ ਕਬੱਡੀ ਕਪੂਰਥਲਾ, ਪੰਜਾਬ ਲਾਈਨ ਕਬੱਡੀ ਕਲੱਬ, ਮਾਝਾ ਕਬੱਡੀ ਕਲੱਬ, ਮਾਲਵਾ ਕਬੱਡੀ ਕਲੱਬ, ਸੱਕਰਪੁਰ ਕਬੱਡੀ ਕਲੱਬ ਟੀਮਾਂ ਦੇ ਮੁਕਾਊ। ਜੇਤੂ ਟੀਮਾਂ ਨੂੰ ਕਬੱਡੀ ਕੱਪ, ਟਰੋਫੀਆਂ ਲੱਖਾਂ ਦੀ ਨਗਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਵਿੱਤ ਮੰਤਰੀ ਚੀਮਾ, ਈਟੀਓ ਹਰਭਜਨ ਸਿੰਘ, ਕੁਲਦੀਪ ਸਿੰਘ ਧਾਲੀਵਾਲ, ਈਟੀਓ ਹਰਭਜਨ ਸਿੰਘ ਨੇ ਅਜ਼ਾਦੀ ਘੁਲਾਟੀਆ ਸ਼ਹੀਦ ਮੇਵਾ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਵਿੱਤ ਮੰਤਰੀ ਚੀਮਾ ਨੇ ਪਿੰਡ ਦੇ ਵਿਕਾਸ ਲਈ 20 ਲੱਖ ਰੁਪਏ ਗਰਾਂਟ ਦੇਣ ਦਾ ਐਲਾਨ ਕੀਤਾ। ਨੌਜਵਾਨਾਂ ਨੂੰ ਖੇਡ ਕਿੱਟਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਰਾਜ ਸਰਕਾਰ ਵੱਲੋਂ 6000 ਖੇਡ ਸਟੇਡੀਅਮ ਹੋਰ ਬਣਾਏ ਜਾਣਗੇ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਪੰਜਾਬ ਦੇ ਨੌਜਵਾਨ ਇੱਕ ਵਾਰ ਫਿਰ ਕੌਮੀ ਤੇ ਕੌਮਾਂਤਰੀ ਪੱਧਰ ਤੇ ਆਪਣਾ ਅਤੇ ਆਪਣੇ ਦੇਸ਼ ਦਾ ਨਾਮ ਰੋਸ਼ਨ ਕਰਨਗੇ। ਪੰਜਾਬ ਸਰਕਾਰ ਵੱਲੋਂ ਆਪਣੇ ਬਜਟ ਵਿੱਚ ਖੇਡਾਂ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਬਜਟ ਰੱਖਿਆ ਗਿਆ ਹੈ। ਵਿਧਾਨ ਸਭਾ ਹਲਕਾ ਰਾਜਾ ਸਾਂਸੀ ਨੂੰ ਵਿਕਾਸ ਕਾਰਜਾਂ ਲਈ 50 ਕਰੋੜ ਰੁਪਏ ਦਿੱਤੇ ਜਾਣਗੇ। ਸ਼ਾਮ ਨੂੰ ਪੰਜਾਬ ਦੇ ਪ੍ਰਸਿੱਧ ਗਾਇਕ ਮਨਕੀਰਤ ਔਲਖ ਤੇ ਰੂਪ ਭੁੱਲਰ ਨੇ ਆਏ ਹੋਏ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ।ਇਸ ਮੌਕੇ ਜਲੰਧਰ ਦੂਰਦਰਸ਼ਨ ਦੇ ਸਾਬਕਾ ਡਾਇਰੈਕਟਰ ਹਰਜਿੰਦਰ ਸਿੰਘ ਰੰਧਾਵਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਨਿਹਾਲ ਸਿੰਘ, ਚੇਅਰਮੈਨ ਲਖਵਿੰਦਰ ਸਿੰਘ ਲੱਖਾ, ਬੀ.ਡੀ.ਓ. ਸ਼ਮਸ਼ੇਰ ਸਿੰਘ, ਵੀ.ਡੀ.ਓ. ਭੁਪਿੰਦਰ ਸਿੰਘ, ਹਰਵਿੰਦਰ ਸਿੰਘ ਸੈਕਟਰੀ ਬਲਾਕ ਚੋਗਾਵਾਂ, ਦਸ਼ਮੇਸ਼ ਧਰਨਾ ਦਲ ਤੋਂ ਜਥੇਦਾਰ ਬਾਬਾ ਮਾਨ ਸਿੰਘ , ਸੁਖਦੀਪ ਸਿੰਘ ਛੀਨਾ, ਜੋਬਨ ਝੰਜੋਟੀ, ਸਾਬਕਾ ਸਰਪੰਚ ਅਮਰਦੀਪ ਸਿੰਘ, ਸਰਪੰਚ ਜਗਬੀਰ ਸਿੰਘ ਤੱਲੇ ਸਰਪੰਚ ਨਿਸ਼ਾਨ ਸਿੰਘ ਕੋਟਲਾ ਡੂਮ ਸਰਪੰਚ ਮੁਖਵਿੰਦਰ ਸਿੰਘ ਜੌਹਲ ਸਰਪੰਚ ਝਿਰਮਲ ਸਿੰਘ ਪੱਧਰੀ ਬਾਜ ਸਿੰਘ ਕੋਟਲਾ ਆਲਮ, ਸੁੱਖ ਲੋਪੋਕੇ, ਸਰਪੰਚ ਗੁਰਬੇਜ ਸਿੰਘ ਸ਼ਾਹ, ਮੇਜਰ ਸਿੰਘ ਭਿੰਡਰ, ਸ਼ਮਸ਼ੇਰ ਸਿੰਘ ਸ਼ਾਹ, ਬਲਜੀਤ ਸਿੰਘ ਸੈਦਪੁਰ, ਜਪਿੰਦਰ ਸਿੰਘ ਟਪਿਆਲਾ, ਬਲਾਕ ਪ੍ਰਧਾਨ ਅਮਰਜੀਤ ਸਿੰਘ ਸ਼ਹੂਰਾ, ਸਰਪੰਚ ਅਵਤਾਰ ਸਿੰਘ ਲਾਲੀ ਸਾਰੰਗੜਾ, ਬਲਾਕ ਪ੍ਰਧਾਨ ਦਵਿੰਦਰ ਸਿੰਘ ਭੁੱਲਰ, ਗੁਰਜੀਤ ਸਿੰਘ, ਵਾਈਸ ਪ੍ਰਧਾਨ ਰਾਮ ਸਿੰਘ ਚੋਗਾਵਾਂ, ਸਰਪੰਚ ਜਸਪਾਲ ਸਿੰਘ ਭੀਲੋਵਾਲ ਕੱਚਾ, ਬਲਾਕ ਪ੍ਰਧਾਨ ਤਰਸੇਮ ਸਿੰਘ ਛੰਨ ਕੋਹਾਲੀ, ਸਰਪੰਚ ਦਰਬਾਰਾ ਸਿੰਘ ਛੰਨ ਕੱਲੇਵਾਲ, ਪਰਮਜੀਤ ਸਿੰਘ, ਹਰਪ੍ਰੀਤ ਸਿੰਘ ਹੈਪੀ, ਜਰਮਨਜੀਤ ਸਿੰਘ ਕਾਵੇ, ਰਾਜਬੀਰ ਸਿੰਘ ਨਿਰਮਲ, ਮਿੰਟਾਂ, ਪੰਜਾਬ ਭੁੱਲਰ, ਸਰਪੰਚ ਹਰਵਿੰਦਰ ਸਿੰਘ ਕੋਹਾਲਾ, ਰਵੀਸ਼ੇਰ ਸਿੰਘ ਪ੍ਰੀਤ ਨਗਰ, ਗੁਰਪਾਲ ਸਿੰਘ ਸਰਪੰਚ ਮੱਲੂ ਨੰਗਲ, ਸਰਪੰਚ ਗੌਤਮ ਮਹਿਤਾ ਭੀਲੋਵਾਲ, ਸੋਨੀ, ਸਰਪੰਚ ਜਤਿੰਦਰ ਸਿੰਘ, ਸਰਪੰਚ ਜਵਾਲਾ ਸਿੰਘ ਆਦਿ ਹਾਜ਼ਰ ਸਨ।

# ਇਟਲੀ ਦੇ ਸਿੱਖ ਆਗੂ ਭਾਈ ਸੁਖਦੇਵ ਸਿੰਘ ਨੂੰ ਸਦਮਾ, ਮਾਤਾ ਦਲਬੀਰ ਕੌਰ ਦਾ ਦੇਹਾਂਤ

**ਮਿਲਾਨ (ਦਲਜੀਤ ਮੱਕੜ)** ਇਟਲੀ ਦੇ ਸਿੱਖ ਆਗੂ ਅਤੇ ਗੁਰਦੁਆਰਾ ਸ਼੍ਰੀ ਗੁਰੂ ਨਾਨਕ ਦਰਬਾਰ ਰੋਵਾਤੋ (ਬਰੇਸ਼ੀਆਂ) ਦੇ ਸੇਵਾਦਾਰ ਭਾਈ ਸੁਖਦੇਵ ਸਿੰਘ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ। ਜਦੋਂ ਉਹਨਾਂ ਦੇ ਮਾਤਾ ਜੀ ਦਲਬੀਰ ਕੌਰ ਦਾ ਦੇਹਾਂਤ ਹੋ ਗਿਆ। ਮਾਤਾ ਜੀ 76 ਵਰਿਆ ਦੇ ਸਨ। ਮਾਤਾ ਜੀ ਪਿਛਲੇ ਕਈ ਦਿਨਾਂ ਤੋਂ ਬੀਮਾਰ ਚੱਲ ਰਹੇ ਸਨ। ਮਾਤਾ ਦਲਬੀਰ ਕੌਰ ਜੀ ਪਿਛਲੇ ਕਈ ਵਰਿਆਂ ਤੋਂ ਆਪਣੇ ਪਰਿਵਾਰ ਨਾਲ ਇਟਲੀ ਦੇ ਜਿਲਾ ਬਰੇਸ਼ੀਆ ਵਿਖੇ ਰਹਿੰਦੇ ਸਨ। ਮਾਤਾ ਦਲਬੀਰ ਕੌਰ ਦਾ ਅੰਤਿਮ ਸੰਸਕਾਰ ਇਟਲੀ ਦੇ ਸ਼ਹਿਰ ਬਰੇਸ਼ੀਆ ਦੀ ਚੀਮੀਤੇਰੋ ਵਿਖੇ ਮਿਤੀ 13 ਅਪ੍ਰੈਲ ਦਿਨ ਸੋਮਵਾਰ ਨੂੰ ਹੋਵੇਗਾ।ਉਹਨਾਂ ਦੇ ਦੇਂਹਾਂਤ ਤੇ ਇਟਲੀ ਦੀਆਂ ਵੱਖ ਵੱਖ ਸਿੱਖ ਜੱਥੇਬੰਦੀਆਂ ਅਤੇ ਵੱਖ ਵੱਖ ਗੁਰਦੁਆਰਾ ਸਾਹਿਬ ਦੀਆ ਪ੍ਰਬੰਧਕ ਕਮੇਟੀਆਂ, ਸਮਾਜਿਕ ਸੰਸਥਾਂਵਾਂ ਦੁਆਰਾ ਤੇ ਭਾਈ ਸੁਖਦੇਵ ਸਿੰਘ ਅਤੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।



# ਪੰਜਾਬ ਪਬਲਿਕ ਸਕੂਲ ਨਾਭਾ ਦੇ ਘੋੜਸਵਾਰਾਂ ਦਾ ਦਿੱਲੀ ਘੋੜਸਵਾਰੀ ਸ਼ੋਅ ਵਿੱਚ ਸ਼ਾਨਦਾਰ ਪ੍ਰਦਰਸ਼ਨ






**ਨਾਭਾ 11 ਅਪ੍ਰੈਲ (ਅਮਨ ਗਰਗ)** 25 ਮਾਰਚ ਤੋਂ 5 ਅਪ੍ਰੈਲ, 2026 ਤੱਕ ਮਾਣਯੋਗ 61 ਕੈਵਲਰੀ ਦੇ ਅਧੀਨ ਆਰਮੀ ਪੋਲੋ ਅਤੇ ਰਾਈਡਿੰਗ ਕਲੱਬ ਵਿਖੇ ਦਿੱਲੀ ਘੋੜਸਵਾਰ ਸ਼ੋਅ ਆਯੋਜਿਤ ਕੀਤਾ ਗਿਆ । ਇਸ ਵਿੱਚ ਦੇਸ਼ ਭਰ ਦੇ ਨਾਮਵਰ ਸਕੂਲਾਂ ਦੀਆਂ 25 ਟੀਮਾਂ ਵਿਚਕਾਰ ਜੋਸ਼ੀਲਾ ਮੁਕਾਬਲਾ ਦੇਖਣ ਨੂੰ ਮਿਲਿਆ। ਪੰਜਾਬ ਪਬਲਿਕ ਸਕੂਲ, ਨਾਭਾ ਦੇ 19 ਹੁਨਰਮੰਦ ਘੋੜਸਵਾਰਾਂ ਦੀ ਟੀਮ ਨੇ ਮਿਸਾਲੀ ਵਚਨਬੱਧਤਾ ਅਤੇ ਪ੍ਰਤੀਯੋਗੀ ਭਾਵਨਾ ਨਾਲ ਹਿੱਸਾ ਲਿਆ। ਪੀਪੀਐਸ ਨਾਭਾ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ , ਵੱਖ-ਵੱਖ ਘੋੜਸਵਾਰੀ ਮੁਕਾਬਲਿਆਂ ਵਿੱਚ ਪ੍ਰਭਾਵਸ਼ਾਲੀ 77 ਤਗਮੇ - (27 ਸੋਨ, 12 ਚਾਂਦੀ, 21 ਕਾਂਸੀ ਅਤੇ 17 ਤਾਂਬਾ) ਪ੍ਰਾਪਤ ਕੀਤੇ, ਜੋ ਚੈਂਪੀਅਨਸ਼ਿਪ ਵਿੱਚ ਕਿਸੇ ਸਕੂਲ ਵੱਲੋਂ ਕੀਤੇ ਸ਼ਾਨਦਾਰ ਪ੍ਰਦਰਸ਼ਨ ਵਿੱਚੋਂ ਇੱਕ ਹੈ। ਹੈਡਮਾਸਟਰ ਡਾ. ਡੀਸੀ ਸ਼ਰਮਾ ਨੇ ਘੋੜਸਵਾਰ ਟੀਮ ਨੂੰ ਵਧਾਈ ਦਿੱਤੀ ਅਤੇ ਰਾਈਡਿੰਗ ਕੋਚ ਸ਼੍ਰੀ ਰਗਵਿੰਦਰ ਸਿੰਘ ਦੀ ਉਨ੍ਹਾਂ ਦੇ ਸ਼ਾਨਦਾਰ ਯਤਨਾਂ ਲਈ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਦੁਆਰਾ ਦਿਖਾਈ ਗਈ ਸ਼ਾਨਦਾਰ ਕਾਰਗੁਜ਼ਾਰੀ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਇਹ ਵਿਸ਼ਵਾਸ ਪ੍ਰਗਟ ਕੀਤਾ ਕਿ ਆਉਣ ਵਾਲੇ ਸਾਲਾਂ ਵਿੱਚ ਵੀ ਵਿਦਿਆਰਥੀ ਆਪਣੇ ਇਸ ਬੇਮਿਸਾਲ ਪ੍ਰਦਰਸ਼ਨ ਨੂੰ ਬਰਕਰਾਰ ਰੱਖਣਗੇ।

# ਕਿਸਾਨ ਸੁੱਕੀ ਕਣਕ ਹੀ ਮੰਡੀ ਵਿੱਚ ਲਿਆਉਣ ਤਾਂ ਕਿ ਉਹਨਾਂ ਨੂੰ ਮੰਡੀਆਂ ਵੇਚਣ ਵਿੱਚ ਕਿਸੇ ਤਰ੍ਹਾਂ ਦੀ ਕੋਈ ਪਰੇਸ਼ਾਨੀ ਨਾ ਹੋਵੇ- ਮਾਰਕੀਟ ਕਮੇਟੀ ਤਪਾ



**ਤਪਾ ਮੰਡੀ, 11 ਅਪ੍ਰੈਲ(ਬੰਟੀ ਦੀਕਸ਼ਿਤ, ਮੇਸੀ ਤਪਾ):** ਮਾਰਕਿਟ ਕਮੇਟੀ ਤਪਾ ਦੀਆ ਅਨਾਜ ਮੰਡੀ ਤੇ ਪੇਡੂ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋ ਗਈ ਹੈ ਮੰਡੀਆਂ ਕਣਕ ਨਾਲ ਭਰਨ ਲੱਗ ਪਈਆਂ ਹਨ। ਕਿਸਾਨ ਹੁਣ ਅਨਾਜ ਮੰਡੀਆਂ ਵਿੱਚ ਪਹੁੰਚਣ ਲੱਗ ਪਏ ਹਨ।ਤ ਪਾ ਤੇ ਪੇਂਡੂ ਮੰਡੀਆ ਦੇ ਆਸ-ਪਾਸ ਦੀਆਂ ਸ਼ਾਖਾਵਾਂ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਆਉਣੀ ਸ਼ੁਰੂ ਹੋ ਗਈ ਹੈ। ਹਾਲਾਂਕਿ ਕਣਕ ਵਿੱਚ ਨਮੀ ਹੋਣ ਕਾਰਨ, ਸਰਕਾਰੀ ਖਰੀਦ ਅਜੇ ਸ਼ੁਰੂ ਨਹੀਂ ਹੋਈ ਹੈ ਮੀਂਹ ਕਾਰਨ ਕਿਸਾਨਾਂ ਦੀ ਕਣਕ ਦੀ ਫ਼ਸਲ ਨੂੰ ਹੋਏ ਨੁਕਸਾਨ ਕਾਰਨ ਕਿਸਾਨਾਂ ਦੇ ਚਿਹਰੇ ਉਦਾਸ ਦਿਖਾਈ ਦੇ ਰਹੇ ਹਨ, ਪਰ ਮੰਡੀ ਵਿੱਚ ਬੈਠੇ ਕਿਸਾਨ ਉਮੀਦ ਕਰ ਰਹੇ ਹਨ ਕਿ ਸਰਕਾਰ ਜਲਦੀ ਹੀ ਖਰੀਦ ਸ਼ੁਰੂ ਕਰੇਗੀ, ਕਿਉਂਕਿ ਮੰਡੀਆਂ ਵਿੱਚ ਕਣਕ ਦੀ ਰਾਖੀ ਕਰਨਾ ਵੀ ਇੱਕ ਸਮੱਸਿਆ ਬਣਦਾ ਜਾ ਰਿਹਾ ਹੈ।ਇੱਥੇ ਕਣਕ ਦੀ ਖਰੀਦ ਲਈ ਕੁੱਲ ਖਰੀਦ ਕੇਂਦਰ ਅਤੇ ਯਾਰਡ ਸਥਾਪਤ ਕੀਤੇ ਗਏ ਹਨ, ਪਿਛਲੇ ਤਿੰਨ ਦਿਨਾਂ ਤੋਂ ਕਿਸਾਨ ਮੰਡੀਆਂ ਵਿੱਚ ਖਰੀਦ ਏਜੰਸੀਆਂ ਦੀ ਉਡੀਕ ਕਰਦੇ ਦੇਖੇ ਜਾ ਰਹੇ ਹਨ। ਕਿਸਾਨ ਅਨਾਜ ਮੰਡੀ ਵਿੱਚ ਕਣਕ ਲੈ ਕੇ ਆਏ ਸਨ ਕਿਸਾਨਾਂ ਨੇ ਦੱਸਿਆ ਕਿ ਸਮੇਂ ਸਿਰ ਬਿਜਾਈ ਕਾਰਨ, ਮਾਰਚ ਦੇ ਆਖਰੀ ਹਫ਼ਤੇ ਕਣਕ ਦੀ ਫਸਲ ਵਾਢੀ ਲਈ ਤਿਆਰ ਸੀ।ਹਾਲਾਂਕਿ ਬੇਮੌਸਮੀ ਬਾਰਿਸ਼ ਨੇ ਫਸਲ ਨੂੰ ਨੁਕਸਾਨ ਪਹੁੰਚਾਇਆ, ਜਿਸ ਨਾਲ ਕਣਕ ਜਮੀਨ ਤੇ ਵਿਛ ਗਈ , ਜਿਸ ਕਾਰਨ ਦੋ ਤੋਂ ਤਿੰਨ ਕੁਇੰਟਲ ਦਾ ਨੁਕਸਾਨ ਹੋਣ ਦਾ ਖ਼ਤਰਾ ਹੈ।ਇਸ ਨਾਲ ਮੁਸ਼ਕਲਾਂ ਵਧ ਗਈਆਂ ਅਤੇ ਪਿਛਲੇ ਦੋ ਦਿਨਾਂ ਤੋਂ, ਉਨ੍ਹਾਂ ਨੂੰ ਸ਼ੈੱਡਾਂ ਹੇਠ ਰਾਤ ਬਿਤਾਉਣ ਲਈ ਮਜਬੂਰ ਹੋਣਾ ਪਿਆ ਹੈ।ਸਰਕਾਰੀ ਖਰੀਦ ਸ਼ੁਰੂ ਨਹੀਂ ਹੋਈ। ਪਿੰਡ ਜੈਮਲ ਸਿੰਘ ਦੇ ਕਿਸਾਨ ਬਲਜੀਤ ਸਿੰਘ, ਕਿਸਾਨ ਬਲਵੀਰ ਸਿੰਘ ਨੇ ਕਿਹਾ ਕਿ ਇਸ ਵਾਰ ਹਵਾ ਵਿੱਚ ਨਮੀ ਕਾਰਨ ਵਾਢੀ ਵਿੱਚ ਦੇਰੀ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਮਾਰਚ ਦੇ ਆਖਰੀ ਹਫ਼ਤੇ ਅਤੇ ਅਪ੍ਰੈਲ ਦੇ ਪਹਿਲੇ ਹਫ਼ਤੇ ਮੀਂਹ ਅਤੇ ਤੇਜ਼ ਹਵਾਵਾਂ ਕਾਰਨ ਕੁਝ ਫ਼ਸਲਾਂ ਡਿੱਗ ਗਈਆਂ ਸਨ, ਜਿਸ ਕਾਰਨ ਕਣਕ ਦੀ ਵਾਢੀ ਵਿੱਚ ਦੇਰੀ ਹੋਈ ਸੀ। ਮਾਰਕਿਟ ਕਮੇਟੀ ਤਪਾ ਦੇ ਅਧੀਨ ਖਰੀਦ ਕੇਂਦਰਾਂ ਅੰਦਰ ਖਰੀਦ ਅਜੇ ਸ਼ੁਰੂ ਨਹੀਂ ਹੋਈ ਹੈ ਕਿਉਂਕਿ ਕਣਕ ਦੀ ਨਮੀ 18 ਤੋਂ 20% ਹੈ, ਜਦੋਂ ਕਿ ਸਰਕਾਰ ਵੱਲੋਂ ਨਮੀ ਦੀ ਮਾਤਰਾ12% ਹੈ।ਉਨ੍ਹਾਂ ਕਿਸਾਨਾਂ ਨੂੰ ਮੰਡੀ ਵਿੱਚ ਸਿਰਫ਼ ਸੁੱਕੀ ਕਣਕ ਹੀ ਲਿਆਉਣ ਦੀ ਅਪੀਲ ਕੀਤਾ ਆੜਤੀਏ ਨੇ ਕਿਸਾਨਾਂ ਨੂੰ ਕਿਸੇ ਵੀ ਸਮੱਸਿਆ ਤੋਂ ਬਚਣ ਅਤੇ ਸਮੇਂ ਸਿਰ ਸਰਕਾਰੀ ਖਰੀਦ ਨੂੰ ਯਕੀਨੀ ਬਣਾਉਣ ਲਈ ਸਿਰਫ਼ ਸੁੱਕੀ ਕਣਕ ਹੀ ਮੰਡੀ ਵਿੱਚ ਲਿਆਉਣ ਦੀ ਅਪੀਲ ਕਰ ਰਹੇ ਹਨ।ਮਾਰਕਿਟ ਕਮੇਟੀ ਮੰਡੀ ਸੁਪਰਵਾਈਜ਼ਰ ਨੇ ਦੱਸਿਆ ਕਿ ਉਹਨਾਂ ਵੱਲੋਂ ਮੰਡੀ ਵਿੱਚ ਪਈ ਕਣਕ ਦਾ ਮਾਊਚਰ ਚੈੱਕ ਕੀਤਾ ਗਿਆ ਜਦ ਕਿ ਕੋਈ ਵੀ ਢੇਰੀ ਸੁੱਕੀ ਨਹੀਂ ਪਾਈ ਗਈ ਉਹਨਾਂ ਇਹ ਵੀ ਦੱਸਿਆ ਕਿ ਮਾਰਕੀਟ ਕਮੇਟੀ ਵੱਲੋਂ ਅੱਜ ਇੱਕ ਟਰਾਲੀ ਕਣਕ ਦੀ ਗਿਲੀ ਹੋਣ ਕਰਕੇ ਵਾਪਸ ਵੀ ਖਰੀਦ ਨਹੀ ਗਈ ਹੈ।